ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸੋਮਵਾਰ, 21 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੯ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੁਲਸ ਹਿਰਾਸਤ 'ਚ ਨੌਜਵਾਨ ਦੀ ਸ਼ੱਕੀ ਹਾਲਤ 'ਚ ਹੋਈ ਮੌਤ, ਪਰਿਵਾਰ ਨੇ ਲਾਏ ਗੰਭੀਰ ਇਲਜ਼ਾਮ

**ਰੂਪਨਗਰ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਥਾਣਾ ਸਿਟੀ ਰੂਪਨਗਰ ਵਿਚ ਇਕ ਨੌਜਵਾਨ ਦੀ ਸ਼ੱਕੀ ਹਾਲਾਤਾਂ ਵਿਚ ਮੌਤ ਹੋ ਗਈ, ਜਿਸ ਤੋਂ ਬਾਅਦ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੇ ਥਾਣੇ ਵਿਚ ਪੁਲਸ ਖ਼ਿਲਾਫ਼ ਪ੍ਰਦਰਸ਼ਨ ਕੀਤਾ ਅਤੇ ਪੁਲਸ ਦੀ ਗੱਡੀ ਦੀ ਭੰਨਤੋੜ ਵੀ ਕੀਤੀ। ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਅਨੁਸਾਰ ਪ੍ਰਿੰਸ ਬਹਾਦਰ (25 ਸਾਲ) ਨੂੰ ਪੁਲਸ ਨੇ 16 ਅਪ੍ਰੈਲ ਨੂੰ ਕਿਸੇ ਮਾਮਲੇ ਵਿਚ ਪੁੱਛਗਿੱਛ ਲਈ ਸਰਕਾਰੀ ਹਸਪਤਾਲ ਤੋਂ ਹਿਰਾਸਤ ਵਿਚ ਲਿਆ ਸੀ, ਜਿਸ ਤੋਂ ਬਾਅਦ ਐਤਵਾਰ ਸਵੇਰੇ ਪ੍ਰਿੰਸ ਦੀ ਮੌਤ ਦੀ ਜਾਣਕਾਰੀ ਮਿਲੀ। ਇਸ ਘਟਨਾ ਦੀ ਨਿਆਇਕ ਜਾਂਚ ਵੀ ਕੀਤੀ ਜਾ ਰਹੀ ਹੈ। ਮ੍ਰਿਤਕ ਪ੍ਰਿੰਸ ਵਿਆਹਿਆ ਹੋਇਆ ਸੀ ਅਤੇ ਉਸ ਦਾ ਪੰਜ ਸਾਲ ਦਾ ਇਕ ਲੜਕਾ ਹੈ। ਮ੍ਰਿਤਕ ਦੇ ਪਰਿਵਾਰਕ ਮੈਂਬਰ ਇਸ ਮੌਤ ਨੂੰ ਲੈ ਕੇ ਪੁਲਸ 'ਤੇ ਸਵਾਲ ਚੁੱਕ ਰਹੇ ਹਨ। ਮੌਕੇ 'ਤੇ ਪਹੁੰਚੇ ਐੱਸ. ਐੱਸ. ਪੀ. ਰੋਪੜ ਗੁਲਨੀਤ ਸਿੰਘ ਖੁਰਾਣਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮ੍ਰਿਤਕ ਪ੍ਰਿੰਸ ਉੱਤੇ ਪਹਿਲਾਂ ਵੀ ਕਈ ਮਾਮਲੇ ਦਰਜ ਸਨ। ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਇਸ 'ਤੇ ਨਸ਼ਾ ਤਸਕਰੀ ਦਾ ਮਾਮਲਾ ਦਰਜ ਕੀਤਾ ਗਿਆ ਸੀ ਅਤੇ ਇਸੇ ਤਰ੍ਹਾਂ ਪ੍ਰਿੰਸ ਉੱਤੇ ਡਰੱਗ ਪੈਡਲਿੰਗ ਅਤੇ ਚੋਰੀ ਦੇ ਮੁਕੱਦਮੇ ਵੀ ਦਰਜ ਹਨ। ਹੁਣ ਇਸ ਨੂੰ 16 ਅਪ੍ਰੈਲ ਨੂੰ ਕਿਸੇ ਮਾਮਲੇ ਵਿਚ ਪੁਲਸ ਫੜ ਕੇ ਲੈ ਕੇ ਆਈ ਸੀ ਅਤੇ ਇਹ ਦੋ ਦਿਨਾਂ ਦੇ ਪੁਲਸ ਰਿਮਾਂਡ 'ਤੇ ਸੀ। ਐੱਸ. ਐੱਸ. ਪੀ. ਨੇ ਦੱਸਿਆ ਕਿ ਇਹ ਘਟਨਾ ਸਾਢੇ 3 ਵਜੇ ਦੇ ਕਰੀਬ ਦੀ ਹੈ ਜਦੋਂ ਇਸ ਨੇ ਕੰਬਲ ਨੂੰ ਫਾੜ ਕੇ ਇਕ ਛੋਟੀ ਜਿਹੀ ਰੱਸੀ ਬਣਾਈ ਅਤੇ ਲਾਕਅਪ ਦੀ ਗਰਿੱਲ ਦੇ ਨਾਲ ਫਾਹਾ ਲਗਾ ਲਿਆ ਅਤੇ ਉਸ ਦੀ ਮੌਤ ਹੋ ਗਈ। ਜਦੋਂ ਪਰਿਵਾਰ ਨੂੰ ਇਸ ਗੱਲ ਦਾ ਪਤਾ ਲੱਗਾ ਤਾਂ ਪਰਿਵਾਰ ਵੱਲੋਂ ਥਾਣੇ ਵਿਚ ਜਾ ਕੇ ਹੰਗਾਮਾ ਕੀਤਾ ਗਿਆ ਅਤੇ ਪੁਲਸ ਦੀ ਗੱਡੀ ਦੇ ਸ਼ੀਸ਼ੇ ਭੰਨ ਦਿੱਤੇ ਗਏ। ਪਰਿਵਾਰਕ ਮੈਂਬਰਾਂ ਵੱਲੋਂ ਪੁਲਸ 'ਤੇ ਉਸ ਨਾਲ ਤਸ਼ੱਦਦ ਕਰਨ ਦੇ ਦੋਸ਼ ਲਗਾਏ ਗਏ ਹਨ।

## ਅੰਮ੍ਰਿਤਪਾਲ ਸਿੰਘ ਨੂੰ ਬਾਹਰ ਆਉਣ ਤੋਂ ਰੋਕਣ ਲਈ ਸਰਕਾਰ ਦਾ ਨਵਾਂ ਪੈਂਤੜਾ !

# ਸਾਹਮਣੇ ਆਈ ਉਹ ਚਿੱਠੀ ਜਿਸ ਦੀ ਸ਼ਿਫਾਰਿਸ਼ 'ਤੇ ਵਧਾਇਆ ਗਿਆ ਐਨ. ਐਸ. ਏ.

**ਚੰਡੀਗੜ੍ਹ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਖਾਲਿਸਤਾਨ ਸਮਰਥਕ ਅਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਪਿਛਲੇ ਦੋ ਸਾਲਾਂ ਤੋਂ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹੈ। ਦੋ ਸਾਲ ਪੂਰੇ ਹੋਣ ਤੋਂ ਬਾਅਦ, ਪੰਜਾਬ ਪੁਲਿਸ ਦੀ ਟੀਮ ਨੇ ਉਸਨੂੰ ਪੰਜਾਬ ਲਿਆਉਣ ਦੀਆਂ ਤਿਆਰੀਆਂ ਵੀ ਕੀਤੀਆਂ ਸਨ। ਹਾਲਾਂਕਿ, ਪੰਜਾਬ



ਸਰਕਾਰ ਨੇ ਆਖਰੀ ਸਮੇਂ 'ਤੇ ਉਸਨੂੰ ਵੱਡਾ ਝਟਕਾ ਦਿੱਤਾ ਹੈ। ਪੰਜਾਬ ਪੁਲਿਸ ਦੀ ਟੀਮ ਨੇ ਅੰਮ੍ਰਿਤਪਾਲ ਨੂੰ ਪੰਜਾਬ ਲਿਆਉਣ ਦੀਆਂ ਤਿਆਰੀਆਂ ਕੀਤੀਆਂ ਸਨ, ਜਦੋਂ ਕੇਂਦਰੀ ਅਤੇ ਰਾਜ ਸੁਰੱਖਿਆ ਏਜੰਸੀਆਂ ਨੇ ਵਿਚਾਰ-ਵਟਾਂਦਰਾ ਕੀਤਾ ਅਤੇ NSA ਅਧੀਨ ਉਸਦੀ ਨਜ਼ਰਬੰਦੀ ਨੂੰ ਇੱਕ ਸਾਲ ਲਈ ਵਧਾਉਣ ਦਾ ਫੈਸਲਾ ਕੀਤਾ। ਜ਼ਿਕਰ ਕਰ ਦਈਏ ਕਿ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ 'ਤੇ ਲੱਗੇ ਕੌਮੀ ਸੁਰੱਖਿਆ ਐਕਟ (NSA) ਦੀ ਮਿਆਦ ਇੱਕ ਸਾਲ ਲਈ ਵਧਾ ਦਿੱਤੀ ਗਈ ਹੈ। ਵਾਧੇ ਵਾਲੇ ਪੱਤਰ ਦੀ ਕਾਪੀ 18 ਅਪਰੈਲ ਨੂੰ ਅੰਮ੍ਰਿਤਪਾਲ ਸਿੰਘ ਨੂੰ ਸੌਂਪ ਦਿੱਤੀ ਗਈ ਹੈ ਅਤੇ ਇਹ ਪੱਤਰ ਅੱਜ ਜਨਤਕ ਹੋਇਆ ਹੈ। ਅੰਮ੍ਰਿਤਸਰ ਦੀ ਡੀਸੀ ਸਾਕਸ਼ੀ ਸਾਹਨੀ ਨੇ ਇਸ ਵਾਧੇ ਲਈ ਸੁਰੱਖਿਆ ਕਾਰਨਾਂ ਦਾ ਹਵਾਲਾ ਦਿੱਤਾ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਉਹ ਸੂਬੇ ਦੀ ਸੁਰੱਖਿਆ ਤੇ ਕਾਨੂੰਨ ਵਿਵਸਥਾ ਲਈ ਖ਼ਤਰਾ ਪੈਦਾ ਕਰ ਸਕਦਾ ਹੈ ਇਸ ਲਈ ਉੱਤੇ ਉੱਤੇ ਇੱਕ ਸਾਲ ਦੀ ਮਿਆਦ ਵਧਾਈ ਜਾਂਦੀ ਹੈ। ਹਾਲਾਂਕਿ ਇਸ ਦੇ ਨਾਲ ਹੀ ਲਿਖਿਆ ਗਿਆ ਹੈ ਕਿ ਨਵਾਂ NSA ਲਾਗੂ ਹੋਣ ਤੋਂ ਬਾਅਦ ਲਿਖਤੀ ਰੂਪ ਵਿੱਚ ਇਸ ਨੂੰ ਚੁਣੌਤੀ ਦੇਣ ਦਾ ਅਧਿਕਾਰ ਹੈ। ਇਸ ਨੂੰ ਪੰਜਾਬ ਰਾਜ ਸਰਕਾਰ ਅੱਗੇ, ਸਲਾਹਕਾਰ ਬੋਰਡ ਅੱਗੇ ਅਤੇ ਕੇਂਦਰ ਸਰਕਾਰ ਅੱਗੇ ਵੀ ਇਸ ਨੂੰ ਚੁਣੌਤੀ ਦੇ ਸਕਦੇ ਹੋ। ਜੇ ਤੁਸੀਂ ਅਜਿਹੀ ਕੋਈ ਚੁਣੌਤੀ ਦੇਣਾ ਚਾਹੁੰਦੇ ਹੋ, ਤਾਂ ਤੁਹਾਨੂੰ ਇਸ ਨੂੰ ਜੇਲ੍ਹ ਦੇ ਸੁਪਰਡੈਂਟ ਦੁਆਰਾ ਭੇਜਣਾ ਹੋਵੇਗਾ ਪਰ ਮੌਜੂਦਾ ਨਜ਼ਰਬੰਦੀ ਆਰਡਰ ਦੇ ਲਾਗੂ ਹੋਣ ਤੋਂ 03 ਹਫ਼ਤਿਆਂ ਤੋਂ ਬਾਅਦ ਇਸ ਨੂੰ ਨਹੀਂ ਕੀਤਾ ਜਾ ਸਕਦਾ ਹੈ। ਇਹ ਇਸ ਵੇਲੇ ਹੈਰਾਨੀਵਾਲੀ ਗੱਲ ਤਾਂ ਇਹ ਹੈ ਕਿਉਂਕਿ ਸਰਕਾਰ ਨੇ ਪਿਛਲੇ ਦਿਨੀਂ ਉਨ੍ਹਾਂ ਦੇ 9 ਹੋਰ ਸਹਿ-ਮੁਲਜ਼ਮ ਸਾਥੀਆਂ ਦੀ ਹਿਰਾਸਤ ਨੂੰ ਵਾਧਾ ਨਹੀਂ ਕੀਤਾ ਅਤੇ ਉਨ੍ਹਾਂ ਨੂੰ ਪੰਜਾਬ ਦੀਆਂ ਜੇਲ੍ਹਾਂ ਵਿਚ ਤਬਦੀਲ ਕਰ ਦਿੱਤਾ ਗਿਆ ਹੈ ਪਰ ਇਸ ਦੌਰਾਨ ਅੰਮ੍ਰਿਤਪਾਲ ਸਿੰਘ ਉੱਤੇ ਮੁੜ ਤੋਂ NSA ਵਧਾਇਆ ਗਿਆ ਹੈ। ਗੌ.ਰ ਕਰਨ ਵਾਲੀ ਗੱਲ ਹੈ ਕਿ 'ਵਾਰਿਸ ਪੰਜਾਬ ਦੇ' ਜਥੇਬੰਦੀ ਦਾ ਆਗੂ ਅੰਮ੍ਰਿਤਪਾਲ ਸਿੰਘ ਅਪ੍ਰੈਲ 2023 ਤੋਂ ਹਿਰਾਸਤ ਵਿੱਚ ਹੈ। ਉਸ ਨੇ ਹਿਰਾਸਤ ਵਿਚ ਰਹਿੰਦਿਆਂ ਹੀ 2024 ਦੀਆਂ ਲੋਕ ਸਭਾ ਚੋਣਾਂ ਦੌਰਾਨ ਖਡੂਰ ਸਾਹਿਬ ਹਲਕੇ ਤੋਂ ਭਾਰੀ ਬਹੁਮਤ ਨਾਲ ਜੋਣ ਜਿੱਤੀ ਸੀ।

## ਡਰੀਆਂ ਹੋਈਆਂ ਨੇ ਸਰਕਾਰਾਂ... ! ਮੁੱਖ ਮੰਤਰੀ ਅਹੁਦੇ ਦਾ ਦਾਅਵੇਦਾਰ ਹੈ ਅੰਮ੍ਰਿਤਪਾਲ ਸਿੰਘ ਤਾਂ ਹੀ ਨਹੀਂ ਆਉਣ ਦਿੰਦੇ ਬਾਹਰ



ਖਡੂਰ ਸਾਹਿਬ ਤੋਂ ਆਜ਼ਾਦ ਸੰਸਦ ਮੈਂਬਰ ਅਤੇ ਖਾਲਿਸਤਾਨ ਸਮਰਥਕ ਅੰਮ੍ਰਿਤਪਾਲ ਸਿੰਘ ਦੇ ਪਿਤਾ ਉਨ੍ਹਾਂ 'ਤੇ ਲਗਾਏ ਗਏ ਰਾਸ਼ਟਰੀ ਸੁਰੱਖਿਆ ਕਾਨੂੰਨ ਨੂੰ ਇੱਕ ਸਾਲ ਹੋਰ ਵਧਾਉਣ ਦੇ ਫੈਸਲੇ 'ਤੇ ਗੁੱਸੇ ਵਿੱਚ ਹਨ। ਅੰਮ੍ਰਿਤਪਾਲ ਦੇ ਪਿਤਾ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਤਰਸੇਮ ਸਿੰਘ ਨੇ ਕਿਹਾ ਕਿ ਜੇ ਅੰਮ੍ਰਿਤਪਾਲ ਨੂੰ ਕੋਈ ਨੁਕਸਾਨ ਹੁੰਦਾ ਹੈ ਤਾਂ ਇਸ ਦੀ ਜ਼ਿੰਮੇਵਾਰ ਸੂਬਾ ਸਰਕਾਰ ਹੋਵੇਗੀ। ਤਰਸੇਮ ਸਿੰਘ ਨੇ ਮੀਡੀਆ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੰਮ੍ਰਿਤਪਾਲ ਸਿੰਘ 'ਤੇ ਐਨਐਸਏ ਵਧਾਉਣ ਦਾ ਫੈਸਲਾ ਲੋਕਤੰਤਰ ਨੂੰ ਤੋੜਨ ਵਰਗਾ ਹੈ। ਸੰਸਦ ਮੈਂਬਰ ਬਣ ਕੇ ਅੰਮ੍ਰਿਤਪਾਲ ਲੋਕਾਂ ਦੀ ਆਵਾਜ਼ ਬੁਲੰਦ ਕਰਨਾ ਚਾਹੁੰਦਾ ਹੈ, ਪਰ ਉਸ 'ਤੇ NSA ਲਗਾ ਕੇ ਉਸ ਨੂੰ ਰੋਕਿਆ ਜਾ ਰਿਹਾ ਹੈ। ਕੇਂਦਰ ਅਤੇ ਪੰਜਾਬ ਸਰਕਾਰਾਂ ਇਹ ਸਭ ਮਿਲ ਕੇ ਕਰ ਰਹੀਆਂ ਹਨ। ਤਰਸੇਮ ਸਿੰਘ ਨੇ ਕਿਹਾ ਕਿ ਸਰਕਾਰਾਂ ਅੰਮ੍ਰਿਤਪਾਲ ਦੇ ਰਾਜਨੀਤੀ ਵਿੱਚ ਆਉਣ ਤੋਂ ਡਰਦੀਆਂ ਹਨ। ਸਰਕਾਰਾਂ ਲੋਕਾਂ ਨੂੰ ਗ.ਲਤ ਰਸਤਾ ਅਪਣਾਉਣ ਲਈ ਮਜਬੂਰ ਕਰ ਰਹੀਆਂ ਹਨ। ਪਿਛਲੇ ਦੋ ਸਾਲਾਂ ਵਿੱਚ ਪੰਜਾਬ ਵਿੱਚ ਅਪਰਾਧ ਵਧੇ ਹਨ। ਕੋਈ ਵੀ ਦਿਨ ਅਜਿਹਾ ਨਹੀਂ ਗਿਆ ਜਦੋਂ ਕੋਈ ਕਤਲ ਜਾਂ ਅਪਰਾਧ ਨਾ ਹੋਇਆ ਹੋਵੇ। ਤਰਸੇਮ ਸਿੰਘ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਅੰਮ੍ਰਿਤਪਾਲ ਮੁੱਖ ਮੰਤਰੀ ਅਹੁਦੇ ਦੇ ਦਾਅਵੇਦਾਰ ਹੋਣਗੇ। ਇਹੀ ਕਾਰਨ ਹੈ ਕਿ ਉਸਨੂੰ ਜੇਲ੍ਹ ਤੋਂ ਬਾਹਰ ਨਹੀਂ ਆਉਣ ਦਿੱਤਾ ਜਾ ਰਿਹਾ। ਅੰਮ੍ਰਿਤਪਾਲ ਦੇ ਮੁੱਦੇ 'ਤੇ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਨੂੰ ਵੀ ਇੱਕ ਪਲੇਟਫਾਰਮ 'ਤੇ ਆਉਣਾ ਚਾਹੀਦਾ ਹੈ। ਜ਼ਿਕਰ ਕਰ ਦਈਏ ਕਿ ਖਾਲਿਸਤਾਨ ਸਮਰਥਕ ਅਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਪਿਛਲੇ ਦੋ ਸਾਲਾਂ ਤੋਂ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹੈ।

## ਸਾਬਕਾ ਵਿਧਾਇਕ ਦੇ ਭਾਣਜੇ ਤੇ ਉਸ ਦੇ ਪੁੱਤ ਦਾ ਸ਼ਰੇਆਮ ਗੋਲ਼ੀਆਂ ਮਾਰਕੇ ਕਤਲ, ਪੁਲਿਸ ਤੋਂ ਕਾਤਲਾਂ ਖ਼ਿਲਾ.ਫ ਸ.ਖ਼ਤ ਕਾਰਵਾਈ ਦੀ ਮੰਗ

**ਚੰਡੀਗੜ੍ਹ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਆਏ ਦਿਨ ਕਤਲ ਤੇ ਲੁੱਟਖੋਹ ਦੀਆਂ ਵਾਰਦਾਤਾਂ ਵਿੱਚ ਇਜ਼ਾਫਾ ਹੋ ਰਿਹਾ ਹੈ ਤੇ ਹੁਣ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪਿੰਡ ਅੱਬਲ ਖੁਰਾਣਾ ਵਿੱਚ ਪਿਓ ਪੁੱਤ ਨੂੰ ਗੋਲ਼ੀਆਂ ਮਾਰਕੇ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਦੱਸ ਦਈਏ ਕਿ ਇਹ ਕਤਲ ਮਾਨਸਾ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਤੇ ਸਰਦੂਲਗੜ੍ਹ ਦੇ ਸਾਬਕਾ ਕਾਂਗਰਸੀ ਵਿਧਾਇਕ ਅਜੀਤ ਇੰਦਰ ਸਿੰਘ ਮੋਫਰ ਦੇ ਭਾਣਜੇ ਵਿਨੈ ਪ੍ਰਤਾਪ ਸਿੰਘ ਬਰਾੜ ਤੇ ਉਨ੍ਹਾਂ ਦੇ ਪੁੱਤਰ ਸੂਰਜ ਪ੍ਰਤਾਪ ਸਿੰਘ ਬਰਾੜ ਦਾ ਹੋਇਆ ਹੈ। ਜਾਣਕਾਰੀ ਮੁਤਾਬਕ, ਹਮਲਾਵਰ ਨੇ ਪਿਉ ਪੁੱਤਰ 'ਤੇ ਉਦੋਂ ਗੋਲੀਆਂ ਚਲਾਈਆਂ, ਜਦੋਂ ਉਹ ਇਕੱਠੇ ਸਨ ਤੇ ਚੰਡੀਗੜ੍ਹੋਂ ਪਿੰਡ ਪਰਤੇ ਸਨ। ਪੁਲਿਸ ਨੇ ਆਪਣੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਕਤਲ ਦਾ ਕਾਰਨ ਕੋਈ ਜ਼ਮੀਨੀ ਝਗੜਾ ਦੱਸਿਆ ਜਾ ਰਿਹਾ ਹੈ। ਫਿਲਹਾਲ ਹਮਲਾਵਰ ਫਰਾਰ ਦੱਸੇ ਜਾਂਦੇ ਹਨ। ਇਸ ਕਤਲ ਤੋਂ ਬਾਅਦ ਸਾਬਕਾ ਵਿਧਾਇਕ ਮੋਫਰ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਘੇਰਿਆ ਹੈ ਤੇ ਕਿਹਾ ਕਿ ਪੰਜਾਬ ਦੇ ਹਾਲਾਤ ਇੰਨੇ ਮਾੜੇ ਹੋ ਗਏ ਕਿ ਪਰਿਵਾਰ ਦੇ ਦੋ ਜੀਆਂ ਦਾ ਗੋਲੀਆਂ ਮਾਰ ਕੇ ਸ਼ਰੇਆਮ ਕਤਲ ਕਰ ਦਿੱਤਾ ਗਿਆ। ਉਨ੍ਹਾਂ ਸਰਕਾਰ ਤੇ ਪੁਲੀਸ ਤੋਂ ਕਾਤਲਾਂ ਖਿਲਾਫ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਮਿਲੀ ਜਾਣਕਾਰੀ ਅਨੁਸਾਰ, ਇਹ ਕਤਲ ਉਸ ਵੇਲੇ ਹੋਇਆ ਜਦੋਂ ਵਿਨੈ ਪ੍ਰਤਾਪ ਸਿੰਘ ਬਰਾੜ ਤੇ ਉਨ੍ਹਾਂ ਦਾ ਪੁੱਤਰ ਸੂਰਜ ਪ੍ਰਤਾਪ ਸਿੰਘ ਬਰਾੜ ਆਪਣੇ ਪਿੰਡ ਪਹੁੰਚੇ ਤਾਂ ਕੋਈ ਉਨ੍ਹਾਂ ਦੀ ਜ਼ਮੀਨ 'ਚ ਖੜ੍ਹਾ ਕੁਝ ਕਰ ਰਿਹਾ ਸੀ। ਪਿਉਂ ਪੁੱਤਰ ਨੇ ਉਸ ਵਿਅਕਤੀ ਨੂੰ ਰੋਕਣਾ ਚਾਹਿਆ ਤਾਂ ਉਸ ਨੇ ਮੌਕੇ ਉਪਰ ਹਥਿਆਰ ਲਿਆ ਕੇ ਉਨ੍ਹਾਂ 'ਤੇ ਗੋਲੀਆਂ ਚਲਾ ਦਿੱਤੀਆਂ। ਪਿਉ ਪੁੱਤ ਦੀ ਮੌਕੇ 'ਤੇ ਹੀ ਮੌਤ ਹੋ ਗਈ।

## ਪੰਜਾਬ 'ਚ ਚੱਲ ਰਿਹਾ "Tax Terrorism ! ਹਰ ਮਹੀਨੇ ਹੋ ਰਹੀ 80 ਕਰੋੜ ਦੀ ਵਸੂਲੀ

**ਚੰਡੀਗੜ੍ਹ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਵਪਾਰੀਆਂ ਵਿਰੁੱਧ 'ਟੈਕਸ ਅੱਤਵਾਦ' ਫੈਲਾਉਣ ਦਾ ਗੰਭੀਰ ਦੋਸ਼ ਲਗਾਇਆ ਹੈ।

ਸੋਸ਼ਲ ਮੀਡੀਆ 'ਤੇ ਇੱਕ ਪੋਸਟ ਸਾਂਝੀ ਕਰਦੇ ਹੋਏ, ਵੈੜਿੰਗ ਨੇ ਨੀਤੀ ਨੂੰ ਵਪਾਰਕ ਭਾਈਚਾਰੇ ਵਿਰੁੱਧ ਜ਼ਬਰਦਸਤੀ ਅਤੇ ਲੁੱਟ ਦੀ ਕਾਰਵਾਈ ਦੱਸਿਆ। ਰਾਜਾ ਵੜਿੰਗ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਰਾਜ ਦੇ ਜੀਐਸਟੀ ਈਟੀਓ (ਗੁੱਡਜ਼ ਐਂਡ ਸਰਵਿਸਿਜ਼ ਟੈਕਸ ਇਨਫੋਰਸਮੈਂਟ ਟੈਕਸ ਅਫਸਰ) ਨੂੰ ਹਰ ਮਹੀਨੇ ਘੱਟੋ-ਘੱਟ ਚਾਰ ਛਾਪੇਮਾਰੀ ਕਰਨ ਤੇ ਹਰੇਕ ਛਾਪੇਮਾਰੀ ਤੋਂ ਘੱਟੋ-ਘੱਟ 8 ਲੱਖ ਰੁਪਏ ਦੀ ਰਿਕਵਰੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ।

## ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵੱਡੀ ਗਿਣਤੀ 'ਚ ਸੰਗਤ ਸ੍ਰੀ ਦਰਬਾਰ ਸਾਹਿਬ ਹੋਈ ਨਤਮਸਤਕ



**ਅੰਮ੍ਰਿਤਸਰ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼ਹੀਦਾਂ ਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਸਿੱਖਾਂ ਦੇ ਪਹਿਲੇ ਸ਼ਹੀਦ ਸਨ। ਅੱਜ ਉਨ੍ਹਾਂ ਦੇ ਪ੍ਰਕਾਸ਼ ਪੁਰਬ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਸੱਚਖੰਡ ਸ੍ਰੀ ਦਰਬਾਰ ਸਾਹਿਬ 'ਚ ਮੱਥਾ ਟੇਕਣ ਪਹੁੰਚ ਰਹੀਆਂ ਹਨ। ਇਸ ਦੌਰਾਨ ਸੰਗਤਾਂ ਨੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਮੱਥਾ ਟੇਕ ਕੇ ਗੁਰਬਾਣੀ ਕੀਰਤਨ ਸਰਵਣ ਕੀਤਾ ਅਤੇ ਪਰਮਾਤਮਾ ਅੱਗੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਸੰਗਤਾਂ ਨੇ ਪਵਿੱਤਰ ਸਰੋਵਰ 'ਚ ਇਸ਼ਨਾਨ ਕੀਤਾ। ਇਸ ਦੌਰਾਨ ਸੱਚਖੰਡ ਸ੍ਰੀ ਦਰਬਾਰ ਸਾਹਿਬ ਮੱਥਾ ਟੇਕਣ ਆਈਆਂ ਸੰਗਤਾਂ ਦੇ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਨੇ ਦੱਸਿਆ ਕਿ ਅੱਜ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਗੁਰਪੁਰਬ ਹੈ ਤੇ ਅੱਜ ਦੇ ਦਿਨ ਸ੍ਰੀ ਦਰਬਾਰ ਸਾਹਿਬ ਵਿੱਚ ਮੱਥਾ ਟੇਕ ਕੇ ਸਰਬੱਤ ਦੇ ਭਲੇ ਦੀ ਅਰਦਾਸ ਕਰਕੇ ਆਪਣੇ ਆਪ ਨੂੰ ਖੁਸ਼ਿਕਸਮਤ ਸਮਝ ਰਹੇ ਹਨ। ਉਨ੍ਹਾਂ ਦੱਸਿਆ ਕਿ ਸਾਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਦੱਸੇ ਮਾਰਗ 'ਤੇ ਚੱਲਣ ਦੀ ਜ਼ਰੂਰਤ ਹੈ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਉਨ੍ਹਾਂ ਕਿਹਾ ਕਿ ਅੱਜ ਪੰਜਵੇਂ ਪਾਤਸ਼ਾਹ ਸ਼ਹੀਦਾਂ ਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦਾ ਪਾਵਨ ਪ੍ਰਕਾਸ਼ ਪੁਰਬ ਹੈ, ਸਮੁੱਚੀ ਮਾਨਵਤਾ ਨੂੰ ਸਿੱਖ ਕੌਮ ਨੂੰ ਗੁਰੂ ਨਾਨਕ ਨਾਮ ਲੇਵਾ ਸਿੱਖ ਸੰਗਤਾਂ ਨੂੰ ਸੱਚੇ ਪਾਤਸ਼ਾਹ ਜੀ ਦੇ ਵੀ ਪ੍ਰਕਾਸ਼ ਦਿਹਾੜੇ ਦੀ ਲੱਖ-ਲੱਖ ਵਧਾਈ ਦਿੰਦਾ ਹਾਂ ਤੇ ਉੱਥੇ ਨਾਲ ਹੀ ਗੁਰੂ ਗ੍ਰੰਥ ਸਾਹਿਬ ਦੇ ਬਾਣੀਕਾਰ ਭਗਤ ਧੰਨਾ ਜੀ ਦਾ ਵੀ ਅੱਜ ਜਨਮ ਦਿਹਾੜਾ ਹੈ ਤੇ ਉਸਦੀ ਵੀ ਸਾਰੀ ਕੌਮ ਨੂੰ ਲੱਖ-ਲੱਖ ਵਧਾਈ ਦਿੰਦਾ ਹਾਂ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਜਿਨਾਂ ਨੇ ਜਿੱਥੇ ਆਪਣੀ ਬਾਣੀ ਦੇ ਰਾਹੀਂ ਸਾਡਾ ਮਾਰਗ ਦਰਸ਼ਨ ਕੀਤਾ, ਉੱਥੇ ਪਾਤਸ਼ਾਹ ਨੇ ਵੱਡੇ ਕਾਰਜ ਕਰ ਸਿੱਖਾਂ ਦੇ ਕੇਂਦਰੀ ਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਉਸਾਰੀ ਕਰਵਾਈ ਸੀ ਤੇ 1604 ਇਸਵੀ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਸਰੂਪ ਭਾਈ ਗੁਰਦਾਸ ਜੀ ਤੋਂ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਲਿਖਾਇਆ ਅਤੇ ਪਹਿਲਾ ਪ੍ਰਕਾਸ਼ ਸੱਚਖੰਡ ਸ੍ਰੀ ਦਰਬਾਰ ਸਾਹਿਬ 1604 ਇਸਵੀ 'ਚ ਕੀਤਾ। ਇਸਦੇ ਪਹਿਲੇ ਮੁੱਖ ਗ੍ਰੰਥੀ ਬਾਬਾ ਬੁੱਢਾ ਸਾਹਿਬ ਬਣੇ ਸਨ। ਜਥੇਦਾਰ ਨੇ ਕਿਹਾ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਨੇ ਬਾਣੀ ਦੇ ਰਾਹੀਂ ਸਮੁੱਚੀ ਮਾਨਵਤਾ ਦਾ ਮਾਰਗ ਦਰਸ਼ਨ ਕੀਤਾ ਤੇ ਜਦੋਂ ਲੋੜ ਪਈ ਤੇ ਪੂਰਨ ਸ਼ਾਂਤਮਈ ਰਹਿ ਕੇ ਦਿੱਲੀ ਲਾਹੌਰ ਦੀ ਧਰਤੀ ਤੇ ਪਾਤਸ਼ਾਹ ਜੀ ਨੇ ਸ਼ਹਾਦਤ ਪ੍ਰਾਪਤ ਕੀਤੀ।

## ਪਿੰਡ ਨੂਰਪੁਰ ਜੱਟਾਂ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਾ ਕਾਬੂ



**ਮਾਹਿਲਪੁਰ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਿੰਡ ਨੂਰਪੁਰ ਜੱਟਾਂ ਦੇ ਗੁਰਦੁਆਰਾ ਸਾਹਿਬ ਵਿਖੇ ਦਿਨ-ਦਿਹਾੜੇ ਸ਼ਰਾਰਤੀ ਅਨਸਰ ਵੱਲੋਂ ਗੁਰੂ ਘਰ 'ਚ ਦਾਖਲ ਹੋ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੇ ਅੰਗ ਪਾੜ ਕੇ ਬੇਅਦਬੀ ਕਰਨ ਵਾਲੇ ਵਿਅਕਤੀ ਨੂੰ ਪੁਲਸ ਪ੍ਰਸ਼ਾਸ਼ਨ ਵੱਲੋਂ 24 ਘੰਟੇ ਵਿੱਚ ਕਾਬੂ ਕਰਕੇ ਵੱਡੀ ਸਫਲਤਾ ਪ੍ਰਾਪਤ ਕੀਤੀ ਹੈ। ਪੁਲਸ ਥਾਣਾ ਮਾਹਿਲਪੁਰ ਵਿਖੇ ਕੀਤੀ ਪ੍ਰੈਸ ਕਾਨਫਰੰਸ ਮੌਕੇ ਮੁਕੇਸ਼ ਕੁਮਾਰ ਐੱਸ.ਪੀ (ਡੀ) ਹੁਸ਼ਿਆਰਪੁਰ, ਡੀ.ਐੱਸ.ਪੀ. ਜਸਪ੍ਰੀਤ ਸਿੰਘ ਗੜ੍ਹਸ਼ੰਕਰ ਅਤੇ ਐੱਸ.ਆਈ. ਰਮਨਦੀਪ ਕੌਰ ਮਾਹਿਲਪੁਰ ਨੇ ਦੱਸਿਆ ਕਿ 18.04.2025 ਨੂੰ ਪਿੰਡ ਨੂਰਪੁਰ ਜੱਟਾਂ ਦੇ ਗੁਰਦੁਆਰਾ ਸਾਹਿਬ ਵਿਖੇ ਹੋਈ ਘਟਨਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਵਿੱਤਰ 15 ਅੰਗਾ ਦੀ ਬੇਅਦਬੀ ਕੀਤੀ ਗਈ ਸੀ। ਇਸ ਸਬੰਧੀ ਪਿੰਡ ਨੂਰਪੁਰ ਜੱਟਾ ਦੇ ਗੁਰਦੁਆਰਾ ਸਾਹਿਬ ਦੇ ਕਮੇਟੀ ਮੈਂਬਰ ਜਰਨੈਲ ਸਿੰਘ ਪੁੱਤਰ ਚਰਨ ਸਿੰਘ ਵਾਸੀ ਨੂਰਪੁਰ ਜੱਟਾਂ ਥਾਣਾ ਮਾਹਿਲਪੁਰ ਜ਼ਿਲ੍ਹਾ ਹੁਸ਼ਿਆਰਪੁਰ ਦੇ ਬਿਆਨਾ ਤੇ ਮੁਕੱਦਮਾ ਨੰਬਰ 46 ਮਿਤੀ 18.04.2025 ਅਧ: 299 ਬੀ.ਐੱਨ.ਐੱਸ. ਥਾਣਾ ਮਾਹਿਲਪੁਰ ਜਿਲਾ ਹੁਸ਼ਿਆਰਪੁਰ ਦੇ ਦਰਜ ਰਜਿਸਟਰ ਕੀਤਾ ਗਿਆਂ ਜਿਸ ਨੂੰ 24 ਘੰਟੇ ਵਿੱਚ ਟਰੇਸ ਕਰਕੇ ਦੋਸ਼ੀ ਗੁਰਵਿੰਦਰ ਸਿੰਘ ਉਰਫ ਗਿੰਦਾ ਪੁੱਤਰ ਸੰਤੋਖ ਸਿੰਘ ਵਾਸੀ ਮੋਰਾਵਾਲੀ ਥਾਣਾ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਗ੍ਰਿਫਤਾਰ ਕਰਕੇ ਵੱਡੀ ਸਫਲਤਾ ਪ੍ਰਾਪਤ ਕੀਤੀ ਹੈ। ਉਨ੍ਹਾਂ ਦੱਸਿਆ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਇਸਦਾ ਰਿਮਾਂਡ ਹਾਸਲ ਕਰਕੇ ਇਸ ਪਾਸੋ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਗੁਰਵਿੰਦਰ ਸਿੰਘ ਉਰਫ ਗਿੰਦਾ ਵਲੋਂ ਇਸ ਤਰ੍ਹਾਂ ਦੀ ਘਟਨਾ ਨੂੰ ਅੰਜਾਮ ਦੇਣ ਦੇ ਪਿੱਛੇ ਕੀ ਮਕਸਦ ਹੈ ਤੇ ਉਸ ਪਿੱਛੇ ਕਿਸ ਵਿਅਕਤੀ ਜਾਂ ਸੰਸਥਾ ਦਾ ਹੱਥ ਹੈ ਉਸ ਦੀ ਅਜੇ ਤੱਕ ਕੋਈ ਪੁਸ਼ਟੀ ਨਹੀ ਹੋਈ।

# Nankana Sahib Yatra Committe Uk



# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**


★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛੱਕੋ | Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ

# ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਅਵਤਾਰ ਪੁਰਬ : ਧੰਨ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ

# ਮਹਾਨ ਅਵਤਾਰ ਪੁਰਬ



☛ ਸ਼ਹੀਦੀ ਜੋੜ ਮੇਲਾ ਚਾਲੀ ਮੁਕਤੇ ( ਮੁਕਤਸਰ ਸਾਹਿਬ ਜੀ ) ☛ ਜਨਮ ਦਿਵਸ਼ : ਸੰਤ ਬਾਬਾ ਜਵਾਲਾ ਸਿੰਘ ਜੀ ਹਰਖੋਵਾਲ ਹੁਸ਼ਿਆਰਪੁਰ । ☛ ਜੋੜ ਮੇਲਾ ਗੁਰੂ ਕਾ ਬਾਗ ਪਟਨਾ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

**3 ਮਈ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।**

4 ਮਈ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਉਚੇਚ ਤੌਰ ਤੇ ਪੰਜਾਬ ਦੀ ਧਰਤੀ ਤੋਂ ਢਾਡੀ ਜਥਾ ਗਿਆਨੀ ਜਸਬੀਰ ਸਿੰਘ ਮੋਲੀਕੇ ਢਾਡੀ ਵਾਰਾਂ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243





# ਬੀਬੀ ਜਗੀਰ ਕੌਰ ਨੇ ਢੱਡਰੀਆਂਵਾਲਾ ਸਮਾਗਮ ਵਿੱਚ ਸ਼ਿਰਕਤ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਿੱਧੀ ਚੁਣੌਤੀ ਦਿੱਤੀ: ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਜੋ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਰੀ ਹੁਕਮਨਾਮੇ ਦੀ ਪਾਲਣਾ ਨਾ ਕਰਨ ਦਾ ਦੋਸ਼ ਲਗਾ ਕੇ ਰਾਜਨੀਤੀ ਕਰ ਰਹੀ ਹੈ, ਨੂੰ ਦੱਸਣਾ ਚਾਹੀਦਾ ਹੈ ਕਿ ਕੀ ਸਿਰਫ਼ ਉਨ੍ਹਾਂ ਦੇ ਸਿਆਸੀ ਵਿਰੋਧੀ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮੇ ਦੀ ਪਾਲਣਾ ਕਰਨ ਲਈ ਪਾਬੰਦ ਹਨ ? ਕੀ ਉਹ ਖ਼ੁਦ ਗੁਰੂ ਗ੍ਰੰਥ-

## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵੱਲੋਂ ਨੋਟਿਸ ਨਾ ਲੈਣਾ ਅਤੇ ਨਵੇਂ 'ਜਥੇਦਾਰ' ਦੀ ਚੁੱਪੀ ਇਸਦੀ ਕਮਜ਼ੋਰੀ ਨੂੰ ਸਾਬਤ ਕਰਦੀ ਹੈ

ਗੁਰੂ ਪੰਥ ਨੂੰ ਸਮਰਪਿਤ ਹਨ ਅਤੇ ਪਰੰਪਰਾਵਾਂ ਦੀ ਰੱਖਿਆ ਲਈ ਵਚਨਬੱਧ ਹਨ ?

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਿੱਖ ਸੰਗਤ ਨੂੰ ਅਖੌਤੀ ਸਿੱਖ ਪ੍ਰਚਾਰਕ ਰਣਜੀਤ ਸਿੰਘ ਢੱਡਰੀਆਂਵਾਲਾ ਦਾ ਬਾਈਕਾਟ ਕਰਨ ਲਈ ਹੁਕਮਨਾਮਾ ਜਾਰੀ ਕਰਨ ਦੇ ਬਾਵਜੂਦ, ਬੀਬੀ ਜਗੀਰ ਕੌਰ ਨੇ ਕਪੂਰਥਲਾ ਜ਼ਿਲ੍ਹੇ ਦੇ ਨਡਾਲਾ ਵਿਖੇ ਢੱਡਰੀਆਂਵਾਲਾ ਦੇ ਡੇਰੇ ਦੀ ਨਵੀਂ ਸ਼ਾਖਾ ਦੇ ਉਦਘਾਟਨ

ਆਵਾਜ਼ਿ ਕੌਮ AWAZE QAUM
International Newspaper & WEB TV

ਮੌਕੇ ਉਨ੍ਹਾਂ ਨਾਲ ਸਟੇਜ ਸਾਂਝੀ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਿੱਧੀ ਚੁਣੌਤੀ ਦਿੱਤੀ ਹੈ। ਪਰ ਮੈਨੂੰ ਹੈਰਾਨੀ ਹੈ ਕਿ ਬੀਬੀ ਜਗੀਰ ਕੌਰ ਵੱਲੋਂ ਕੀਤੀ ਗਈ ਇਸ ਵੱਡੀ ਅਵੱਗਿਆ ਦੇ ਬਾਵਜੂਦ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵੱਲੋਂ ਕੋਈ ਨੋਟਿਸ ਨਹੀਂ ਲਿਆ ਗਿਆ। ਕੀ ਇਸ ਮਾਮਲੇ ਵਿੱਚ ਨਵੇਂ 'ਜਥੇਦਾਰ' ਦੀ ਚੁੱਪੀ ਉਨ੍ਹਾਂ ਦੀ ਕਮਜ਼ੋਰੀ




ਨੂੰ ਸਾਬਤ ਨਹੀਂ ਕਰਦੀ ਹੈ ? ਜਾਂ ਉਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਕੀਤੇ ਗਏ ਹੁਕਮਨਾਮੇ ਦੀ ਕੋਈ ਸਮਝ ਨਹੀਂ ਹੈ ? ਉਨ੍ਹਾਂ ਕਿਹਾ ਕਿ ਇਹ ਪੰਥ ਲਈ ਹੋਰ ਵੀ ਸ਼ਰਮਿੰਦਗੀ ਵਾਲੀ ਗੱਲ ਹੈ ਕਿ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਮੈਂਬਰ ਹਨ, ਨੇ ਸ੍ਰੀ ਅਕਾਲ ਤਖ਼ਤ ਸਾਹਿਬ ਪ੍ਰਤੀ ਸ਼ਰਮਨਾਕ ਪਿੱਠ ਦਿਖਾਈ ਹੈ ਅਤੇ ਹੁਕਮਨਾਮੇ ਦੀ ਉਲੰਘਣਾ ਕਰਕੇ ਪੰਥਕ ਪਰੰਪਰਾਵਾਂ ਨਾਲ ਖਿਲਵਾੜ ਕੀਤਾ ਹੈ। ਉਨ੍ਹਾਂ ਸਵਾਲ ਕੀਤਾ ਕਿ ਕੀ ਬੀਬੀ ਜਗੀਰ ਕੌਰ ਆਪਣੇ ਆਪ ਨੂੰ ਸੰਗਤ ਤੋਂ ਉੱਪਰ ਸਮਝਦੀ ਹੈ, ਕਿ ਢੱਡਰੀਆਂਵਾਲਾ ਸਬੰਧੀ ਜਾਰੀ ਕੀਤਾ ਗਿਆ ਹੁਕਮਨਾਮਾ ਉਨ੍ਹਾਂ 'ਤੇ ਲਾਗੂ ਨਹੀਂ ਹੋ ਸਕਦਾ ? ਕੀ ਇਹ ਹੀ ਬੀਬੀ ਜੀ ਦਾ ਸ੍ਰੀ ਅਕਾਲ ਤਖ਼ਤ ਸਾਹਿਬ ਪ੍ਰਤੀ ਆਪਣੇ ਆਪ ਨੂੰ ਸਮਰਪਣ ਹੈ ? ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਰਣਜੀਤ ਸਿੰਘ ਢੱਡਰੀਆਂਵਾਲਾ ਵੱਲੋਂ ਪੰਥਕ ਪਰੰਪਰਾਵਾਂ ਅਤੇ ਗੁਰਮਤਿ ਪ੍ਰਤੀ ਕੀਤੀਆਂ ਗ਼ਲਤ ਬਿਆਨੀਆਂ ਦੀ ਜਾਂਚ ਲਈ ਵਿਦਵਾਨਾਂ ਦੀ ਇੱਕ ਸਬ-ਕਮੇਟੀ ਬਣਾਈ ਸੀ। ਜਿਸ ਦੀ ਰਿਪੋਰਟ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਨੇ 24 ਅਗਸਤ, 2020 ਨੂੰ ਇਕੱਤਰਤਾ ਵਿੱਚ ਹੁਕਮਨਾਮਾ ਜਾਰੀ ਕਰਦਿਆਂ ਕਿਹਾ ਸੀ ਕਿ ਰਣਜੀਤ ਸਿੰਘ ਢੱਡਰੀਆਂਵਾਲਾ ਨੇ ਗੁਰਮਤਿ ਪ੍ਰਤੀ ਕੁਝ ਗ਼ਲਤ ਬਿਆਨੀਆਂ ਕੀਤੀਆਂ ਹਨ ਅਤੇ ਇਹ ਇਨ੍ਹਾਂ ਕਥਨਾਂ ਸਬੰਧੀ ਸਪਸ਼ਟੀਕਰਨ ਦੇਣ ਤੋਂ ਵੀ ਇਨਕਾਰੀ ਹੋਇਆ ਹੈ। ਜਿਸ ਕਰਕੇ ਦੇਸ਼-ਵਿਦੇਸ਼ ਦੀਆਂ ਸਿੱਖ ਸੰਗਤਾਂ, ਸੰਸਥਾਵਾਂ ਤੇ ਗੁਰਦੁਆਰਾ ਪ੍ਰਬੰਧਕਾਂ ਨੂੰ



ਢੱਡਰੀਆਂ ਵਾਲਾ ਦੇ ਸਮਾਗਮਾਂ ਦਾ ਬਾਈਕਾਟ ਕਰਨ ਦਾ ਆਦੇਸ਼ ਦਿੱਤਾ ਜਦੋਂ ਤਕ ਉਹ ਆਪਣੀਆਂ ਗ਼ਲਤ ਬਿਆਨੀਆਂ ਲਈ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਹੋ ਕੇ ਮੁਆਫ਼ੀ ਨਹੀਂ ਮੰਗਦਾ। ਅਕਾਲ ਤਖ਼ਤ ਸਾਹਿਬ ਨੇ ਢੱਡਰੀਆਂਵਾਲਾ ਨੂੰ ਬਾਜ ਨਾ ਆਉਣ 'ਤੇ ਸਖ਼ਤ ਕਾਰਵਾਈ ਦੀ ਵੀ ਚਿਤਾਵਨੀ ਦਿੱਤੀ ਸੀ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਢੱਡਰੀਆਂ ਵਾਲਾ ਅੱਜ ਤੱਕ ਭਗੌੜਾ ਹੈ, ਜੋ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਨਹੀਂ ਹੋਇਆ। ਜੋ ਅਕਾਲ ਤਖ਼ਤ ਸਾਹਿਬ ਪ੍ਰਤੀ ਉਸ ਦੀ ਸਮਰਪਣ 'ਤੇ ਸਵਾਲੀਆ ਨਿਸ਼ਾਨ ਲਗਾਉਂਦਾ ਹੈ। ਉਸ ਦੀ ਹਉਮੈ ਹੰਕਾਰ ਉਸ ਨੂੰ ਅਕਾਲ ਤਖ਼ਤ ਪ੍ਰਤੀ ਆਪਣੇ ਆਪ ਨੂੰ ਸਮਰਪਿਤ ਨਹੀਂ ਹੋਣ ਦੇ ਰਿਹਾ। ਉੱਪਰੋਂ, ਬੀਬੀ ਜਗੀਰ ਕੌਰ ਵਰਗੀਆਂ ਸ਼ਖ਼ਸੀਅਤਾਂ ਉਸ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਰਹੀਆਂ ਹਨ ਅਤੇ ਉਸ ਦੇ ਹਉਮੈ ਹੰਕਾਰ ਨੂੰ ਪੱਠੇ ਪਾ ਕੇ ਹੋਰ ਮਜ਼ਬੂਤਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਪ੍ਰਕਾਸ਼ ਪੁਰਬ

ਅਵਤਾਰ ਪੁਰਬ : ਧੰਨ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

26 ਅਪ੍ਰੈਲ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ

27 ਅਪ੍ਰੈਲ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।



ਗਿਆਨੀ ਜੋਧਾ ਸਿੰਘ ਵਿਦਿਆਰਥੀ ਦਮਦਮੀ ਟਕਸਾਲ ਵਾਲੇ

ਪੰਜਾਬ ਦੀ ਧਰਤੀ ਤੋਂ ਵਿਸ਼ੇਸ਼ ਤੌਰ ਪੁਹੰਚ ਰਹੇ ਕਥਾ ਵਾਚਕ ਗਿਆਨੀ ਜੋਧਾਂ ਸਿੰਘ ਦਮਦਮੀ ਟਕਸਾਲ ਮੁੰਡਾ ਪਿੰਡ ਵਾਲੇ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਭਾਈ ਅੰਮ੍ਰਿਤਪਾਲ ਸਿੰਘ ਉੱਤੇ ਫਿਰ ਤੋਂ ਐਨ. ਐਸ. ਏ. ਲਗਾਉਣਾ

# ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਿਆਸੀ ਕਾਇਰਤਾ ਦਾ ਸਬੂਤ : ਬਾਪੂ ਤਰਸੇਮ ਸਿੰਘ




**ਅੰਮ੍ਰਿਤਸਰ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਉੱਤੇ ਪਹਿਲਾਂ ਹੀ ਲਾਗੂ ਰਾਸ਼ਟਰੀ ਸੁਰੱਖਿਆ ਐਕਟ (NSA) ਦੀ ਮਿਆਦ ਪੂਰੀ ਹੋਣ ਤੋਂ ਥੋੜ੍ਹੇ ਸਮੇਂ ਪਹਿਲਾਂ ਉਸ ਵਿੱਚ ਦੁਬਾਰਾ ਵਾਧਾ ਕਰ ਦਿੱਤਾ ਜਾਣਾਂ ਇਹ ਨਾਂ ਸਿਰਫ਼ ਲੋਕਤੰਤਰ ਦਾ ਗਲਾ ਘੋਟਣਾਂ ਹੈ, ਸਗੋਂ ਇਹ ਭਗਵੰਤ ਮਾਨ ਸਰਕਾਰ ਦੀ ਘਬਰਾਹਟ, ਸੱਚਾਈ ਤੋਂ ਡਰ ਅਤੇ ਪੰਥਕ ਆਵਾਜ਼ਾਂ ਖ਼ਿਲਾਫ਼ ਸੋਚੀ-ਸਮਝੀ ਸਾਜਿਸ਼ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਮੈਂਬਰ ਪਾਰਲੀਮੈਂਟ ਅਤੇ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਮੁੱਖ ਸੇਵਾਦਾਰ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਵੱਲੋਂ ਅੰਮ੍ਰਿਤਸਰ ਪ੍ਰੈੱਸ ਕਲੱਬ ਵਿਖੇ ਰੱਖੀ ਗਈ ਇਕ ਪ੍ਰੈਸ ਕਾਨਫਰੰਸ ਦੌਰਾਨ ਕੀਤਾ ਗਿਆ। ਇਸ ਪ੍ਰੈਸ ਕਾਨਫਰੰਸ ਵਿੱਚ ਬਾਪੂ ਤਰਸੇਮ ਸਿੰਘ ਜੀ ਤੋਂ ਇਲਾਵਾ ਉਹਨਾਂ ਦੇ ਨਾਲ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਗੁਰਸੇਵਕ ਸਿੰਘ ਜਵਾਹਰਕੇ, ਭਾਈ ਜਗਨੰਦਨਬੀਰ ਸਿੰਘ ਨਾਰਲੀ, ਭਾਈ ਦਵਿੰਦਰ ਸਿੰਘ ਹਰੀਏਵਾਲ, ਚਾਚਾ ਪ੍ਰਗਟ ਸਿੰਘ, ਚਾਚਾ ਸੁਖਚੈਨ ਸਿੰਘ, ਭਾਈ ਪਲਵਿੰਦਰ ਸਿੰਘ, ਭਾਈ ਅਮਰਿੰਦਰ ਸਿੰਘ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਦਯਾ ਸਿੰਘ, ਐਡਵੋਕੇਟ ਕਰਮਵੀਰ ਸਿੰਘ ਪੰਨੂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਭੁਪਿੰਦਰ ਸਿੰਘ ਗੱਦਲੀ, ਅਡਵੋਕੇਟ ਅਜੈਪਾਲ ਸਿੰਘ ਢਿਲੋਂ ਅਤੇ ਭਾਈ ਸੁਖਬੀਰ ਸਿੰਘ ਚੀਮਾ ਵੀ ਮੌਜੂਦ ਸਨ। ਇਸ ਸਮੇਂ ਬਾਪੂ ਤਰਸੇਮ ਸਿੰਘ ਜੀ ਨੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਜਿਸ ਤਰਾਂ ਡਿਬਰੂਗੜ੍ਹ ਜੇਲ ਵਿੱਚ ਨਜ਼ਰਬੰਦ ਬਾਕੀ ਸਿੰਘਾਂ ਦੀ ਐਨ ਐਸ ਏ ਦੀ ਮਿਆਦ ਪੂਰੀ ਹੋਣ ਉਪਰੰਤ ਉਹਨਾਂ ਨੂੰ ਪੰਜਾਬ ਸ਼ਿਫਟ ਕੀਤਾ ਗਿਆ ਹੈ ਇਸੇ ਤਰਾਂ 22 ਅਪ੍ਰੈਲ ਨੂੰ ਭਾਈ ਅੰਮ੍ਰਿਤਪਾਲ ਸਿੰਘ ਤੋਂ ਐਨ ਐਸ ਏ ਹੱਟਣੀ ਸੀ ਤੇ ਉਨ੍ਹਾਂ ਨੂੰ ਵੀ ਪੰਜਾਬ ਵਾਪਸ ਲਿਆਂਦਾ ਜਾਣਾ ਸੀ, ਪਰ 13 ਅਪ੍ਰੈਲ ਨੂੰ ਤਖ਼ਤ ਸ਼੍ਰੀ ਦਮਦਮਾ ਸਾਹਿਬ ਵਿਖੇ ਅਕਾਲੀ ਦਲ ( ਵਾਰਿਸ ਪੰਜਾਬ ਦੇ) ਵੱਲੋਂ ਕੀਤੀ ਪੰਥਕ ਕਾਨਫਰੰਸ ਵਿੱਚ ਹੋਈ ਵਿਸ਼ਾਲ ਇਕੱਤਰਤਾ ਨੇ ਭਗਵੰਤ ਮਾਨ ਦੀ ਨੀਂਦ ਉਡਾ ਦਿੱਤੀ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਨੇ ਆਪਣੇ ਆਕਾਂਵਾਂ ਨੂੰ ਖ਼ੁਸ਼ ਕਰਨ ਲਈ ਸਿੱਖ ਜਜ਼ਬੇ ਤੋਂ ਡਰ ਖਾ ਕੇ ਹੀ ਅਜਿਹਾ ਜ਼ੁਲਮ ਕੀਤਾ ਜੋ ਲੋਕਤੰਤਰ, ਧਾਰਮਿਕ ਅਧਿਕਾਰ ਅਤੇ ਸੰਵਿਧਾਨਿਕ ਹੱਦਾਂ ਦੀ ਸਿੱਧੀ ਉਲੰਘਣਾਂ ਹੈ। ਭਾਈ ਅੰਮ੍ਰਿਤਪਾਲ ਸਿੰਘ ਉੱਤੇ ਫਿਰ ਤੋਂ ਐਨ ਐਸ ਏ ਲਗਾਉਣਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਿਆਸੀ ਕਾਇਰਤਾ ਦਾ ਸਬੂਤ ਹੈ। ਉਹਨਾਂ ਕਿਹਾ ਕਿ ਪੰਜਾਬ ਪੁਲਿਸ ਜੋ ਕਾਨੂੰਨ ਤੇ ਜਨਤਾ ਦੀ ਰਾਖੀ ਕਰਨ ਵਾਲੀ ਇਕ ਫੋਰਸ ਹੋਣੀ ਚਾਹੀਦੀ ਹੈ ਅੱਜ ਇਕ ਸਿਆਸੀ ਕੱਠਪੁਤਲੀ ਬਣ ਚੁੱਕੀ ਹੈ। ਇਹ ਵਿਭਾਗ ਬਿਨਾਂ ਕਿਸੇ ਜਾਂਚ ਜਾਂ ਤੱਥ ਦੇ ਕੇਵਲ ਸਰਕਾਰੀ ਹੁਕਮਾਂ ਅਧੀਨ ਇਕ ਗੁਲਾਮ ਅਦਾਰਾ ਬਣ ਕੇ, ਸਿੱਖ ਨੌਜਵਾਨਾਂ ਅਤੇ ਪੰਥਕ ਆਵਾਜ਼ਾਂ ਉੱਤੇ ਜ਼ੁਲਮ ਕਰ ਰਿਹਾ ਹੈ। ਪੰਜਾਬ ਪੁਲਿਸ ਦੇ ਕਰਤੱਬਾਂ ਨੇ ਸਾਬਤ ਕਰ ਦਿੱਤਾ ਹੈ ਕਿ ਇਹ ਵਿਭਾਗ ਹੁਣ ਨਾਂ ਤਾਂ ਨਿਆਂ ਪ੍ਰਣਾਲੀ ਅਨੁਸਾਰ ਕੰਮ ਕਰ ਰਿਹਾ ਹੈ ਅਤੇ ਨਾਂ ਹੀ ਲੋਕਤੰਤਰ ਦੇ ਅਸੂਲਾਂ ਦੀ ਪਾਲਣਾਂ ਕਰ ਰਿਹਾ ਹੈ ਜਿਸ ਦੀ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਸਖ਼ਤ ਲਫ਼ਜਾਂ ਵਿੱਚ ਨਿਖੇਧੀ ਕਰਦਾ ਹੈ। ਉਹਨਾਂ ਕਿਹਾ ਕਿ ਸਾਡੀ ਗੰਭੀਰ ਚਿੰਤਾ ਇਹ ਹੈ ਕਿ ਭਾਈ ਅੰਮ੍ਰਿਤਪਾਲ ਸਿੰਘ ਜੀ ਤੇ ਐਨ ਐਸ ਏ ਵਧਾ ਕੇ ਉਹਨਾਂ ਨੂੰ ਜਾਣਬੁੱਝ ਕੇ ਇਕ ਸਾਜਿਸ਼ ਅਧੀਨ ਇਕੱਲਾ ਕੀਤਾ ਗਿਆ ਹੈ ਜਿਸ ਕਰਕੇ ਉਹਨਾਂ ਦੀ ਜਾਨ ਨੂੰ ਵੀ ਸਰਕਾਰ ਤੋਂ ਖ਼ਤਰਾ ਹੈ। ਜੇਕਰ ਉਨ੍ਹਾਂ ਨਾਲ ਕਿਸੇ ਵੀ ਕਿਸਮ ਦਾ ਹਾਦਸਾ ਵਾਪਰਦਾ ਹੈ ਅਤੇ ਉਹਨਾਂ ਦਾ ਕੋਈ ਜਾਨੀ ਨੁਕਸਾਨ ਹੁੰਦਾ ਹੈ, ਤਾਂ ਇਸਦੀ ਸਿੱਧੀ ਜ਼ਿੰਮੇਵਾਰੀ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਨ੍ਹਾਂ ਦੀ ਕੱਪਟੀ ਸਰਕਾਰ ਦੀ ਹੋਵੇਗੀ। ਉਹਨਾਂ ਕਿਹਾ ਕਿ ਜੇਕਰ ਸਰਕਾਰ ਕੋਲ ਭਾਈ ਸਾਹਿਬ ਦੇ ਖ਼ਿਲਾਫ਼ ਕਿਸੇ ਦੋਸ਼ ਦੇ ਸਬੂਤ ਹੁੰਦੇ, ਤਾਂ ਉਨ੍ਹਾਂ ਨੂੰ ਖੁੱਲ੍ਹੀ ਅਦਾਲਤ ਵਿੱਚ ਪੇਸ਼ ਕੀਤਾ ਜਾਂਦਾ, ਨਾਂ ਕਿ ਹਜ਼ਾਰਾਂ ਕਿਲੋਮੀਟਰ ਦੂਰ ਡਿਬਰੂਗੜ੍ਹ ਜੇਲ ਵਿੱਚ ਨਜ਼ਰਬੰਦ ਰੱਖਿਆ ਜਾਂਦਾ। ਬਾਪੂ ਤਰਸੇਮ ਸਿੰਘ ਜੀ ਨੇ ਪੰਜਾਬ ਦੀ ਵਿਗੜੀ ਹੋਈ ਲਾਅ ਐਂਡ ਆਰਡਰ ਦੀ ਸਥਿਤੀ ਤੇ ਗੱਲ ਕਰਦਿਆਂ ਕਿਹਾ ਕਿ ਇਸ ਵਕਤ. ਹਾਲਾਤ ਬਦ ਤੋਂ ਬੱਦਤਰ ਹੋਏ ਪਏ ਹਨ, ਆਏ ਦਿਨ ਨੌਜਵਾਨ ਨਸ਼ਿਆਂ ਨਾਲ ਮਰ ਰਹੇ ਹਨ, ਦਿਨ ਦਿਹਾੜੇ ਲੁੱਟਾਂ ਖੋਹਾਂ ਤੇ ਕਤਲੋਗਾਰਤ ਦਾ ਮਾਹੌਲ ਹੈ ਤੇ ਅਜਿਹੇ ਵਿੱਚ ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਸਟੇਜਾਂ ਤੇ ਭੰਗੜੇ ਪਾਕੇ ਖੁਸ਼ੀਆਂ ਮਨਾ ਰਹੇ ਹਨ ਜੋਕਿ ਪੰਜਾਬ ਦੇ ਹਾਲਾਤਾਂ ਦੇ ਮੱਦੇਨਜ਼ਰ ਕਿਸੇ ਤਰਾਂ ਦੀ ਫਿਕਰਮੰਦੀ ਨੂੰ ਨਹੀਂ ਦਰਸਾ ਰਿਹਾ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਇਸ ਵੇਲੇ ਪੰਜਾਬ ਅਤੇ ਕੇਂਦਰ ਸਰਕਾਰ ਲੋਕਾਂ ਨੂੰ ਵਿਖਾਉਣ ਲਈ ਅਲੱਗ-ਅਲੱਗ ਹਨ ਪਰ ਸਿੱਖ ਹਿੱਤਾਂ ਨੂੰ ਦਬਾਉਣ, ਪੰਜਾਬ ਅਤੇ ਪੰਜਾਬੀਆਂ ਵਿਰੋਧੀ ਸੋੜੀਆਂ ਨੀਤੀਆਂ ਨੂੰ ਅਮਲ ਵਿੱਚ ਲਿਆਉਣ ਲਈ ਇਕ ਪਲੇਟਫਾਰਮ ਤੇ ਹਨ। ਉਹਨਾਂ ਕਿਹਾ ਕਿ ਸਰਕਾਰਾਂ ਇਸ ਵਕਤ. ਸਾਡੀ ਨਵੀਂ ਬਣੀਂ ਪਾਰਟੀ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਦੀ ਚੜ ?ਤ ਅਤੇ ਪੰਜਾਬ ਦੇ ਲੋਕਾਂ ਵੱਲੋਂ ਮਿਲ ਰਹੇ ਪਿਆਰ ਤੇ ਸਤਿਕਾਰ ਤੋਂ ਖੌਫ਼ਜ਼ਦਾ ਹਨ। ਪੰਜਾਬ ਇਸ ਵਕਤ. ਦੋ ਧੜਿਆਂ ਚ' ਵੰਡਿਆ ਹੋਇਆ ਹੈ, ਇਕ ਪਾਸੇ ਤਾਨਾਸ਼ਾਹ ਸਰਕਾਰਾਂ ਤੇ ਉਸਦੀ ਕੱਠਪੁਤਲੀ ਬਣੀਂ ਪੁਲਿਸ ਤੇ ਸਰਕਾਰੀ ਏਜੰਸੀਆਂ ਦੂਸਰੇ ਪਾਸੇ ਸਿੱਖ ਨੌਜਵਾਨੀ, ਪੰਜਾਬ ਲੋਕ ਅਤੇ ਪੰਜਾਬ ਦੇ ਹਿੱਤਾਂ ਦੀ ਗੱਲ ਕਰਨ ਵਾਲੇ ਭਾਈ ਅੰਮ੍ਰਿਤਪਾਲ ਸਿੰਘ ਤੇ ਅਕਾਲੀ ਦਲ ( ਵਾਰਿਸ ਪੰਜਾਬ ਦੇ )। ਅਖੀਰ ਵਿੱਚ ਉਹਨਾਂ ਕਿਹਾ ਕਿ ਅਸੀਂ ਪੰਜਾਬ ਦੇ ਹਰ ਜਾਗਰੂਕ ਨਾਗਰਿਕ, ਨੌਜਵਾਨ, ਕਿਸਾਨ, ਸਮਾਜਿਕ ਤੇ ਧਾਰਮਿਕ ਜਥੇਬੰਦੀਆਂ ਨੂੰ ਇਹ ਅਪੀਲ ਕਰਦੇ ਹਾਂ ਕਿ ਹੁਣ ਚੁੱਪ ਰਹਿਣਾ ਗੁਨਾਹ ਹੋਵੇਗਾ। ਇਹ ਸਿਰਫ਼ ਭਾਈ ਅੰਮ੍ਰਿਤਪਾਲ ਸਿੰਘ ਦੀ ਗਿਰਫ਼ਤਾਰੀ ਜਾਂ ਰਿਹਾਈ ਦੀ ਗੱਲ ਨਹੀਂ, ਇਹ ਪੰਥਕ ਅਸਤਿੱਤਵ ਅਤੇ ਪੰਜਾਬ ਦੇ ਹਿੱਤਾਂ ਦੀ ਲੜਾਈ ਹੈ। ਜੇ ਅਸੀਂ ਅੱਜ ਨਾਂ ਬੋਲੇ, ਤਾਂ ਕੱਲ੍ਹ ਸਾਡਾ ਬੋਲਣ ਹੱਕ ਨਹੀਂ ਰਹੇਗਾ। ਉਹਨਾਂ ਕਿਹਾ ਆਮ ਆਦਮੀ ਪਾਰਟੀ ਦੇ ਹਰ ਵਿਧਾਇਕ ਅਤੇ ਮੰਤਰੀ ਤੋਂ ਸਵਾਲ ਕਰੋ। ਉਨ੍ਹਾਂ ਦੀ ਚੁੱਪੀ, ਉਨ੍ਹਾਂ ਦੀ ਰਜਾਮੰਦੀ ਹੈ ਇਸ ਤਾਨਾਸ਼ਾਹੀ ਨਾਲ। ਅਸੀਂ ਸਾਰਿਆਂ ਨੂੰ ਸੱਦਾ ਦਿੰਦੇ ਹਾਂ ਕਿ ਇਹਨਾਂ ਸਰਕਾਰੀ ਨੁਮਾਇੰਦਿਆਂ ਨੂੰ ਨਾਂ ਆਪਣੇ ਦਰ ਤੇ ਬੁਲਾਓ ਅਤੇ ਨਾਂ ਹੀ ਕਿਸੇ ਸਨਮਾਨ ਲਾਇਕ ਸਮਝੋ। ਉਨ੍ਹਾਂ ਤੋਂ ਪੁੱਛੋ ਕਿ "ਤੁਸੀਂ ਕਿੱਥੇ ਖੜੇ ਹੋ ? ਪੰਜਾਬ ਨਾਲ ਜਾਂ ਦਿੱਲੀ ਦੇ ਹੁਕਮਰਾਨਾਂ ਨਾਲ ?" ਉਹਨਾਂ ਸਰਕਾਰੀ ਤਾਨਾਸ਼ਾਹੀ ਦਾ ਮੂੰਹ ਤੋੜ ਜਵਾਬ ਦੇਣ ਲਈ ਤਿੱਖੇ ਸੰਘਰਸ਼ ਦੀ ਵੀ ਚੇਤਾਵਨੀ ਦਿੱਤੀ ਜਿਸਦੀ ਰੂਪ ਰੇਖਾ ਜਲਦ ਹੀ ਉਲੀਕੀ ਜਾਵੇਗੀ।

**ਕੇਂਦਰ ਅਤੇ ਪੰਜਾਬ ਸਰਕਾਰ ਵੇਖਣ ਨੂੰ ਅਲੱਗ ਪ੍ਰੰਤੂ ਸਿੱਖਾਂ ਅਤੇ ਪੰਜਾਬ ਵਿਰੋਧੀ ਨੀਤੀਆਂ ਨੂੰ ਅਮਲ ਵਿੱਚ ਲਿਆਉਣ ਲਈ ਇਕ ਪਲੇਟਫਾਰਮ 'ਤੇ**

ਆਵਾਜ਼ਿ ਕੌਮ AWAZE QAUM International Newspaper & WEB TV

## ਮਾਨ ਸਰਕਾਰ ਪੰਜਾਬ ਨੂੰ

# ਰੰਗਲਾ ਪੰਜਾਬ ਬਣਾਉਣ ਲਈ ਵਚਨਬੱਧ : ਚੇਅਰਮੈਨ ਢਿੱਲੋਂ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਬਚਨਵੱਧ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਨੇ ਕੀਤਾ। ਅੱਜ ਉਹ ਪਿੰਡ ਕਾਂਝਲਾ ਵਿਖੇ ਆਪ ਆਗੂ ਬਸੰਤ ਕੁਮਾਰ ਕਾਂਝਲਾ ਦੇ ਘਰ ਚਾਹ ਦਾ ਕੱਪ ਸਾਂਝਾਂ ਕਰਨ ਲਈ ਵਿਸ਼ੇਸ਼ ਤੌਰ 'ਤੇ ਆਏ ਸਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋ ਯੁੱਧ ਨਸ਼ਿਆਂ ਵਿਰੁੱਧ ਛੇੜੀ ਗਈ ਮੁਹਿੰਮ ਨੂੰ ਪੰਜਾਬ ਦੇ ਲੋਕਾਂ ਵੱਲੋਂ ਚੰਗਾ ਹੁੰਗਾਰਾ ਮਿਲ ਰਿਹਾ ਹੈ ਅਤੇ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਇਸ ਕੰਮ ਦੀ ਲੋਕ ਸੱਥਾਂ ਵਿੱਚ ਸਲਾਂਘਾ ਕਰ ਰਹੇ ਹਨ । ਉਹਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ 70 ਸਾਲਾਂ ਵਿੱਚ ਪੰਜਾਬ ਦੇ ਨੌਜਵਾਨਾਂ ਨੂੰ ਲੁੱਟਣ ਅਤੇ ਕੁੱਟਣ ਦਾ ਕੰਮ ਕੀਤਾ। ਪਰ ਇੱਕ ਪੰਜਾਬ ਦੇ ਪੁੱਤਰ ਭਗਵੰਤ ਸਿੰਘ ਮਾਨ ਹਨ ਜਿਨਾਂ ਨੇ ਪਿਛਲੇ ਤਿੰਨ ਸਾਲਾਂ ਵਿੱਚ ਹੀ ਨੌਜਵਾਨਾਂ ਨੂੰ ਨੌਕਰੀਆਂ ਦੇ ਕੇ ਨਿਵਾਜਿਆ ਹੈ ਇਸ ਮੌਕੇ ਆਪ ਆਗੂ ਰਣਜੋਧ ਸਿੰਘ ਕਾਂਝਲਾ, ਸਾਬਕਾ ਸਰਪੰਚ ਅਮਨਦੀਪ ਸਿੰਘ ਕਾਂਝਲਾ, ਨਰਪਿੰਦਰ ਸਿੰਘ ਤੋਂ ਇਲਾਵਾ ਪਰਿਵਾਰਕ ਮੈਂਬਰ ਹਾਜ਼ਰ ਸਨ।

# ਗੁਰੂ ਨਾਨਕ ਪਬਲਿਕ ਸਕੂਲ ਪੀਤਮਪੁਰਾ ਵਿਖੇ ਵਿਸ਼ੇਸ਼ ਬੱਚਿਆਂ ਲਈ ਉਮੀਦ ਦੀ ਇੱਕ ਨਵੀਂ ਕਿਰਨ "ਅਸੀਸ" ਦੀ ਸ਼ਾਖਾ ਦਾ ਹੋਇਆ ਉਦਘਾਟਨ

## ਰੱਬ ਦੇ ਪਿਆਰੇ ਵਿਸ਼ੇਸ਼ ਬੱਚਿਆਂ ਲਈ ਆਧੁਨਿਕ ਸਹੂਲਤਾਂ ਨਾਲ ਲੈਸ ਹੈ ਅਸੀਸ





ਨਵੀਂ ਦਿੱਲੀ 20 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਦਿਵਸ ਦੇ ਮੌਕੇ ਤੇ ਗੁਰੂ ਨਾਨਕ ਪਬਲਿਕ ਸਕੂਲ ਪੀਤਮਪੁਰਾ ਨੇ 'ਅਸੀਸ' ਦੀ ਨਵੀਂ ਸ਼ਾਖਾ ਦਾ ਉਦਘਾਟਨ ਕੀਤਾ । ਇਸ ਮੌਕੇ ਤੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਇਲਾਹੀ ਬਾਣੀ ਗਾਇਣ ਉਪਰੰਤ ਅਰਦਾਸ ਕਰਦੇ ਹੋਏ ਇਸ ਨੇਕ ਕਾਰਜ ਲਈ ਅਕਾਲ ਪੁਰਖ ਦਾ ਆਸ਼ੀਰਵਾਦ ਲਿਆ ਗਿਆ। ਗੁਰੂ ਨਾਨਕ ਪਬਲਿਕ ਸਕੂਲ ਪੰਜਾਬੀ ਬਾਗ ਦੇ ਚੇਅਰਮੈਨ ਅਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਪੰਜਾਬੀ ਬਾਗ ਦੇ ਜਰਨਲ ਸਕੱਤਰ ਗੁਰਇੰਦਰ ਪਾਲ ਸਿੰਘ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ 'ਅਸੀਸ' ਦੀ ਦੂਜੀ ਸ਼ਾਖਾ ਆਰੰਭ ਕੀਤੀ ਗਈ ਹੈ। 'ਅਸੀਸ' ਵਿਸ਼ੇਸ਼ ਬੱਚਿਆਂ ਲਈ ਇੱਕ ਸੁਰੱਖਿਤ ਸਥਾਨ ਹੈ। ਇਹ ਇੱਕ ਸੋਚ ਹੀ ਨਹੀਂ ਇਕ ਜਜ਼ਬਾ ਵੀ ਹੈ ਕਿਉਕਿ ਇੱਥੇ ਵਿਸ਼ੇਸ਼ ਬੱਚਿਆਂ ਨੂੰ ਭਵਿੱਖ ਵਿੱਚ ਆਉਣ ਵਾਲੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਤਿਆਰ ਕੀਤਾ ਜਾਵੇਗਾ ਜਿਸ ਨਾਲ ਹਰ ਵਿਦਿਆਰਥੀ ਨੂੰ ਪਿਆਰ ਅਤੇ ਸਵੀਕਾਰਤਾ ਮਿਲੇਗੀ। ਵਿਦਿਆਰਥੀਆਂ ਨੂੰ 'ਕਿੱਤਾ ਮੁਖੀ ਗਤੀਵਿਧੀਆਂ' ਨਾਲ ਆਤਮ ਨਿਰਭਰ ਵੀ ਬਣਾਇਆ ਜਾਵੇਗਾ। ਇਸ ਮੌਕੇ ਤੇ ਬਹੁਤ ਸਾਰੀਆਂ ਸੰਗਤਾਂ ਨੇ ਹਾਜਰੀ ਭਰੀ। ਗੁਰੂ ਨਾਨਕ ਪਬਲਿਕ ਸਕੂਲ ਪੰਜਾਬੀ ਬਾਗ ਅਤੇ ਗੁਰੂ ਨਾਨਕ ਪਬਲਿਕ ਸਕੂਲ ਪੀਤਮਪੁਰਾ ਦੋਹਾਂ ਸਕੂਲਾਂ ਦੀ ਪ੍ਰਬੰਧਕ ਕਮੇਟੀਆਂ ਵੱਲੋਂ ਆਏ ਪਤਵੰਤੇ ਸੱਜਣਾਂ ਦਾ ਸਵਾਗਤ ਕੀਤਾ ਗਿਆ। ਵਿਦਿਆਰਥੀਆਂ ਦੇ ਮਾਤਾ ਪਿਤਾ ਅਤੇ ਆਈਆਂ ਸੰਗਤਾਂ ਨੇ 'ਅਸੀਸ 'ਦਾ ਦੌਰਾ ਵੀ ਕੀਤਾ ਗਿਆ। ਇੱਥੇ ਵਿਸ਼ੇਸ਼ ਬੱਚਿਆਂ ਲਈ ਜੋ ਸਹੂਲਤਾਂ ਦਿੱਤੀਆਂ ਗਈਆਂ ਹਨ ਸਾਰਿਆਂ ਨੇ ਹੀ ਉਸਦੀ ਸਲਾਘਾ ਕੀਤੀ । ਇਸ ਮੌਕੇ ਤੇ 'ਅਸੀਸ' ਦੇ ਵਿਦਿਆਰਥੀਆਂ ਵੱਲੋਂ ਲੋਕ ਨਾਚ ਵੀ ਪੇਸ਼ ਕੀਤਾ ਗਿਆ, ਜਿਸ ਨੇ ਸਭ ਦਾ ਮਨ ਮੋਹ ਲਿਆ। 'ਅਸੀਸ' ਦੇ ਇੰਚਾਰਜ ਹਰਮੀਤ ਕੌਰ, ਅਧਿਆਪਕਾਂ ਅਤੇ ਪ੍ਰਬੰਧਕ ਕਮੇਟੀ ਵੱਲੋਂ ਇਹ ਵਿਸ਼ਵਾਸ ਦਵਾਇਆ ਗਿਆ ਕਿ ਉਹ ਸਮਾਜ ਵਿਕਾਸ ਅਤੇ ਸਮਾਜ ਕਲਿਆਣ ਲਈ ਸਦਾ ਤਿਆਰ ਬਰ ਤਿਆਰ ਹਨ। ਸਾਰਿਆਂ ਲਈ ਹੀ ਇਹ ਪਲ, ਬਹੁਤ ਹੀ ਭਾਵੁਕ ਪਲ ਸਨ। ਅਸੀਸ ਦੇ ਉਦਘਾਟਨ ਮੌਕੇ ਤੇ ਗੁਰੂ ਨਾਨਕ ਪਬਲਿਕ ਸਕੂਲ ਪੰਜਾਬੀ ਬਾਗ ਦੇ ਚੇਅਰਮੈਨ ਗੁਰਇੰਦਰ ਪਾਲ ਸਿੰਘ, ਕੁਲਦੀਪ ਸਿੰਘ ਲਾਇਲਪੁਰੀ (ਮੈਨੇਜਰ), ਗੁਰਵਿੰਦਰ ਸਿੰਘ ਸੱਭਰਵਾਲ (ਵਿੱਤ ਸਕੱਤਰ), ਗੁਰੂ ਨਾਨਕ ਪਬਲਿਕ ਸਕੂਲ ਪੀਤਮਪੁਰਾ ਦੇ ਚੇਅਰਮੈਨ ਦਲਜੀਤ ਸਿੰਘ ਬਿੰਦਰਾ, ਜਸਬੀਰ ਸਿੰਘ ਚਾਵਲਾ (ਮੈਨੇਜਰ), ਏ. ਪੀ. ਸਿੰਘ ਆਹੂਜਾ (ਵਿੱਤ ਸਕੱਤਰ), ਹਰਵਿੰਦਰ ਸਿੰਘ ਚਾਵਲਾ (ਕੋਹਾਟ ਇਨਕਲੇਵ), ਅੰਮ੍ਰਿਤਾ ਕੌਰ (ਬੇਬੇ ਨਾਨਕੀ ਐਨ.ਜੀ.ਓ) ਬਲਜੀਤ ਸਿੰਘ ਮਰਵਾਹ (ਸੈਨਿਕ ਵਿਹਾਰ), ਰਵਿੰਦਰ ਕੌਰ (ਉਪ ਪ੍ਰਿੰਸੀਪਲ, ਗੁਰੂ ਨਾਨਕ ਪਬਲਿਕ ਸਕੂਲ, ਪੀਤਮਪੁਰਾ) ਨੇ ਵੀ ਹਾਜਰੀ ਭਰੀ।

ਆਵਾਜ਼ਿ ਕੌਮ AWAZE QAUM International Newspaper & WEB TV

# ਕਲਾਕਾਰਾਂ ਨੂੰ ਸਮੁੱਚੇ ਸਮਾਜ ਦਾ ਫ਼ਿਕਰ ਹੁੰਦੈ - ਮੂਲ ਚੰਦ ਸ਼ਰਮਾ



ਨਾਭਾ ( ਰਣਜੀਤ ਸਿੰਘ ਪੇਧਨੀ ) ਦੁਨੀਆਂ ਵਿੱਚ ਤਿੰਨ ਤਰ੍ਹਾਂ ਦੇ ਇਨਸਾਨ ਹੁੰਦੇ ਹਨ । ਆਪਣੇ ਆਪ ਦਾ , ਆਪਣੇ ਪਰਿਵਾਰ ਦਾ ਅਤੇ ਸਮਾਜ ਦਾ ਫ਼ਿਕਰ ਕਰਨ ਵਾਲ਼ੇ । ਕਲਾਕਾਰ ਲੋਕ ਭਾਵੇਂ ਉਹ ਕਿਸੇ ਵੀ ਕਲਾ ਨਾਲ਼ ਜੁੜੇ ਹੋਣ ਉਹ ਸਮੁੱਚੇ ਸਮਾਜ ਦੇ ਦੁੱਖ ਸੁੱਖ ਨੂੰ ਸਮਝਦੇ ਅਤੇ ਉਸ ਪ੍ਰਤੀ ਫ਼ਿਕਰਮੰਦ ਵੀ ਹੁੰਦੇ ਹਨ , ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬੀ ਸਾਹਿਤ ਸਭਾ ਧੂਰੀ ਦੇ ਪ੍ਰਧਾਨ ਮੂਲ ਚੰਦ ਸ਼ਰਮਾ ਨੇ ਲੇਖਕ ਪਾਠਕ ਕਲਾ ਮੰਚ ਲੁਬਾਣਾ ਟੇਕੂ ( ਨਾਭਾ ) ਦੇ ਦੂਸਰੇ ਮਾਸਿਕ ਸਾਹਿਤਕ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ । ਬੀਤੇ ਮਹੀਨੇ ਉਪਰੋਕਤ ਮੰਚ ਦੀ ਸਥਾਪਨਾ ਪਿੰਡ ਲੁਬਾਣਾ ਵਿਖੇ ਲੇਖਕਾਂ , ਪਾਠਕਾਂ , ਕਲਾਕਾਰਾਂ ਅਤੇ ਕਲਾ ਪ੍ਰੇਮੀਆਂ ਦੇ ਹੋਏ ਇਕੱਠ ਵਿੱਚ ਕੀਤੀ ਗਈ ਸੀ । ਅੱਜ ਉਸ ਦੀ ਦੂਸਰੀ ਮਾਸਿਕ ਇਕੱਤਰਤਾ ਕਾਰਜਕਾਰੀ ਪ੍ਰਧਾਨ ਸ਼੍ਰੀ ਰਾਮ ਲੁਬਾਣਾ ਟੇਕੂ ਦੀ ਪ੍ਰਧਾਨਗੀ ਹੇਠ ਅਲੌਹਰਾਂ ਗੇਟ ਨਾਭਾ ਵਿਖੇ ਕੀਤੀ ਗਈ , ਜਿਸ ਵਿੱਚ ਧੂਰੀ ਜਿਲ੍ਹਾ ਸੰਗਰੂਰ ਤੋਂ ਪਹੁੰਚੇ ਮੂਲ ਚੰਦ ਸ਼ਰਮਾ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ । ਪੰਜਾਬੀ ਸਾਹਿਤ , ਮਾਤ ਭਾਸ਼ਾ , ਕਲਾ ਅਤੇ ਸੱਭਿਆਚਾਰ ਦੀ ਸਾਂਭ ਸੰਭਾਲ ਅਤੇ ਪ੍ਰਫੁੱਲਤਾ ਲਈ ਵਿਚਾਰ ਚਰਚਾ ਕਰਨ ਤੋਂ ਇਲਾਵਾ ਸਰਵ ਸ਼੍ਰੀ ਹਰਬੰਸ ਸਿੰਘ ਮੰਡੌਰ , ਨਵਤੇਜ ਸਿੰਘ ਗੁਰਨਾ , ਰਾਜ ਫੈਜਗੜ੍ਹੀਆ , ਹਰਕੇਸ਼ ਕੌਰ , ਪਾਲ ਸਿੰਘ ਭੜੀ ਪਨੈਚਾਂ , ਗਰੀਬ ਦਾਸ ਕੈਦੂਪੁਰ , ਸਰੂਪ ਸਿੰਘ ਚੌਧਰੀ ਮਾਜਰਾ , ਮਾਸਟਰ ਕਰਮ ਸਿੰਘ , ਗੁਰਜੰਟ ਸਿੰਘ ਸਹੋਤਾ ਅਤੇ ਸੇਵਾ ਮੁਕਤ ਪੰਚਾਇਤ ਅਫ਼ਸਰ ਰਾਮ ਸ਼ਰਮਾ ਲੁਬਾਣਾ ਟੇਕੂ ਨੇ ਆਪੋ ਆਪਣੀਆਂ ਸੱਜਰੀਆਂ ਅਤੇ ਚੋਣਵੀਆਂ ਰਚਨਾਵਾਂ ਪੇਸ਼ ਕਰਕੇ ਖ਼ੂਬ ਰੰਗ ਬੰਨ੍ਹਿਆਂ । ਅੰਤ ਵਿੱਚ ਫੈਸਲਾ ਕੀਤਾ ਗਿਆ ਕਿ ਅਗਲੀ ਇਕੱਤਰਤਾ ਜਿਹੜੀ ਮਈ ਮਹੀਨੇ ਦੇ ਤੀਸਰੇ ਐਤਵਾਰ ਹੋਵੇਗੀ ਉਸ ਵਿੱਚ ਸਮੂਹ ਅਹੁਦੇਦਾਰਾਂ ਦੀ ਬਕਾਇਦਾ ਚੋਣ ਕਰ ਕੇ ਮੰਚ ਨੂੰ ਹੋਰ ਸਰਗਰਮ ਕੀਤਾ ਜਾਵੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

## ਪ੍ਰਕਾਸ਼ ਗੁਰਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ

# ਗੁਰਦੁਆਰਾ ਬਾਬਾ ਅਟੱਲ ਰਾਏ ਜੀ ਵਿਖੇ ਸਜਾਏ ਸੁੰਦਰ ਜਲੌ



**ਨਵੀਂ ਦਿੱਲੀ , 20 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਗੁਰੂ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੇ ਗੁਰਦੁਆਰਾ ਸ੍ਰੀ ਸੰਤੋਖਸਰ ਸਾਹਿਬ ਵਿਖੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਜੀ ਵਿਖੇ ਸੁੰਦਰ ਜਲੌ ਸਜਾਏ ਗਏ ਸ਼੍ਰੋਮਣੀ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਅਤੇ ਗੁਰਦੁਆਰਾ ਸ੍ਰੀ ਸੰਤੋਖਸਰ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਏ ਗਏ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਪੰਥ ਪ੍ਰਸਿੱਧ ਕਥਾਵਾਚਕਾਂ ਨੇ ਸੰਗਤਾਂ ਨਾਲ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ। ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ. ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੱਤੀ। ਉਨ੍ਹਾਂ ਆਪਣੇ ਵਧਾਈ ਸੰਦੇਸ਼ ਵਿੱਚ ਆਖਿਆ ਹੈ ਕਿ ਗੁਰੂ ਸਾਹਿਬ ਦਾ ਜੀਵਨ ਮਨੁੱਖਤਾ ਲਈ ਚਾਨਣ-ਮੁਨਾਰਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਵੱਡਾ ਪਰਉਪਕਾਰ ਕਰਦਿਆਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਤਿਆਰ ਕਰਵਾਇਆ ਅਤੇ ਸੰਗਤਾਂ ਨੂੰ ਸ਼ਬਦ ਨਾਲ ਜੋੜਿਆ। ਉਨ੍ਹਾਂ ਸੰਗਤ ਨੂੰ ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਣਾ ਲੈਣ ਅਤੇ ਗੁਰਬਾਣੀ ਉਪਦੇਸ਼ਾਂ 'ਤੇ ਚੱਲਣ ਦੀ ਅਪੀਲ ਕੀਤੀ। ਇਸੇ ਦੌਰਾਨ ਐਡਵੋਕੇਟ ਧਾਮੀ ਨੇ ਭਗਤ ਧੰਨਾ ਜੀ ਦੇ ਜਨਮ ਦਿਹਾੜੇ ਦੀ ਵੀ ਸੰਗਤਾਂ ਨੂੰ ਵਧਾਈ ਦਿੱਤੀ।

### ਪੰਜਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਐਡਵੋਕੇਟ ਧਾਮੀ ਨੇ ਸੰਗਤ ਨੂੰ ਦਿੱਤੀ ਵਧਾਈ

## ਦਵਾਈ ਦੇ ਨਾਲ ਨਾਲ ਹੌਸਲੇ ਤੇ ਦ੍ਰਿੜ ਇਰਾਦੇ ਨਾਲ ਵੀ ਪਾਈ ਜਾ ਸਕਦੀ ਹੈ ਕੈਂਸਰ ਨੂੰ ਮਾਤ- ਕੁਲਤਾਰ ਸਿੰਘ ਸੰਧਵਾਂ

# ਕੈਂਸਰ ਜਾਗਰੂਕਤਾ ਦੌੜ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ

ਬਠਿੰਡਾ, 20 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਦਵਾਈ ਦੇ ਨਾਲ-ਨਾਲ ਪੂਰੇ ਹੌਂਸਲੇ ਤੇ ਪੂਰੇ ਦ੍ਰਿੜ ਇਰਾਦੇ ਨਾਲ ਵੀ ਕੈਂਸਰ ਜਿਹੀ ਭਿਆਨਕ ਬਿਮਾਰੀ ਨੂੰ ਹਰਾਇਆ ਜਾ ਸਕਦਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸ. ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੇ ਅੱਜ ਸਥਾਨਕ ਰੋਜ਼ ਗਾਰਡਨ ਵਿਖੇ ਕੈਂਸਰ ਦੀ ਲਾਇਲਾਜ ਬਿਮਾਰੀ ਬਾਰੇ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਲਾਰਿਤ ਵੈਲਫੇਅਰ ਫਾਊਂਡੇਸ਼ਨ ਵੱਲੋਂ ਕਰਵਾਈ ਗਈ ਵਾਕਾਥਨ ਮੌਕੇ ਆਪਣੇ ਸੰਬੋਧਨ ਦੌਰਾਨ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਅਤੇ ਸ੍ਰੀ ਅੰਮ੍ਰਿਤ ਲਾਲ ਅਗਰਵਾਲ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਮੌਕੇ ਸ. ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸਾਨੂੰ ਸਮੇਂ-ਸਮੇਂ 'ਤੇ ਆਪਣੇ ਸਰੀਰ ਦਾ ਚੈੱਕ ਅਪ ਕਰਵਾਉਣਾ ਚਾਹੀਦਾ ਹੈ ਤਾਂ ਕਿ ਕੈਂਸਰ ਵਰਗੀ ਭਿਆਨਕ ਬਿਮਾਰੀ ਦੇ ਲੱਛਣਾਂ ਦਾ ਪਹਿਲੀ ਸਟੇਜ 'ਤੇ ਹੀ ਪਤਾ ਲੱਗ ਸਕੇ ਅਤੇ ਸਮੇਂ-ਸਿਰ ਇਲਾਜ ਕਰਵਾਇਆ ਜਾ ਸਕੇ। ਇਸ ਭਿਆਨਕ ਬਿਮਾਰੀ ਦੇ ਮਰੀਜ਼ ਨੂੰ ਬਹੁਤ ਤਕਲੀਫ ਵਿੱਚੋਂ ਨਿਕਲਣਾ ਪੈਂਦਾ ਹੈ। ਮਰੀਜ਼ ਨੂੰ ਡਾਕਟਰੀ ਇਲਾਜ ਦੇ ਨਾਲ-ਨਾਲ ਪੂਰੇ ਪਰਿਵਾਰ ਦੇ ਸਾਥ ਦੀ ਵੀ ਜ਼ਰੂਰਤ ਹੁੰਦੀ ਹੈ ਤਾਂ ਜੋ ਮਰੀਜ਼ ਦਾ ਹੌਂਸਲਾ ਬਣਿਆ ਰਹੇ। ਸ. ਸੰਧਵਾਂ ਵੱਲੋਂ ਲਾਰਿਤ ਵੈਲਫੇਅਰ ਫਾਊਂਡੇਸ਼ਨ ਦੀ ਡਾਇਰੈਕਟਰ ਲਤਾ ਸ਼੍ਰੀਵਾਸਤਵ ਦੀ ਅਗਵਾਈ ਹੇਠ ਕਰਵਾਈ ਗਈ ਇਸ ਤੀਜੀ ਵਾਕਾਥਨ ਦੌਰਾਨ ਇਕੱਤਰ ਹੋਏ ਮੈਡੀਕਲ ਲਾਈਨ ਦੇ ਉੱਘੇ ਡਾਕਟਰਾਂ ਅਤੇ ਕਾਰੋਬਾਰੀਆਂ ਦੇ ਨਾਲ-ਨਾਲ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਅਤੇ ਸ਼ਹਿਰ ਵਾਸੀਆਂ ਨੂੰ ਵਧਾਈ ਦੇਣ ਦੇ ਨਾਲ-ਨਾਲ ਹੌਂਸਲਾ ਅਫ਼ਜਾਈ ਕਰਦਿਆਂ ਕਿਹਾ ਕਿ ਅਜਿਹੇ ਜਾਗਰੂਕਤਾ ਪ੍ਰੋਗ੍ਰਾਮ ਕਰਵਾਉਂਦੇ ਰਹਿਣਾ ਚਾਹੀਦਾ ਹੈ ਤਾਂ ਜੋ ਆਮ ਲੋਕ ਵੱਧ ਤੋਂ ਵੱਧ ਜਾਗਰੂਕ ਹੋ ਸਕਣ। ਇਸ ਉਪਰੰਤ ਸ. ਸੰਧਵਾਂ ਵੱਲੋਂ ਕੈਂਸਰ ਜਾਗਰੂਕਤਾ ਵਾਕਾਥਾਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਵੀ ਕੀਤਾ। ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਵੱਲੋਂ ਇਸ ਦੌਰਾਨ ਕੈਂਸਰ ਦੇ ਮਰੀਜ਼ ਨੂੰ ਪੂਰੀ ਤਰ੍ਹਾਂ ਠੀਕ ਹੋਣ ਉਪਰੰਤ ਸਨਮਾਣਿਤ ਕਰਦਿਆਂ ਕਿਹਾ ਕਿ ਕੈਂਸਰ ਦੀ ਬਿਮਾਰੀ ਤੋਂ ਘਬਰਾਉਣ ਦੀ ਲੋੜ ਨਹੀਂ ਅਤੇ ਸਾਨੂੰ ਹੌਂਸਲਾ ਨਹੀਂ ਛੱਡਣਾ ਚਾਹੀਦਾ, ਸਗੋਂ ਡਾਕਟਰ ਨੂੰ ਮਿਲ ਕੇ ਇਸ ਦਾ ਸਮੇਂ ਸਿਰ ਇਲਾਜ ਕਰਵਾਉਣਾ ਚਾਹੀਦਾ ਹੈ। ਇਸ ਦੌਰਾਨ ਰਿਫਰੈਸ਼ਮੈਂਟ ਦੇ ਪ੍ਰਬੰਧ ਤੋਂ ਇਲਾਵਾ ਦੌੜ ਵਿੱਚ ਜੇਤੂ ਰਹੇ ਸੁਖਵਿੰਦਰ ਸੁੱਖੀ, ਸੁਰਿੰਦਰ ਖਾਨ ਅਤੇ ਸੁਖਮੰਦਰ ਸਿੰਘ ਨੇ ਤਰਤੀਬਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਜੇਤੂਆਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਮੈਡਮ ਪੂਨਮ ਸਿੰਘ, ਐਸ.ਪੀ. ਨਰਿੰਦਰ ਕੁਮਾਰ, ਉਪ ਮੰਡਲ ਮੈਜਿਸਟਰੇਟ ਸ. ਬਲਕਰਨ ਸਿੰਘ ਮਾਹਲ, ਚੇਅਰਮੈਨ ਮਾਰਕੀਟ ਕਮੇਟੀ ਬਠਿੰਡਾ ਸ੍ਰੀ ਬੱਲੀ ਬਲਜੀਤ, ਪ੍ਰੋਫੈਸਰ ਡਾ.ਐਮ.ਪੀ.ਪੂਨੀਆ, ਕੈਂਪਸ ਡਾਇਰੈਕਟਰ ਬਾਬਾ ਫ਼ਰੀਦ ਗਰੁੱਪ, ਸਾਬਕਾ ਵਾਈਸ ਚੇਅਰਮੈਨ ਏ.ਆਈ.ਸੀ.ਟੀ.ਈ ਨਵੀਂ ਦਿੱਲੀ, ਰਜਿੰਦਰ ਪਾਲ ਅਸਿਸਟੈਂਟ ਵਾਈਸ ਪ੍ਰੈਜ਼ੀਡੈਂਟ (ਐਚ.ਆਰ. ਐਂਡ ਐਡਮਿਨ) ਸਪੋਰਟਿੰਗ ਪ੍ਰਾਈਵੇਟ ਲਿਮਟਿਡ, ਜਸਵਿੰਦਰ ਸਿੰਘ, ਰਾਇਲਦੀਪ ਕੰਸਟਰਕਸ਼ਨ ਪ੍ਰਾਈਵੇਟ ਲਿਮਟਿਡ, ਚੈਂਬਰ ਆਫ਼ ਕਾਮਰਸ ਦੇ ਪ੍ਰਧਾਨ ਰਾਮ ਪ੍ਰਕਾਸ਼ ਜਿੰਦਲ, ਗ੍ਰੀਨ ਸਿਟੀ ਦੇ ਐਮ.ਡੀ ਡੀ.ਪੀ ਗੋਇਲ, ਪੀ.ਜੇ.ਪਾਰਕ ਪਨੋਰਮਾ ਦੇ ਐਮਡੀ ਪਰਵੀਨ ਜਿੰਦਲ, ਅਮੋਹਾ ਲੀਫ ਦੇ ਐਮਡੀ ਪੁਨੀਤ ਬਾਂਸਲ, ਡਰੀਮ ਹਾਈਟਸ ਦੇ ਐਮਡੀ ਸੁਨੀਲ ਬਾਂਸਲ, ਚਹਿਲ ਅਰਥ ਫਿਲਿੰਗ ਕੰਪਨੀ ਦੇ ਐਮਡੀ ਗੁਰਦੀਪ ਸਿੰਘ ਦੀਪਾ, ਪ੍ਰੈਗਮਾ ਸੁਪਰਸਪੈਸ਼ਿਲਟੀ ਹਸਪਤਾਲ ਦੇ ਡਾ: ਸਰਤਾਜ ਗਿੱਲ, ਡਾ. ਮਨਜੀਤ ਸਿੰਘ ਜੌੜਾ, ਮੈਕਸ ਹਸਪਤਾਲ਼ ਦੇ ਡਾ. ਨੇਹਾ ਗੁਪਤਾ, ਡਾ. ਵਿਜੇ ਜਗਦੀਪ, ਨਿਊ ਪਾਲਿਸੀ ਹਸਪਤਾਲ ਦੇ ਡਾ. ਕਰਨ ਸਰਵਾਲ, ਐਡਵਾਂਸਡ ਕੈਂਸਰ ਕੇਅਰ, ਡਾ.ਪਰਮਿੰਦਰ ਸੰਧੂ, ਅਤਿਨ ਗੁਪਤਾ ਇੰਦਰਾਣੀ ਹਸਪਤਾਲ, ਡਾ. ਦੀਪਾਲੀ ਪਾਥ ਲੈਬ, ਡਾ. ਰਜਨੀ ਜਿੰਦਲ, ਡਾ. ਪਾਰੁਲ ਗੁਪਤਾ, ਐਡਵੋਕੇਟ ਗੁਰਵਿੰਦਰ ਮਾਨ ਪ੍ਰਧਾਨ ਬਾਰ ਐਸੋਸੀਏਸ਼ਨ, ਸਟੂਡੈਂਟਸ ਯੂਨੀਅਨ ਪੰਜਾਬ ਦੇ ਨਿਤਿਨ ਸ਼ਰਮਾ, ਇੰਦਰਾਣੀ ਬਲੱਡ ਬੈਂਕ ਦੇ ਨੀਲੇਸ਼ ਪੇਠਾਣੀ, ਬਠਿੰਡਾ ਵਿਕਾਸ ਮੰਚ ਦੇ ਪ੍ਰਧਾਨ ਰਾਕੇਸ਼ ਨਰੂਲਾ, ਸਮਾਜ ਸੇਵੀ ਭੁਪਿੰਦਰ ਬਾਂਸਲ, ਐਡਵੋਕੇਟ ਅਮਨਦੀਪ ਸਿੰਘ ਅਗਰਵਾਲ, ਗਗਨਜੋਤ ਸਿੰਘ ਗਿੱਲ, ਅਜੇ ਕੁਮਾਰ ਗਿੱਦੜਬਾਹਾ, ਨਰੇਸ਼ ਗੋਇਲ ਬੱਲੂਆਣਾ, ਧਨਸ਼ਿਆਮ ਧੰਨਾ, ਦਿਨੇਸ਼ ਵਿੱਕੀ, ਗੁਰਤੇਜ ਸਿੰਘ ਗਰੇਵਾਲ ਆਦਿ ਹਾਜ਼ਰ ਸਨ।





# ਗੁਰੂ ਕਾਸ਼ੀ ਸਾਹਿਤ ਅਕਾਦਮੀ ਦਮਦਮਾ ਸਾਹਿਬ ਦੀ ਹੋਈ ਅਹਿਮ ਮੀਟਿੰਗ



**ਤਲਵੰਡੀ ਸਾਬੋ, 20 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਕਾਸ਼ੀ ਸਾਹਿਤ ਅਕਾਦਮੀ ਦਮਦਮਾ ਸਾਹਿਬ (ਰਜਿ:) ਪੰਜਾਬ ਦੀ ਸ਼੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਲਾਇਬ੍ਰੇਰੀ ਤਲਵੰਡੀ ਸਾਬੋ ਵਿਖੇ ਅਹਿਮ ਮੀਟਿੰਗ ਸਰਪ੍ਰਸਤ ਗਿਆਨੀ ਕੌਰ ਸਿੰਘ ਜੀ ਕੋਠਾ ਗੁਰੂ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਹਾਜ਼ਰ ਅਹੁਦੇਦਾਰਾਂ ਨੇ ਅਕਾਦਮੀ ਦੇ ਛਿਮਾਹੀ ਸਮਾਗਮ ਦੀ ਰੂਪ ਰੇਖਾ ਤਿਆਰ ਕੀਤੀ। ਇਸ ਸਮਾਗਮ ਦੌਰਾਨ ਅਕਾਦਮੀ ਵੱਲੋਂ ਚਾਰ ਪੁਰਸਕਾਰ ਦਿੱਤੇ ਜਾਣਗੇ। ਕਾਰਜਕਾਰਨੀ ਕਮੇਟੀ ਨੇ ਦੱਸਿਆ ਕਿ ਛਿਮਾਹੀ ਸਮਾਗਮ ਲਈ ਆਉਣ ਵਾਲੀ 11 ਮਈ ਨੂੰ ਚੁਣਿਆ ਹੈ। ਮੌਸਮ ਅਨੁਸਾਰ ਅੱਗੇ ਪਿੱਛੇ ਬਦਲਾਅ ਵੀ ਕੀਤਾ ਜਾ ਸਕਦਾ ਹੈ। ਜਿਸ ਵਿੱਚ ਇਲਾਕੇ ਦੇ ਲੇਖਕ, ਬੁੱਧੀਜੀਵੀ, ਵਿਦਵਾਨ ਅਤੇ ਸਮਾਜ ਸੇਵੀ ਸਖਸ਼ੀਅਤਾਂ ਹਾਜ਼ਰ ਹੋਣਗੀਆਂ। ਮੀਟਿੰਗ ਵਿੱਚ ਪ੍ਰਧਾਨ ਪ੍ਰੋ. ਡਾ. ਗੁਰਜੀਤ ਸਿੰਘ ਖਾਲਸਾ, ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਪ੍ਰੀਤੀਮਾਨ, ਜਨਰਲ ਸਕੱਤਰ ਕੰਵਰਜੀਤ ਸਿੰਘ, ਮੀਤ ਪ੍ਰਧਾਨ ਹਰਿਆਣਾ ਸੁਰਿੰਦਰਪਾਲ ਸਿੰਘ ਸਾਥੀ, ਵਿੱਤ ਸਕੱਤਰ ਪ੍ਰੀਤ ਕੈਂਥ ਅਤੇ ਪ੍ਰੈੱਸ ਸਕੱਤਰ ਗਗਨ ਫੂਲ ਆਦਿਕ ਅਹੁਦੇਦਾਰ ਸਹਿਬਾਨ ਹਾਜ਼ਰ ਰਹੇ।

# ਦਮਦਮਾ ਸਾਹਿਬ ਵਿਖੇ ਦਸਵਾਂ ਵਿਰਸਾ ਸੰਭਾਲ ਗੱਤਕਾ ਅਤੇ ਦਸਤਾਰ ਮੁਕਾਬਲਾ ਕਰਵਾਇਆ, ਜੇਤੂ ਟੀਮਾਂ ਨੂੰ ਦਿੱਤੇ ਵੱਡੇ ਵੱਡੇ ਇਨਾਮ



**ਤਲਵੰਡੀ ਸਾਬੋ, 20 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਭਾਈ ਡੱਲ ਸਿੰਘ ਗਤਕਾ ਅਕੈਡਮੀ ਅਤੇ ਸਟੱਡ ਫਾਰਮ ਤਲਵੰਡੀ ਸਾਬੋ ਵੱਲੋਂ ਖਾਲਸਾ ਸਾਜਨਾ ਦਿਵਸ ਵਿਸਾਖੀ ਅਤੇ ਸੰਦੀਪ ਸਿੰਘ ਦੀਪ ਸਿੱਧੂ ਦੀ ਯਾਦ ਨੂੰ ਸਮਰਪਿਤ ਦਸਵਾਂ ਵਿਰਸਾ ਸੰਭਾਲ ਗੱਤਕਾ ਮੁਕਾਬਲਾ ਅਤੇ ਸੁੰਦਰ ਦਸਤਾਰ ਮੁਕਾਬਲਾ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਦੇਸ਼ ਭਰ ਦੀਆਂ ਨਾਮਵਰ ਟੀਮਾਂ ਭਾਗ ਲਿਆ। ਗੱਤਕਾ ਮੁਕਾਬਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਭਾਈ ਡੱਲ ਸਿੰਘ ਗੱਤਕਾ ਅਕੈਡਮੀ ਦੇ ਮੁੱਖ ਸੇਵਾਦਾਰ ਭਾਈ ਸਰਬਜੀਤ ਸਿੰਘ ਖਾਲਸਾ ਨੇ ਦੱਸਿਆ ਕਿ ਜਿੱਥੇ ਗੱਤਕਾ ਮੁਕਾਬਲੇ ਵੱਡੀ ਪੱਧਰ 'ਤੇ ਕਰਵਾਏ ਗਏ ਉੱਥੇ ਹੀ ਦਸਤਾਰ ਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਵੀ ਕਰਵਾਏ ਗਏ ਜਿਸ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਨਗਦ ਇਨਾਮ ਰਾਸ਼ੀ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਉਹਨਾਂ ਦੱਸਿਆ ਕਿ ਗੱਤਕਾ ਮੁਕਾਬਲੇ ਵਿੱਚ ਲਗਭਗ 25 ਟੀਮਾਂ ਨੇ ਸ਼ਮੂਲੀਅਤ ਕੀਤੀ ਜਿਸ ਵਿੱਚ ਅਕਾਲ ਸਹਾਇ ਗਤਕਾ ਅਕੈਡਮੀ ਲੁਧਿਆਣਾ ਪਹਿਲਾ ਸਥਾਨ, ਗੁਰੂ ਕੀ ਫੌਜ ਬੁੱਢਾ ਦਲ ਗੱਤਕਾ ਅਖਾੜਾ ਪਿੰਡ ਛੱਜਾਵਾਲ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ ਜਦੋਂ ਕਿ ਤੀਸਰਾ ਸਥਾਨ ਖਾਲਸਾ ਅਕਾਲ ਪੁਰਖ ਕੀ ਫੌਜ ਕੁਰਾਲੀ ਨੇ ਹਾਸਲ ਕੀਤਾ। ਇਹਨਾਂ ਜੇਤੂ ਟੀਮਾਂ ਨੂੰ ਮਹਿਮਾਨਾਂ ਵਲੋਂ ਕ੍ਰਮਵਾਰ 31000, 21000, 11000 ਰੁਪਏ ਨਗਦ ਇਨਾਮ ਅਤੇ ਯਾਦਗਾਰੀ ਤਸਵੀਰਾਂ ਦੇ ਕੇ ਸਨਮਾਨਿਤ ਗਿਆ। ਇਸਤੋਂ ਇਲਾਵਾ ਫਰੀ ਸੋਟੀ ਵਿਅਕਤੀਗਤ ਫਾਈਟ ਮੁਕਾਬਲੇ ਵਿੱਚ ਪਹਿਲਾ ਸਥਾਨ ਗੁਰਸੇਵਕ ਸਿੰਘ ਹੇਰਾਂ, ਦੂਸਰਾ ਸਥਾਨ ਅਰਮਾਨਦੀਪ ਸਿੰਘ ਭੁੱਚੋ ਅਤੇ ਤੀਸਰਾ ਸਥਾਨ ਮਨਦੀਪ ਸਿੰਘ ਤਲਵੰਡੀ ਸਾਬੋ ਨੇ ਹਾਸਿਲ ਕੀਤਾ, ਜਿਨਾਂ ਨੂੰ ਕ੍ਰਮਵਾਰ 21000, 11000, 7100 ਨਗਦ ਇਨਾਮ ਕੇ ਸਨਮਾਨਿਤ ਕੀਤਾ ਗਿਆ। ਉਹਨਾਂ ਦੱਸਿਆ ਕਿ ਇਹਨਾਂ ਮੁਕਾਬਲਿਆ ਵਿੱਚ ਮੁੱਖ ਭੂਮਿਕਾ ਹਰਪ੍ਰੀਤ ਸਿੰਘ ਹਠੂਰ, ਹਰਦੇਵ ਸਿੰਘ ਛੀਨੀਵਾਲ, ਕਰਮਜੀਤ ਸਿੰਘ ਛੀਨੀਵਾਲ, ਹਰਦੀਪ ਸਿੰਘ ਭਿੰਡਰ, ਅਰਸ਼ਦੀਪ ਸਿੰਘ ਤਪਾ ਨੇ ਨਿਭਾਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਸੁਖਰਾਜ ਸਿੰਘ ਨਿਆਮੀ ਵਾਲਾ, ਗੁਰਸੇਵਕ ਸਿੰਘ ਜਵਾਹਰਕੇ, ਗੁਰਪ੍ਰੀਤ ਸਿੰਘ ਝੱਬਰ, ਭੋਲਾ ਸਿੰਘ ਇੰਚਾਰਜ ਧਰਮ ਪ੍ਰਚਾਰ ਦਫਤਰ, ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਸਤਿੰਦਰ ਪਾਲ ਸਿੰਘ ਸਿੱਧੂ, ਕਲਕੱਤਾ ਸਿੰਘ ਮੌੜ, ਸਿਮਰਜੋਤ ਸਿੰਘ ਬਠਿੰਡਾ, ਡਾਕਟਰ ਰਵਿੰਦਰ ਸਿੰਘ ਸੁਮਲ, ਡਾਕਟਰ ਰਾਤੇਸ਼ ਸ਼ਰਮਾ ਜੰਮੂ, ਭੁਪਿੰਦਰਜੀਤ ਸਿੰਘ ਬਠਿੰਡਾ, ਗੁਰਪਾਲ ਸਿੰਘ ਗੋਰਾ ਮੈਂਬਰ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ, ਬਸੰਤ ਸਿੰਘ ਬਾਜਾਖਾਨਾ, ਕਰਨਵੀਰ ਸਿੰਘ ਪ੍ਰਧਾਨ ਟਰੱਕ ਯੂਨੀਅਨ, ਸੂਬਾ ਸਿੰਘ, ਬਲਵਿੰਦਰ ਸਿੰਘ ਗਿੱਲ, ਭਰਪੂਰ ਸਿੰਘ, ਗੁਰਪ੍ਰੀਤ ਸਿੰਘ ਕੀਪਾ (ਸਾਰੇ ਐਮਸੀ), ਸਰਪੰਚ ਪਰਮਜੀਤ ਸਿੰਘ ਭਾਗਸਰ, ਰਣਜੀਤ ਸਿੰਘ ਚੈਨਾ, ਜਗਤਾਰ ਸਿੰਘ ਤੁੰਗਵਾਲੀ, ਸਰਪੰਚ ਬਿਕਰਮ ਚੀਮਾ, ਗੁਰਵੀਰ ਸਿੰਘ ਢਾਲਾ, ਸਰਪੰਚ ਮਲਕੀਤ ਸਿੰਘ ਚੀਮਾ, ਹਰਜੀਤ ਸਿੰਘ ਗੰਡੀਵਾਲ, ਸਰਪੰਚ ਕਾਲਾ ਸਿੰਘ ਰਸੂਲਪੁਰ, ਸਰਪੰਚ ਸਰਵਣ ਸਿੰਘ ਸੋਹਲ, ਰੀਟਾ ਸਿੰਘ ਰਾਜਾਤਾਲ, ਸਰਪੰਚ ਸਰਵਣ ਸਿੰਘ ਖਿਆਲੀਵਾਲ, ਸਰਪੰਚ ਅੰਮ੍ਰਿਤਪਾਲ ਸਿੰਘ ਗੰਗਾ, ਸਰਪੰਚ ਬੂਟਾ ਸਿੰਘ ਖੀਵਾ, ਗੁਰਪ੍ਰੀਤ ਸਿੰਘ ਗਤਕਾ ਇੰਚਾਰਜ ਆਦਿ ਨੇ ਹਾਜ਼ਰੀ ਭਰੀ।

## ਰੱਬਾ ਮੇਹਰ ਕਰੀਂ

ਕਣਕਾਂ ਪੱਕੀਆਂ ਮੌਸਮ ਖਰਾਬ ਹੋਇਆ,
ਅਸਮਾਨੀਂ ਚੜ੍ਹਿਆ ਹਨੇਰ ਗੁ.ਬਾਰ ਮੀਆਂ।
ਸਾਰੀ ਮਿਹਨਤ ਖੜੀ ਹੁਣ ਵਿੱਚ ਖੇਤਾਂ,
ਪੈਸਾ ਲਾਇਆ ਫੜ ਉਧਾਰ ਮੀਆਂ।
ਕਦੇ ਸੋਕਾ ਮਾਰੇ ਡੋਬਾ ਕਿਸਾਨ ਤਾਂਈ,
ਨਾਲੇ ਕਾਮਾਂ ਹੋਇਆ ਲਾਚਾਰ ਮੀਆਂ।
ਸਾਰੇ ਸੁਫ਼ਨੇ ਨੇ ਚਕਨਾਚੂਰ ਹੋਏ,
ਗਈ ਸਿਰੇ ਤੇ ਕਿਸਮਤ ਹਾਰ ਮੀਆਂ।
ਕਰਜ਼ਾ ਪਿਛਲਾ ਕਰਜ਼ਾ ਅਗਾਂਹ ਵਾਲਾ,
ਸਿਰ ਵੱਧ ਗਿਆ ਕਿੰਨਾ ਭਾਰ ਮੀਆਂ।
ਝਾੜ ਵਧੀਆ ਐਤਕੀਂ ਸਾਰੇ ਆਖਦੇ ਸੀ,
ਲੈਣੇ ਸੀ ਕਿੰਨੇ ਕੰਮ ਸਵਾਰ ਮੀਆਂ।
ਰੱਬਾ ਮੇਹਰ ਕਰੀ ਪਾਈਂ ਬਰਕਤਾਂ ਤੂੰ,
ਪੱਤੋ" ਚੱਲ ਆਇਆ ਦਰਬਾਰ ਮੀਆਂ।

- ਹਰਪ੍ਰੀਤ ਪੱਤੋ (ਮੋਗਾ)

ਪੰਜਾਬ ਸਿੱਖਿਆ ਕ੍ਰਾਂਤੀ ਪ੍ਰੋਗਰਾਮ ਤਹਿਤ

# ਐੱਮ ਐੱਲ ਏ ਬੀਬੀ ਸਰਵਜੀਤ ਕੌਰ ਨੇ ਹਠੂਰ ਦੇ ਸਰਕਾਰੀ ਸਕੂਲਾਂ ਵਿੱਚ ਪਹੁੰਚੇ







**ਹਠੂਰ/ਜਗਰਾਉਂ -(ਵਰਿਆਮ ਹਠੂਰ)**-ਸਿੱਖਿਆ ਕ੍ਰਾਂਤੀ ਪ੍ਰੋਗਰਾਮ ਤਹਿਤ ਇਤਿਹਾਸਕ ਕਸਬਾ ਹਠੂਰ ਦੇ ਸਰਕਾਰੀ ਕੰਨਿਆ ਪ੍ਰਾਇਮਰੀ ਸਮਾਰਟ ਸਕੂਲ ਅਤੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਲੜਕੇ ਵਿਖੇ ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਵਿਸ਼ੇਸ਼ ਤੌਰ ਤੇ ਪਹੁੰਚੇ ਜਿੱਥੇ ਉਨ੍ਹਾਂ ਦਾ ਸਕੂਲਾਂ ਦੇ ਸਟਾਫ਼ ਮੈਂਬਰਾਂ, ਪਤਵੰਤੇ ਸੱਜਣਾਂ, ਅਤੇ ਸਕੂਲ ਦੇ ਬੱਚਿਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ, ਦੋਵਾਂ ਸਕੂਲਾਂ ਦੇ ਸਟਾਫ਼ ਮੈਂਬਰਾਂ ਵੱਲੋਂ ਬੀਬੀ ਸਰਵਜੀਤ ਕੌਰ ਮਾਣੂੰਕੇ ਦੇ ਹਾਰ ਪਾ ਕੇ ਅਤੇ ਗੁਲਦਸਤੇ ਦੇ ਕੇ ਸਨਮਾਨਿਤ ਕੀਤਾ ਗਿਆ, ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਪਹਿਲਾਂ ਸਰਕਾਰੀ ਪ੍ਰਾਇਮਰੀ ਕੰਨਿਆ ਸਮਾਰਟ ਸਕੂਲ ਵਿਖੇ ਬੱਚਿਆਂ ਨੂੰ ਯਾਦਗਾਰੀ ਪਲ ਸਾਂਝੇ ਕੀਤੇ, ਤੇ ਬਾਅਦ ਵਿੱਚ ਸਕੂਲ ਦੀ ਕੀਤੀ ਚਾਰਦੁਆਰੀ ਦੇ ਸਬੰਧ ਵਿੱਚ ਰੱਖੇ ਨੀਂਹ ਪੱਥਰ ਤੋਂ ਪਰਦਾ ਹਟਾਇਆ, ਹੈੱਡ ਟੀਚਰ ਮੈਡਮ ਕੁਲਦੀਪ ਕੌਰ, ਮੈਡਮ ਹਰਜਿੰਦਰ ਕੌਰ, ਮਨਦੀਪ ਕੌਰ, ਹਰਦੀਪ ਕੌਰ, ਵੀਰਪਾਲ ਕੌਰ, ਐੱਸ ਐੱਮ ਸੀ ਕਮੇਟੀ ਵੱਲੋਂ ਬੀਬੀ ਸਰਵਜੀਤ ਕੌਰ ਮਾਣੂੰਕੇ ਦਾ ਸਕੂਲ ਪਹੁੰਚਣ ਤੇ ਧੰਨਵਾਦ ਕੀਤਾ, ਉਸ ਤੋਂ ਬਾਅਦ ਬੀਬੀ ਮਾਣੂੰਕੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਲੜਕੇ ਵਿਖੇ ਪਹੁੰਚੇ ਉੱਥੇ ਵੀ ਉਨ੍ਹਾਂ ਨੇ ਕੀਤੀ ਸਕੂਲ ਚਾਰਦੁਆਰੀ ਦੇ ਰੱਖੇ ਨੀਂਹ ਪੱਥਰ ਤੋਂ ਤਾੜੀਆਂ ਦੀ ਗੂੰਜ ਵਿੱਚ ਪਰਦਾ ਹਟਾਇਆ, ਜਿੱਥੇ ਹੈੱਡ ਟੀਚਰ ਸ: ਬੂਟਾ ਸਿੰਘ, ਮਾਸਟਰ ਸ਼੍ਰੀ ਦੇਵ ਕ੍ਰਿਸ਼ਨ ਜੀ, ਮੈਡਮ ਪੂਨਮ ਗੋਇਲ, ਜਸਪ੍ਰੀਤ ਕੌਰ, ਲਵਜੋਤ ਕੌਰ, ਮਨਦੀਪ ਰਾਣੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਠੂਰ ਦੇ ਪ੍ਰਿੰਸੀਪਲ ਮੈਡਮ ਅਮਰਦੀਪ ਕੌਰ ਗਿੱਲ , ਲੈਕਚਰ ਚਰਨਜੀਤ ਸਿੰਘ ਗਿੱਲ, ਲੈਕਚਰ ਮਨਜਿੰਦਰ ਸਿੰਘ, ਅਤੇ ਸਕੂਲ ਦੇ ਬੱਚਿਆਂ ਨੇ ਭਰਵਾਂ ਸਵਾਗਤ ਕੀਤਾ, ਦੋਵੇਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲਾਂ ਦੇ ਸਟਾਫ਼ ਮੈਂਬਰਾਂ ਵੱਲੋਂ ਸਾਂਝੇ ਤੌਰ ਤੇ ਰੱਖੇ ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ ਤੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਜਗਰਾਉਂ ਸੁਖਦੇਵ ਸਿੰਘ ਹਠੂਰੀਆ, ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ, ਗ੍ਰਾਮ ਪੰਚਾਇਤ, ਆਪ ਵਲੰਟੀਅਰਜ਼ ਸਮੇਤ ਨਗਰ ਦੇ ਬਹੁ ਗਿਣਤੀ ਲੋਕਾਂ ਨੇ ਸ਼ਮੂਲੀਅਤ ਕੀਤੀ, ਤਾੜੀਆਂ ਦੀ ਗੂੰਜ ਵਿੱਚ ਪ੍ਰੋਗਰਾਮ ਦੀ ਸ਼ੁਰੂਆਤ ਹੋਈ, ਸਟੇਜ ਸੈਕਟਰੀ ਦੀ ਭੂਮਿਕਾ ਪ੍ਰਮਿੰਦਰ ਸਿੰਘ ਨੇ ਸਚੁੱਜੇ ਢੰਗ ਨਾਲ ਨਿਭਾਈ, ਸਕੂਲ ਦੇ ਬੱਚਿਆਂ ਵੱਲੋਂ ਗਿੱਧਾ, ਭੰਗੜਾ, ਬੋਲੀਆਂ, ਨਸ਼ਿਆਂ ਵਿਰੁੱਧ ਗੀਤ ਅਤੇ ਦੇਸ਼ ਭਗਤੀ ਦੇ ਗੀਤ ਦੀ ਪੇਸ਼ਕਾਰੀ ਕਰਕੇ ਸਭ ਦਾ ਦਿਲ ਮੋਹ ਲਿਆ, ਇਸ ਮੌਕੇ ਬੋਲਦਿਆਂ ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਕਿਹਾ ਕਿ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਪੰਜਾਬ ਸਿੱਖਿਆ ਕ੍ਰਾਂਤੀ ਨਾਲ ਪੰਜਾਬ ਬਦਲ ਰਿਹਾ ਹੈ। ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਵਿੱਦਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਪੰਜਾਬ ਸਰਕਾਰ ਦੇ ਉਪਰਾਲੇ ਸ਼ਲਾਘਾਯੋਗ ਹਨ। ਬੀਬੀ ਮਾਣੂੰਕੇ ਨੇ ਕਿਹਾ ਕਿ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵੱਲੋਂ ਮੋੜ ਕੇ ਸਰਕਾਰੀ ਸਕੂਲਾਂ ਵਿੱਚ ਪੜ੍ਹਾਓ, ਸਰਕਾਰੀ ਸਕੂਲਾਂ ਵਿੱਚ ਤੁਹਾਡੇ ਬੱਚਿਆਂ ਨੂੰ ਮਿਹਨਤਕਸ਼ ਸਰਕਾਰੀ ਟੀਚਰ ਚੰਗੀ ਵਿੱਦਿਆ ਹਾਸਲ ਕਰਵਾਉਣਗੇ, ਕਿਉਂਕਿ ਸਰਕਾਰ ਦੁਆਰਾ ਲਏ ਗਏ ਪੇਪਰਾਂ ਵਿੱਚੋਂ ਪਾਸ ਹੋ ਕੇ ਹੀ ਚੁਣੀ ਗਈ ਕ੍ਰੀਮ ਸਰਕਾਰੀ ਟੀਚਰ ਬਣੀ ਹੈ। ਜੋ ਤੁਹਾਡੇ ਬੱਚਿਆਂ ਦਾ ਉਜਵਲ ਭਵਿੱਖ ਬਣਾਉਣ ਲਈ ਲਾਹੇਵੰਦ ਸਾਬਤ ਹੋਵੇਗੀ, ਬੀਬੀ ਮਾਣੂੰਕੇ ਨੇ ਕਿਹਾ ਕਿ ਲੋਕ ਛੋਟੀਆਂ ਛੋਟੀਆਂ ਪ੍ਰਾਈਵੇਟ ਦੁਕਾਨਾਂ ਤੋਂ ਬਚਣ ਤੇ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ, ਅਤੇ ਸਮੇਂ ਦੇ ਹਾਣੀ ਬਣਾਉਣ,

## ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ ਨੇ ਸਕੂਲ ਵਿੱਚ ਟੀਚਰਾਂ ਦੀ ਰੜਕਦੀ ਘਾਟ ਬਾਰੇ ਕਰਵਾਇਆ ਜਾਣੂੰ

ਇਸ ਮੌਕੇ ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ ਨੇ ਸਰਕਾਰੀ ਸਕੂਲਾਂ ਵਿੱਚ ਰੜਕ ਰਹੀ ਟੀਚਰਾਂ ਦੀ ਘਾਟ ਦਾ ਮੁੱਖ ਮੁੱਦਾ ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਦੇ ਧਿਆਨ ਵਿੱਚ ਲਿਆਂਦਾ ਗਰੇਵਾਲ ਨੇ ਕਿਹਾ ਕਿ ਸਾਡੇ ਨਗਰ ਦੇ ਬੱਚਿਆਂ ਨੂੰ ਮੈਡੀਕਲ ਨੌਨ ਮੈਡੀਕਲ ਦੀ ਸਿੱਖਿਆ ਲਈ ਬਾਹਰਲੇ ਸਕੂਲਾਂ ਵਿੱਚ ਮਜ਼ਬੂਰਨ ਜਾਣਾ ਪੈ ਰਿਹਾ ਹੈ ਕਿਉਂਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਠੂਰ ਵਿੱਚ ਇਨਾਂ ਵਿਸ਼ਿਆਂ ਦੇ ਅਧਿਆਪਕ ਹੋਰ ਜਗ੍ਹਾ ਸਮੇਂ ਸਮੇਂ ਤੇ ਟਰਾਂਸਫਰ ਹੋ ਗਏ, ਤੇ ਹੁਣ ਇੰਨ੍ਹਾਂ ਵਿਸ਼ਿਆਂ ਦੇ ਅਧਿਆਪਕ ਹੀ ਨਹੀਂ ਹਨ। ਉਨ੍ਹਾਂ ਬੀਬੀ ਸਰਵਜੀਤ ਕੌਰ ਮਾਣੂੰਕੇ ਨੂੰ ਵਿਸ਼ੇਸ਼ ਤੌਰ ਤੇ ਇਸ ਪਾਸੇ ਧਿਆਨ ਦੇਣ ਦੀ ਅਪੀਲ ਕੀਤੀ, ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਜਗਰਾਉਂ ਸੁਖਦੇਵ ਸਿੰਘ ਹਠੂਰੀਆ ਨੇ ਸਰਕਾਰ ਦੀਆਂ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਦੀਆਂ ਨੀਤੀਆਂ ਦੀ ਸ਼ਲਾਘਾ ਕੀਤੀ, ਅਤੇ ਬੀਬੀ ਸਰਵਜੀਤ ਕੌਰ ਮਾਣੂੰਕੇ ਦਾ ਧੰਨਵਾਦ ਕੀਤਾ, ਅੰਤ ਵਿੱਚ ਸਕੂਲ ਦੇ ਸਟਾਫ਼ ਮੈਂਬਰਾਂ ਵੱਲੋਂ ਬੀਬੀ ਮਾਣੂੰਕੇ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਇਸ ਮੌਕੇ ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ, ਸਟੇਟ ਅਵਾਰਡੀ ਬਲਾਕ ਕੋਆਰਡੀਨੇਟਰ ਪ੍ਰਮਿੰਦਰ ਸਿੰਘ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਜਗਰਾਉਂ ਸੁਖਦੇਵ ਸਿੰਘ ਹਠੂਰੀਆ, ਮਾਰਕਿਟ ਕਮੇਟੀ ਹਠੂਰ ਦੇ ਚੇਅਰਮੈਨ ਕਰਮਜੀਤ ਸਿੰਘ ਕੰਮੀ, ਟਰੱਕ ਯੂਨੀਅਨ ਦੇ ਪ੍ਰਧਾਨ ਬਲਦੇਵ ਸਿੰਘ, ਪ੍ਰਧਾਨ ਤਰਸੇਮ ਸਿੰਘ ਹਠੂਰ, ਯੂਥ ਆਗੂ ਪਰਮਿੰਦਰ ਸਿੰਘ ਹਠੂਰ, ਮਾਸਟਰ ਨਛੱਤਰ ਸਿੰਘ (ਕੈਨੇਡਾ ਵਾਲੇ) ਸਰਪੰਚ ਚਮਕੌਰ ਸਿੰਘ ਬੁਰਜ ਕੁਲਾਰਾ, ਹਠੂਰ ਪੰਚਾਇਤ ਤੋਂ ਪੰਚ ਜਗਦੇਵ ਸਿੰਘ ਬੱਬੂ ਗਰੇਵਾਲ ਹਠੂਰ, ਪੰਚ ਜਗਦੀਪ ਸਿੰਘ ਦੀਪਾ, ਪੰਚ ਪਾਲਾ ਸਿੰਘ, ਪੰਚ ਜਗਦੀਪ ਸਿੰਘ, ਪੰਚ ਮੁਖਤਿਆਰ ਸਿੰਘ, ਜਥੇਦਾਰ ਹਰਪ੍ਰੀਤ ਸਿੰਘ ਖਾਲਸਾ, ਕਵੀਸ਼ਰ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ, ਸਮੇਤ ਵੱਡੀ ਗਿਣਤੀ ਵਿੱਚ ਨਗਰ ਨਿਵਾਸੀ ਹਾਜ਼ਰ ਸਨ।

# ਕਵੀ ਅਤੇ ਸ਼੍ਰੋਮਣੀ ਭਗਤ ਧੰਨਾ ਜੱਟ

## 22 ਅਪ੍ਰੈਲ ਪ੍ਰਕਾਸ਼ ਉਤਸਵ ਲਈ ਵਿਸ਼ੇਸ਼



**ਸ਼੍ਰੋਮਣੀ** ਭਗਤ ਧੰਨਾ ਜੱਟਾ ਜੀ ਰਾਜਸਥਾਨ ਟਾਂਕ ਇਲਾਕੇ ਦੇ ਧੂਆਨ ਪਿੰਡ ਵਿਖੇ 1415 ਈ. ਨੂੰ ਜੱਟ ਵੰਸ਼ ਵਿਚ ਪੈਦਾ ਹੋਏ। ਅੱਜ ਕਲ ਇਸ ਸਥਾਨ ਵਿਖੇ ਇਕ ਪੁਰਾਤਨ ਖੂਹ ਅਤੇ ਗੁਰਦੁਆਰਾ ਸਾਹਿਬ ਦੀ ਇਮਾਰਤ ਬਣ ਰਹੀ ਹੈ। ਇਸ ਸਥਾਨ ਦੀ ਸੇਵਾ ਬਾਬਾ ਲੱਖਾ ਸਿੰਘ ਜੀ ਨਿਭਾ ਰਹੇ ਹਨ। ਉਹ ਆਪਣੇ ਸਮੇਂ ਦੇ ਪ੍ਰਸਿੱਧ ਕਵੀ, ਸਮਾਜ ਸੇਵੀ, ਸਮਾਜ ਸੁਧਾਰਕ ਅਤੇ ਕਈ ਭਾਸ਼ਾਵਾਂ ਦੇ ਗਿਆਤਾ ਸਨ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਉਨ੍ਹਾਂ ਦੇ ਚਾਰ ਸ਼ਬਦ ਅੰਕਿਤ ਹਨ। ਇਨ੍ਹਾਂ ਸ਼ਬਦਾਂ ਵਿਚ ਉਨ੍ਹਾਂ ਨੇ ਇਨਸਾਨੀ ਕਦਰਾਂ-ਕੀਮਤਾਂ ਨੂੰ ਮੱਦੇ-ਨਜ਼ਰ ਰੱਖ ਕੇ ਬਹੁਤ ਹੀ ਖ਼ੂਬਸੂਰਤ ਤੇ ਪ੍ਰਭਾਵਸ਼ਾਲੀ ਅਲੰਕਾਰ, ਪ੍ਰਤੀਕ ਅਤੇ ਬਿੰਬ (ਤਸ਼ਬੀਹਾਂ) ਦਾ ਇਸਤੇਮਾਲ ਕੀਤਾ ਹੈ। ਹਰ ਮਨੁੱਖ ਵਿੱਚ ਇਕ ਐਸੀ ਜੋਤ ਹੈ, ਜੇ ਉਹ ਪ੍ਰਜਵਲਿਤ ਹੈ ਜਾਵੇ ਤਾਂ ਉਹ ਜਿਸ ਤਰ੍ਹਾਂ ਦੀ ਵੀ ਪ੍ਰਾਪਤੀ ਚਾਹਵੇ ਪਾ ਸਕਦਾ ਹੈ ਪਰ ਇਸ ਜੋਤ ਨੂੰ ਜਗਾਉਣ ਲਈ ਸ਼ੁੱਧ ਆਦਤਾਂ, ਸ਼ੁੱਧ ਆਚਰਣ, ਈਮਾਨਦਾਰੀ, ਮਿਹਨਤ, ਲਗਨ, ਭਗਤੀ, ਸਾਧਨਾ, ਪ੍ਰੇਰਣਾ, ਸੰਕਲਪ ਸ਼ਕਤੀ, ਇੱਛਾ ਸ਼ਕਤੀ ਅਤੇਇਕਾਗਰਤਾ ਦੀ ਲੋੜ ਹੁੰਦੀ ਹੈ। ਜਦੋਂ ਇਕਾਗਰ ਚਿੱਤ ਹੋ ਕੇ ਨਿਸ਼ਕਾਮਤਾ ਨਾਲ ਮਿਹਨਤ ਕਰੇ ਤਾਂ ਉਸ ਮਿਹਨਤ ਦੀ ਮੰਜ਼ਿਲ ਦੀ ਪ੍ਰਾਪਤੀ ਵਿਚ ਪ੍ਰਤੱਖ ਰੂਪ ਵਿਚ ਭਗਵਾਨ ਹੀ ਦਰਸ਼ਨ ਦੇ ਦਿੰਦੇ ਹਨ ਭਾਵ ਕਿ ਜਿਸ ਮੰਜ਼ਿਲ ਦੀ ਪ੍ਰਾਪਤੀ ਲਈ ਤੁਸੀਂ ਇਕਾਗਰਚਿੱਤ ਹੋ ਕੇ, ਦੁਨੀਆਂ ਦੇ ਧੰਦੇ ਵਿਕਾਰ ਛੱਡ ਕੇ ਮਿਹਨਤ-ਭਗਤੀ ਕੀਤੀ ਉਸ ਮੰਜ਼ਿਲ ਦੀ ਪ੍ਰਾਪਤੀ ਹੀਪਰਮਾਤਮਾ ਦੀ ਪ੍ਰਾਪਤੀ ਹੈ। ਸ੍ਰੋਮਣੀ ਭਗਤ ਧੰਨਾ ਜੱਟ ਜੀ ਦੀ ਪ੍ਰਾਪਤੀ ਵੀ ਕੁਝ ਇਸ ਤਰ੍ਹਾਂ ਹੀ ਹੈ। ਉਸ ਸਮੇਂ ਮੂਰਤੀ ਨੂੰ ਕੇਂਦਰ-ਬਿੰਦੂ ਮੰਨ ਕੇ ਇਕਾਗਰਤਾ ਦੀ ਮੰਜ਼ਿਲ ਵੱਲ ਜਾਇਆ ਜਾਂਦਾ ਹੈ। ਭਗਤ ਧੰਨਾ ਜੀ ਦੀ ਜੀਵਨ ਸ਼ੈਲੀ ਵੀ ਕੁਝ ਇਸ ਤਰ੍ਹਾਂ ਦੇ ਪ੍ਰਸੰਗ ਨਾਲ ਜੁੜੀ ਹੋਈ ਹੈ। ਮੁੱਖ ਰੂਪ ਵਿੱਚ ਉਹ ਪ੍ਰਸਿੱਧ ਕਵੀ, ਪ੍ਰਚਾਰਕ, ਸਮਾਜ ਸੁਧਾਰਕ ਹੋਏ ਹਨ ਪਰ ਉਨ੍ਹਾਂ ਦੇ ਜੀਵਨ ਨਾਲ ਕਈ ਦੰਦ-ਕਥਾਵਾਂ ਜੁੜੀਆਂ ਹੋਈਆਂ ਹਨ। ਸ਼੍ਰੋਮਣੀ ਭਗਤ ਧੰਨਾ ਜੱਟ ਜੀ ਜਿਮੀਂਦਾਰ ਕਿਰਸਾਨੀ ਪਰਿਵਾਰ ਨਾਲ ਸੰਬੰਧ ਰੱਖਦੇ ਸੀ। ਉਹ ਆਪਣੇ ਘਰ ਦਾ ਗੁਜ਼ਾਰਾ ਖੇਤੀਬਾੜੀ ਦੀ ਆਮਦਨ ਤੋਂ ਕਰਦੇ ਸਨ। ਬਚਪਨ ਤੋਂ ਹੀ ਉਹ ਦਿਆਲੂ, ਸੱਚ ਦੇ ਪੁਜਾਰੀ, ਈਮਾਨਦਾਰੀ ਦੇ ਪੁੰਜ, ਸਿੱਧੇ-ਸਾਦੇ ਅਤੇ ਸਰਲ ਸੁਭਾਅ ਦੇ ਮਾਲਕ ਸਨ। ਉਹ ਇਕ ਮਹਾਨ ਸ਼ਖ਼ਸੀਅਤ, ਤ੍ਰਿਲੋਚਨ ਬ੍ਰਾਹਮਣ ਜੋ ਸਾਲਗਰਾਮ ਠਾਕੁਰ ਦੀ ਪੂਜਾ ਕਰਦੇ ਸਨ। ਉਨ੍ਹਾਂ ਦੇ ਸੰਪਰਕ ਵਿਚ ਆਏ ਤਾਂ ਭਗਤ ਧੰਨਾ ਜੀ ਨੇ ਤ੍ਰਿਲੋਚਨ ਜੀ ਨੂੰ ਕਿਹਾ ਕਿ ਉਹ ਵੀ ਠਾਕੁਰ ਦੀ ਪੂਜਾ ਕਰਨਾ ਚਾਹੁੰਦੇ ਹਨ। ਤ੍ਰਿਲੋਚਨ ਬ੍ਰਾਹਮਣ ਜੀ ਨੇ ਪੱਥਰ ਰੂਪੀ ਠਾਕੁਰ ਦੇਣ ਦੇ ਬਦਲੇ ਇਕ ਗਊ ਦੀ ਮੰਗ ਕੀਤੀ। ਉਨ੍ਹਾਂ ਨੇ ਤ੍ਰਿਲੋਚਨ ਨੂੰ ਗਾ ਦੇ ਦਿੱਤੀ ਅਤੇ ਪੱਥਰ ਰੂਪੀ ਠਾਕੁਰ ਲੈ ਲਏ। ਭਗਤ ਧੰਨਾ ਜੱਟ ਜੀ ਭੋਲੇ-ਭਾਲੇ ਅਤੇ ਸੱਚੇ ਇਨਸਾਨ ਸਨ। ਉਨ੍ਹਾਂ ਦੀ ਲਗਨ ਸੱਚੇ ਦਿਲੋਂ ਪ੍ਰਭੂ ਨਾਲ ਜੁੜ ਚੁਕੀ ਸੀ ਇਸ ਕਰਕੇ ਉਨ੍ਹਾਂ ਨੇ ਪੱਥਰ ਰੂਪੀ ਠਾਕੁਰ ਬਦਲੇ ਗਊ ਦੇ ਦਿੱਤੀ। ਭਗਤ ਧੰਨਾ ਜੱਟ ਜੀ ਨੇ ਇਕਾਗਰਚਿੱਤ ਹੋ ਕੇ ਭਗਤੀ ਕੀਤੀ। ਉਨ੍ਹਾਂ ਵਿਚ ਮਾਨਵਤਾ ਰੂਪੀ ਜੋਤ ਜੱਗ ਚੁੱਕੀ ਸੀ ਜਿਸ ਨਾਲ ਸੱਚ-ਖੰਡ ਦੇ ਦਰਵਾਜ਼ੇ ਖੁਲ੍ਹਦੇ ਗਏ। ਇਹ ਵੀ ਪ੍ਰਸੰਗ ਆਉਂਦਾ ਹੈ ਕਿ ਲੱਸੀ ਅਤੇ ਰੋਟੀ ਦਾ ਭੋਗ ਲਗਾ ਕੇ ਪ੍ਰਭੂ ਦੇ ਦਰਸ਼ਨ ਕੀਤੇ। ਉਨ੍ਹਾਂ ਨੂੰ ਆਪਣੇ ਮਨ-ਮੰਦਿਰ 'ਚੋਂ ਇਕ ਅਲੌਕਿਕ ਸ਼ਕਤੀ ਦੇ ਦਰਸ਼ਨ ਹੋਏ ਜਿਸ ਨਾਲ ਉਨ੍ਹਾਂ ਤੇ ਭਗਤੀ ਭਾਵ ਦਾ ਗੂੜਾ ਰੰਗ ਚੜ੍ਹ ਗਿਆ। ਉਹ ਤਨ-ਮਨ, ਰੂਹ ਤੋਂ ਸ਼ੁੱਧ ਅਤੇ ਬਾਹਰੀ ਵਿਕਾਰਾਂ ਤੋਂ ਮੁਕਤ ਹੋ ਚੁਕੇ ਹਨ। ਉਹ ਲੋਕਾਂ ਦੀ ਸੇਵਾ ਵਿਚ ਜੁਟ ਗਏ ਅਤੇ ਇਲਾਕੇ ਵਿਚ ਭਗਤ ਧੰਨਾ ਜੱਟ ਜੀ ਦੇ ਭਗਤੀ-ਭਾਵ ਦੀ ਪ੍ਰਸ਼ੰਸਾ ਅਤੇ ਉਸਤਤ ਦੂਰ-ਦੂਰ ਤੱਕ ਹੋਣ ਲੱਗੀ। ਉਨ੍ਹਾਂ ਨੇ ਪ੍ਰਭੂ ਭਗਤੀ ਦੇ ਅਸ਼ੀਰਵਾਦ ਸਦਕਾ ਬਾਣੀ ਵੀ ਰਚੀ ਅਤੇ ਆਪਣੇ ਗਿਆਨ ਲੇਖਨ ਨੂੰ ਹੋਰ ਮਾਨਵਤਾਵਾਦੀ ਬਣਾਉਣ ਲਈ ਸਵਾਮੀ ਰਾਮਾਨੰਦ ਜੀ ਨੂੰ ਕਾਸ਼ੀ ਵਿਖੇ ਜਾ ਕੇ ਗੁਰੂ ਧਾਰ ਲਿਆ। ਰਾਮਾਨੰਦ ਜੀ ਤੋਂ ਕਈ ਸਾਲ ਸਿੱਖਿਆ ਲੈ ਕੇ ਬ੍ਰਹਮਗਿਆਨ ਨੂੰ ਪ੍ਰਾਪਤ ਹੋਏ ਅਤੇ ਉਚਕੋਟੀ ਦੀ ਬਾਣੀ ਲਿਖੀ। ਲੋਕਾਂ ਨੂੰ ਜੀਵਨ ਦੇ ਸਹੀ ਅਰਥਾਂ ਤੋਂ ਜਾਣੂ ਕਰਵਾਇਆ। ਉਨ੍ਹਾਂ ਵੱਲੋਂ ਰਚਿਤ ਰਾਗਾਂ ਵਿੱਚ ਚਾਰ ਸ਼ਬਦ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਸੋਭਾਇਮਾਨ ਹਨ ਜਿਨ੍ਹਾਂ ਦੀ ਬਦੌਲਤ ਉਹ ਸੰਸਾਰ ਵਿਚ ਅਮਰ ਹਨ। ਉਨ੍ਹਾਂ ਦੇ ਸ਼ਬਦਾਂ ਦੀਆਂ ਕੁਝ ਸਤਰਾਂ ਜੋਤਿ ਸਮਾਇ ਸਮਾਨੀ ਜਾ ਕੈ ਅਛਲੀ ਪ੍ਰਭੁ ਪਹਿਚਾਨਿਆ॥ ਧੰਨੈ ਧਨੁ ਪਾਇਆ ਧਰਣੀਧਾਰ ਮਿਲਿ ਜਨ ਸੰਤ ਸਮਾਇਆ ਅਤੇ ਪਾਖਣਿ ਕੀਟੁ ਗੁਪਤ ਹੋਇ ਹਰਤਾ ਤਾ ਚੋਂ ਮਾਰਗ ਨਾਹੀ॥ ਕਹੈ ਧੰਨਾ ਪੂਰਨ ਤਾਹੂ ਕੋ ਮਤਰੇ ਜੀਅ ਡਰਾਂਹੀ॥ ਸ਼੍ਰੋਮਣੀ ਭਗਤ ਧੰਨਾ ਜੱਟ ਜੀ ਦੀ ਬਾਣੀ ਵਿਚ ਸਿਮਰਨ, ਭਗਤੀ, ਸਾਦਾ ਜੀਵਨ, ਪ੍ਰਭੂ ਕਿਰਪਾ, ਮਨ, ਨਿਰੰਕਾਰ ਦੀ ਭਗਤੀ, ਸ਼ਰਦਾ ਆਦਿ ਤੱਤਾਂ ਦਾ ਜ਼ਿਕਰ ਆਉਂਦਾ ਹੈ। ਇਨ੍ਹਾਂ ਦੇ ਚਾਰ ਸ਼ਬਦ 29 ਤੋਂ 32 ਮਾਤਰਾ ਦੀ ਬਹਿਰ ਵਿੱਚ ਸੰਪੂਰਨ ਹੁੰਦੇ ਹਨ। ਉਨ੍ਹਾਂ ਦਾ ਜਨਮ ਦਿਹਾੜਾ ਹਮੇਸ਼ਾ ਹੀ ਸਮਾਜ ਲਈ ਪਰਮਾਤਮਾ ਪ੍ਰਤੀ ਸ਼ਰਧਾ ਦਾ ਪ੍ਰਤੀਕ ਰਹੇਗਾ

**-ਬਲਵਿੰਦਰ ਬਾਲਮ, ਉਂਕਾਰ ਨਗਰ, ਗੁਰਦਾਸਪੁਰ (ਪੰਜਾਬ)**
**ਮੋ. 98156-25409**

## ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤ੍ਰਵੈਨੀ ਚੌਂਕ ਫਿਰੋਜ਼ਪੁਰ ਛਾਉਣੀ ਵਿਖੇ ਪਦਮ ਸ੍ਰੀ ਭਾਈ ਨਿਰਮਲ ਸਿੰਘ ਖਾਲਸਾ ਦੀ ਮਿੱਠੀ ਯਾਦ ਵਿਚ ਪਹਿਲਾ ਮਹਾਨ ਕੀਰਤਨ ਦਰਬਾਰ 25 ਅਪ੍ਰੈਲ ਨੂੰ—ਭਾਈ ਜ਼ੋਰਾ ਸਿੰਘ ਸੰਧੂ ਪ੍ਰਧਾਨ

ਫਿਰੋਜ਼ਪੁਰ, 20 ਅਪ੍ਰੈਲ (ਮਨੋਹਰ ਲਾਲ) : ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤਰਵੈਨੀ ਚੌਂਕ ਫਿਰੋਜ਼ਪੁਰ ਛਾਉਣੀ ਵਿਖੇ ਪਦਮ ਸ੍ਰੀ ਭਾਈ ਨਿਰਮਲ ਸਿੰਘ ਖਾਲਸਾ ਜੀ ਦੀ ਮਿੱਠੀ ਯਾਦ ਵਿਚ ਪਹਿਲਾ ਮਹਾਨ ਕੀਰਤਨ ਦਰਬਾਰ 25 ਅਪ੍ਰੈਲ ਨੂੰ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤਰਵੈਨੀ ਚੌਂਕ ਫਿਰੋਜ਼ਪੁਰ ਛਾਉਣੀ ਦੇ ਪ੍ਰਧਾਨ ਭਾਈ ਜ਼ੋਰਾ ਸਿੰਘ ਸੰਧੂ ਪ੍ਰਧਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਥ ਦੇ ਮਹਾਨ ਕੀਰਤਨੀਏ ਗੁਰਮਤਿ ਸੰਗੀਤ ਦੇ ਧਨੀ ਪਦਮ ਸ੍ਰੀ ਭਾਈ ਨਿਰਮਲ ਸਿੰਘ ਖਾਲਸਾ ਜੀ ਦੀ ਮਿੱਠੀ ਯਾਦ ਵਿਚ ਪਹਿਲਾ ਮਹਾਨ ਕੀਰਤਨ ਦਰਬਾਰ 25 ਅਪ੍ਰੈਲ ਨੂੰ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜ਼ਾ ਰਿਹਾ ਹੈ। ਭਾਈ ਜ਼ੋਰਾ ਸਿੰਘ ਸੰਧੂ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਆਰੰਭਤਾ 23 ਅਪ੍ਰੈਲ 2025 ਦਿਨ ਬੁੱਧਵਾਰ ਅਤੇ ਭੋਗ ਸ੍ਰੀ ਆਖੰਡ ਪਾਠ ਸਾਹਿਬ 25 ਅਪ੍ਰੈਲ 2025 ਦਿਨ ਸ਼ੁਕਰਵਾਰ ਸਮਾਂ 10 ਵਜੇ ਪਾਏ ਜਾਣਗੇ ਅਤੇ ਰਾਤ ਦੇ ਦੀਵਾਨ ਵੀ 25 ਅਪ੍ਰੈਲ ਨੂੰ ਕਰਵਾਏ ਜਾ ਰਹੇ ਹਨ, ਜਿਸ ਵਿਚ ਪੰਥ ਦੇ ਮਹਾਨ ਸੰਤ ਮਹਾਂਪੁਰਸ਼ ਰਾਗੀ ਪਹੁੰਚ ਰਹੇ ਹਨ, ਜਿਨ੍ਹਾਂ ਵਿਚ ਸੰਤ ਬਾਬਾ ਅਵਤਾਰ ਸਿੰਘ ਸਾਧਾਂ ਵਾਲੇ, ਭਾਈ ਸਰੂਪ ਸਿੰਘ ਹਜ਼ੂਰੀ ਰਾਗੀ ਸਚਖੰਡ ਸ੍ਰੀ ਦਰਬਾਰ ਸਾਹਿਬ, ਭਾਈ ਨਰਿੰਦਰ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ, ਭਾਈ ਇੰਦਰਜੀਤ ਸਿੰਘ ਸਾਜਨ ਫਿਰੋਜ਼ਪੁਰ ਵਾਲੇ, ਭਾਈ ਸੁਖਵਿੰਦਰ ਸਿੰਘ ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਿੰਘ ਸਾਹਿਬ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਤੋਂ ਇਲਾਵਾ ਭਾਈ ਕੰਵਲਜੀਤ ਸਿੰਘ ਖਾਲਸਾ, ਭਾਈ ਸੰਦੀਪ ਸਿੰਘ ਖਾਲਸਾ ਖਾਈ ਵਾਲੇ, ਗੁਰਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਸਟੇਜ਼ ਦੀ ਸੇਵਾ ਸ: ਸਵਰਨਜੀਤ ਸਿੰਘ ਸੋਹਾਣਾ ਨਿਭਾਉਣਗੇ। ਭਾਈ ਜ਼ੋਰਾ ਸਿੰਘ ਸੰਧੂ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਤਨ, ਮਨ, ਧੰਨ ਨਾਲ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ••



## 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ

# ਬਦਲੀ ਜਾ ਰਹੀ ਹੈ ਸਕੂਲਾਂ ਦੀ ਤਸਵੀਰ :ਚੇਅਰਮੈਨ ਘੁੱਲੀ, ਚੇਅਰਮੈਨ ਢਿੱਲੋਂ



**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਰਾਜ ਸਰਕਾਰ ਵਲੋਂ ਸ਼ੁਰੂ ਕੀਤੀ ਗਈ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਸਰਕਾਰੀ ਸਕੂਲਾਂ ਦਾ ਪੱਧਰ ਉਚਾ ਚੁੱਕਣ ਲਈ ਵੱਡੇ ਪੱਧਰ ਦੇ ਬਦਲਾਅ ਕੀਤੇ ਜਾ ਰਹੇ ਹਨ।ਇਸ ਮੁਹਿੰਮ ਤਹਿਤ ਅੱਜ ਸਰਕਾਰੀ ਪ੍ਰਾਇਮਰੀ ਸਕੂਲ 1 ਅਤੇ 2 ਕਾਂਝਲਾ, ਸਕੂਲਾਂ ਨੂੰ ਆਧੁਨਿਕ ਸੁਵਿਧਾਵਾਂ ਦਾ ਉਦਘਾਟਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਕੈਂਪਸ ਇੰਚਾਰਜ ਸ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਦਲਬੀਰ ਸਿੰਘ ਢਿੱਲੋਂ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਨੇ ਸਾਂਝੇ ਤੌਰ 'ਤੇ ਕੀਤਾ। ਉਨ੍ਹਾਂ ਕਿਹਾ ਕਿ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਰਾਜ ਦੇ ਸਾਰੇ ਸਰਕਾਰੀ ਸਕੂਲਾਂ ਦੀ ਤਸਵੀਰ ਪੂਰੀ ਤਰ੍ਹਾਂ ਬਦਲੀ ਜਾ ਰਹੀ ਹੈ। ਵਿਦਿਆਰਥੀਆਂ ਨੂੰ ਉਨ੍ਹਾਂ ਦੀ ਰੁਚੀ ਅਤੇ ਸਮਰੱਥਾ ਅਨੁਸਾਰ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਸਰਕਾਰੀ ਸਕੂਲਾਂ ਨੂੰ ਇਸ ਤਰ੍ਹਾਂ ਨਾਲ ਵਿਕਸਿਤ ਕੀਤਾ ਜਾ ਰਿਹਾ ਹੈ ਕਿ ਉਹ ਕਿਸੇ ਵੀ ਨਿਜੀ ਸਕੂਲਾਂ ਤੋਂ ਪਿੱਛੇ ਨਾ ਰਹਿਣ। ਇਸ ਮੌਕੇ ਪਰਮਜੀਤ ਸਿੰਘ ਕਾਂਝਲਾ, ਰਣਜੋਧ ਸਿੰਘ ਕਾਂਝਲਾ, ਅਮਨਦੀਪ ਸਿੰਘ ਕਾਂਝਲਾ, ਬਸੰਤ ਕੁਮਾਰ ਕਾਂਝਲਾ, ਭਿੰਦਾ ਵਿਰਕ, ਨਰਪਿੰਦਰ ਸਿੰਘ ਕਾਂਝਲਾ, ਜਗਸੀਰ ਸਿੰਘ ਲੱਡਾ , ਸਰਕਾਰੀ ਪ੍ਰਾਇਮਰੀ ਸਕੂਲ 2 ਕਾਂਝਲਾ ਦੇ ਹੈਡ ਟੀਚਰ ਹੰਸ ਸਿੰਘ, ਸੰਜੇ ਗਰਗ, ਗੁਰਪ੍ਰੀਤ ਕੌਰ, ਮਨਪ੍ਰੀਤ ਕੌਰ, ਬੰਦਨਾ ਮੈਡਮ ,ਸੁਖਵਿੰਦਰ ਸਿੰਘ, ਗੁਰਵਿੰਦਰ ਕੌਰ, ਸਰਕਾਰੀ ਪ੍ਰਾਇਮਰੀ ਸਕੂਲ ਕਾਂਝਲਾ 1 ਦੇ ਹੈਡ ਮਾਸਟਰ ਨਵਦੀਪ ਸਿੰਘ, ਮੈਡਮ ਹਰਕੀਰਤ ਕੌਰ ,ਰੇਨੂ ਬਾਲਾ, ਗਗਨਦੀਪ ਕੌਰ , ਅਵਤਾਰ ਸਿੰਘ ਭਲਵਾਨ,,ਅਰਸ ਧੂਰੀ,ਨਵਜੋਤ ਧੂਰੀ ਹਾਜਰ ਸਨ।

## ਪੰਜਾਬ ਮੰਡੀ ਬੋਰਡ ਦੇ ਡਿਪਟੀ ਜਨਰਲ ਮੈਨੇਜਰ ਬਰਾੜ ਵੱਲੋਂ

# ਜੰਡਿਆਲਾ ਦਾਣਾ ਮੰਡੀ ਅਤੇ ਟਾਂਗਰੇ ਦਾਣਾ ਮੰਡੀ ਦਾ ਅਚਨਚੇਤ ਦੌਰਾ ਕੀਤਾ ਗਿਆ



**ਜੰਡਿਆਲਾ ਗੁਰੂ 20 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਕਣਕ ਦਾ ਸੀਜ਼ਨ ਚੱਲ ਰਿਹਾ ਹੈ ਅਤੇ ਇਸ ਕਣਕ ਦੀ ਸੁਚਾਰੂ ਢੰਗ ਨਾਲ ਖਰੀਦ ਨੂੰ ਯਕੀਨੀ ਬਣਾਉਣ ਲਈ ਪੰਜਾਬ ਮੰਡੀ ਬੋਰਡ ਦੇ ਡਿਪਟੀ ਜਨਰਲ ਮੈਨੇਜਰ ਪ੍ਰੀਤ ਕੰਵਲ ਸਿੰਘ ਬਰਾੜ ਨੇ ਅੱਜ ਅਚਨਚੇਤ ਅੰਮ੍ਰਿਤਸਰ ਦੀਆਂ ਵੱਖ ਵੱਖ ਮੰਡੀਆਂ ਦਾ ਦੌਰਾ ਕੀਤਾ ਇਸ ਲੜੀ ਤਹਿਤ ਅੱਜ ਜੰਡਿਆਲਾ ਦਾਣਾ ਮੰਡੀ ਵਿਖੇ ਵੀ ਪਹੁੰਚੇ ਇਸ ਮੌਕੇ ਤੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਮਾਰਕੀਟ ਕਮੇਟੀ ਗਹਿਰੀ ਮੰਡੀ ਜੰਡਿਆਲਾ ਦੇ ਸਕੱਤਰ ਸੁਖਜੀਤ ਸਿੰਘ ਸੇਰੋ ਨੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਅੱਜ ਸਾਡੇ ਪੰਜਾਬ ਮੰਡੀ ਬੋਰਡ ਦੇ ਡਿਪਟੀ ਜਨਰਲ ਮੈਨੇਜਰ ਪ੍ਰੀਤ ਕੰਵਲ ਸਿੰਘ ਬਰਾੜ ਨੇ ਦਾਣਾ ਮੰਡੀ ਗਹਿਰੀ ਜੰਡਿਆਲਾ , ਅਤੇ ਟਾਂਗਰਾ ਦਾਣਾ ਮੰਡੀ ਵਿਖੇ ਚੈਕਿੰਗ ਕੀਤੀ ਇਸ ਚੈਕਿੰਗ ਦੌਰਾਨ ਸਭ ਵਧੀਆ ਚੱਲ ਰਿਹਾ ਸੀ ਅਤੇ ਵੱਖ-ਵੱਖ ਕਿਸਾਨਾਂ ਨਾਲ ਵੀ ਉਹਨਾਂ ਨੇ ਗੱਲਬਾਤ ਕੀਤੀ ਅਤੇ ਉਨਾਂ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਤੁਸੀਂ ਆਪਣੀ ਕਣਕ ਸੁੱਕੀ ਲੈ ਕੇ ਆਓ ਤਾਂ ਜੋ ਤੁਹਾਨੂੰ ਇੱਕ ਦਿਨ ਦੇ ਕੁਝ ਘੰਟਿਆਂ ਤੱਕ ਹੀ ਤੁਹਾਡੀ ਕਣਕ ਨੂੰ ਖਰੀਦ ਕੇ ਤੁਹਾਨੂੰ ਵਿਹਲੇ ਕਰ ਸਕੀਏ ਸੁਖਜੀਤ ਸਿੰਘ ਸੇਰੋ ਸਕੱਤਰ ਮਾਰਕੀਟ ਕਮੇਟੀ ਗਹਿਰੀ ਮੰਡੀ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਣਕ ਦੀ ਲਿਫਟਿੰਗ ਵੱਖ-ਵੱਖ ਸਰਕਾਰੀ ਖਰੀਦ ਏਜੰਸੀਆਂ ਵੱਲੋਂ ਜਿਵੇਂ ਵੇਅਰ ਹਾਊਸ, ਪਨਸਪ,ਮਾਰਕ ਫੈਡ ਹੋ ਰਹੀ ਹੈ ਅਤੇ ਇਸ ਮੌਕੇ ਕਿਸਾਨਾਂ ਵਾਸਤੇ ਪੀਣ ਵਾਸਤੇ ਸਾਫ ਸੁਥਰਾ ਪਾਣੀ, ਆਲੇ ਦੁਆਲੇ ਦੀ ਸਾਫ ਸਫਾਈ,ਬਿਜਲੀ ਦੀ ਸਹੂਲਤ, ਅਤੇ ਬੈਠਣ ਵਾਸਤੇ ਛਾਂ ਵਾਲੀ ਜਗਾ ਉਹਨਾਂ ਨੂੰ ਵੇਖਣ ਵਾਸਤੇ ਮਿਲੀ ਅਤੇ ਅੱਜ ਤੱਕ ਕਣਕ ਦੀ ਖਰੀਦ ਗਹਿਰੀ ਦਾਣਾ ਮੰਡੀ ਜੰਡਿਆਲਾ ਗੁਰੂ ਵਿਖੇ 93460 ਕੁਇੰਟਲ , ਟਾਂਗਰਾ ਦਾਣਾ ਮੰਡੀ 11770 ਕੁਇੰਟਲ ਅਤੇ ਇਸੇ ਤਰ੍ਹਾਂ ਤਰਸਿਕਾ ਦਾਣਾ ਮੰਡੀ 15220 ਕੁਇੰਟਲ ਖਰੀਦ ਹੋ ਚੁੱਕੀ ਹੈ ਇੱਥੇ ਇਹ ਵੀ ਦੱਸਣ ਯੋਗ ਹੈ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਕੁੱਲ ਰੈਗੂਲਰ ਮੰਡੀਆਂ 56 ਆਉਂਦੀਆਂ ਹਨ ਇਸ ਮੌਕੇ ਤੇ ਪੰਜਾਬ ਮੰਡੀ ਬੋਰਡ ਦੇ ਡਿਪਟੀ ਜਨਰਲ ਮੈਨੇਜਰ ਪ੍ਰੀਤ ਕੰਵਲ ਸਿੰਘ ਬਰਾੜ ਦੇ ਨਾਲ ਅਮਨਦੀਪ ਸਿੰਘ ਸੰਧੂ ਜ਼ਿਲ੍ਹਾ ਮੰਡੀ ਅਫਸਰ ਅੰਮ੍ਰਿਤਸਰ, ਡਿਪਟੀ ਜਿਲ੍ਹਾ ਮੰਡੀ ਅਫਸਰ ਹਰਪ੍ਰੀਤ ਸਿੰਘ, ਅਤੇ ਮਾਰਕੀਟ ਕਮੇਟੀ ਗਹਿਰੀ ਮੰਡੀ ਦੇ ਸਕੱਤਰ ਸੁਖਜੀਤ ਸਿੰਘ ਸੇਰੋ ਆਦਿ ਨਾਲ ਹਾਜਰ ਸਨ ਇੱਥੇ ਇਹ ਵੀ ਦੱਸਣ ਯੋਗ ਹੈ ਕਿ ਇਹ ਜੋ ਸਾਫ ਪੀਣ ਵਾਲਾ ਪਾਣੀ, ਆਲੇ ਦੁਆਲੇ ਦੀ ਸਾਫ ਸਫਾਈ, ਸਹੀ ਬਿਜਲੀ ਦੇ ਪ੍ਰਬੰਧ ਅਤੇ ਬੈਠਣ ਵਾਲੀ ਕਿਸਾਨਾਂ ਵਾਸਤੇ ਜਗਹਾ ਦੇ ਪ੍ਰਬੰਧ ਸੁਪਰਵਾਈਜ਼ਰ ਗਹਿਰੀ ਦਾਣਾ ਮੰਡੀ ਦੇ ਹਰਪ੍ਰੀਤ ਸਿੰਘ, ਸੁਪਰਵਾਈਜ਼ਰ ਕਰਨਦੀਪ ਸਿੰਘ, ਸੁਪਰਵਾਈਜ਼ਰ ਜੋਗੇਸ਼ ਕੁਮਾਰ ਅਤੇ ਸੁਖਪਾਲ ਸਿੰਘ ਆਦਿ ਨੇ ਢੁਕਵੈ ਪ੍ਰਬੰਧ ਕੀਤੇ ਸਨ।

# ਗੁਰਦੁਆਰਾ ਸਰਬ ਨਿਵਾਸ ਗਲੀ ਨਿਹੰਗਾਂ ਵਾਲੀ ਅੰਦਰੂਨ ਬਗਦਾਦੀ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਗੁਰਪੁਰਬ ਬੜੀ ਸ਼ਰਧਾ ਨਾਲ ਮਨਾਇਆ



**ਫਿਰੋਜ਼ਪੁਰ, 20 ਅਪ੍ਰੈਲ (ਮਨੋਹਰ ਲਾਲ) :—** ਗੁਰਦੁਆਰਾ ਸਰਬ ਨਿਵਾਸ ਗਲੀ ਨਿਹੰਗਾਂ ਵਾਲੀ ਅੰਦਰੂਨ ਬਗਦਾਦੀ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਗੁਰਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਮੌਕੇ ਤੇ ਰਾਤ ਦੇ ਦੀਵਾਨ ਸਜਾਏ ਗਏ, ਜਿਸ ਵਿਚ ਭਾਈ ਜਤਿੰਦਰਪਾਲ ਸਿੰਘ ਹਜ਼ੂਰੀ ਰਾਗੀ ਬਜੀਦਪੁਰ ਵਾਲੇ ਤੇ ਵਿਸ਼ੇਸ਼ ਤੌਰ ਤੇ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਵਿਸ਼ੇਸ਼ ਤੌਰ ਤੇ ਪਹੁੰਚੇ, ਜਿਥੇ ਸੰਗਤਾਂ ਨੇ ਸਪੈਸ਼ਲ ਤੌਰ ਤੇ ਜੀ ਆਇਆ ਆਖਿਆ ਅਤੇ ਫੁੱਲਾਂ ਦੇ ਹਾਰ ਅਤੇ ਬੂੰਕੇ ਦੇ ਕੇ ਅੰਦਰ ਗੁਰਦੁਆਰਾ ਸਾਹਿਬ ਵਿਚ ਲਿਆਂਦਾ, ਜਿਥੇ ਉਨ੍ਹਾਂ ਨੇ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਬਾਬਾ ਅਵਤਾਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸਰਬ ਨਿਵਾਸ ਨੇ ਆਏ ਹੋਏ ਰਾਗੀ ਕਥਾ ਵਾਚਕ ਜਥਿਆਂ ਦਾ ਧੰਨਵਾਦ ਕੀਤਾ ਅਤੇ ਖਾਸ ਕਰਕੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਗੁਰਦੁਆਰ ਸਰਬ ਨਿਵਾਸ ਦੇ ਪ੍ਰਧਾਨ ਭਾਈ ਤਜਿੰਦਰ ਸਿੰਘ, ਬਲਦੇਵ ਸਿੰਘ ਜੱਬਲ, ਸੁਖਦੇਵ ਸਿੰਘ ਜੱਬਲ, ਬਾਬਾ ਅਵਤਾਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸਰਬ ਨਿਵਾਸ, ਹਰਜੀਤ ਸਿੰਘ ਕਾਲਾ, ਜ਼ਸਵਿੰਦਰ ਸਿੰਘ ਲੋਟੇ, ਮੁਖਤਿਆਰ ਸਿੰਘ ਖਾਲਸਾ ਸਟਰਿੰਗ ਵਾਲੇ, ਤਜਿੰਦਰਪਾਲ ਸਿੰਘ ਮੌਂਟੀ, ਤਜਵਿੰਦਰ ਸਿੰਘ ਗੋਰਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂਆਂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਪਾਰਟੀ ਆਗੂਆਂ ਖ਼ਿਲਾਫ਼ ਬਿਆਨਬਾਜ਼ੀ ਕਰਨ ਵਾਲੇ ਮੈਂਬਰਾਂ ਨੂੰ ਅੰਤਰ ਝਾਤ ਦੀ ਲੋੜ : ਜਤਿੰਦਰ ਸਿੰਘ ਸੋਨੂੰ

**ਨਵੀਂ ਦਿੱਲੀ 20 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਤੇ ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਸੀਨੀਅਰ ਆਗੂ ਸ. ਜਤਿੰਦਰ ਸਿੰਘ ਸੋਨੂੰ ਨੇ ਕਿਹਾ ਕਿ ਪਾਰਟੀ ਆਗੂਆਂ ਖ਼ਿਲਾਫ਼ ਬਿਆਨਬਾਜ਼ੀ ਕਰਨ ਵਾਲੇ ਮੈਂਬਰਾਂ ਨੂੰ ਅੰਤਰ ਝਾਤ ਦੀ ਲੋੜ ਹੈ ।ਉਹ ਅੱਜ ਹਰ ਔਖ ਸੌਖ ਵੇਲੇ ਪਾਰਟੀ ਦੀ ਅਗਵਾਈ ਕਰਨ ਵਾਲੇ ਪੰਥਕ ਹਿੱਤਾਂ ਲਈ ਸਰਕਾਰਾਂ ਨਾਲ ਟੱਕਰ ਲੈਣ ਵਾਲੇ ਪਾਰਟੀ ਆਗੂਆਂ ਬਾਰੇ ਕਿਸ ਮੂੰਹ ਨਾਲ ਬਿਆਨਬਾਜ਼ੀ ਕਰ ਰਹੇ ਹਨ । ਉਹਨਾਂ ਕਿਹਾ ਕਿ ਅਕਸਰ ਪਾਰਟੀ ਵਿਚ ਕੁਝ ਮਸਲਿਆਂ ਨੂੰ ਲੈ ਕੇ ਗ਼ਲਤ ਫ਼ਹਿਮੀਆਂ ਜਾਂ ਮਤਭੇਦ ਹੁੰਦੇ ਰਹਿੰਦੇ ਹਨ ਪਰ ਆਪਸੀ ਸੰਵਾਦ ਰਾਹੀਂ ਇਨ੍ਹਾਂ ਮਤਭੇਦਾਂ ਨੂੰ ਦੂਰ ਕਰਕੇ ਪਾਰਟੀ ਦੀ ਮਜਬੂਤੀ ਕਾਇਮ ਰੱਖੀ ਜਾ ਸਕਦੀ ਹੈ ਪਰ ਜਿਹੜੇ ਲੋਕ ਮੀਡੀਆ ਵਿਚ ਜਾ ਕੇ ਪਾਰਟੀ ਅਤੇ ਇਸ ਦੇ ਆਗੂਆਂ ਖਿਲਾਫ ਬੇਲੋੜੀ ਬਿਆਨਬਾਜੀ ਕਰਨ ਲੱਗ ਜਾਣ ਤਾਂ ਇਸ ਦਾ ਇਹ ਮਤਲਬ ਹੈ ਕਿ ਉਹ ਖੁਦ ਇਹ ਸੁਨੇਹਾ ਦੇਣਾ ਚਾਹੁੰਦੇ ਹਨ ਕਿ ਹੁਣ ਪਾਰਟੀ ਤੋਂ ਉਨ੍ਹਾਂ ਦਾ ਦਿਲ ਭਰ ਚੁੱਕਾ ਹੈ ਅਤੇ ਨਿੱਜੀ ਤੇ ਸਿਆਸੀ ਸਵਾਰਥਾਂ ਵਾਸਤੇ ਹੁਣ ਉਹ ਕਿਸੀ ਹੋਰ ਪਾਰਟੀ ਦਾ ਬੂਹਾ ਖੜਕਾਉਣਾ ਚਾਹੁੰਦੇ ਹਨ । ਉਹਨਾਂ ਕਿਹਾ ਕਿ ਇਨ੍ਹਾਂ ਆਗੂਆਂ ਦੀ ਪਾਰਟੀ ਦਿੱਲੀ ਇਕਾਈ ਦੇ ਮੁਖੀਆਂ ਖਿਲਾਫ ਬੇਲੋੜੀ ਬਿਆਨਬਾਜੀ ਤੋਂ ਇਹ ਵੀ ਸਪਸ਼ਟ ਹੋ ਗਿਆ ਹੈ ਕਿ ਆਪਣੇ ਸਿਆਸੀ ਤੇ ਨਿੱਜੀ ਸਵਾਰਥ ਪੂਰੇ ਕਰਨ ਲਈ ਇਨ੍ਹਾਂ ਨੇ ਆਪਣੇ 'ਤਾਰ' ਕਿਧਰੇ ਹੋਰ ਜੋੜ ਲਏ ਹਨ ਜਾਂ ਫਿਰ ਜੋੜਨ ਦੀ ਕੋਸ਼ਿਸ਼ ਕਰ ਰਹੇ ਹਨ ।ਇਸ ਲਈ ਸਿੱਧੇ-ਅਸਿੱਧੇ ਤਰੀਕੇ ਨਾਲ ਇਹ ਵਿਰੋਧੀਆਂ ਦੇ ਇਸ਼ਾਰੇ 'ਤੇ ਪਾਰਟੀ ਨੂੰ ਕਮਜ਼ੋਰ ਕਰਨ ਦੀ ਕਵਾਇਦ ਵਿਚ ਜੁਟੇ ਹੋਏ ਹਨ । ਜਤਿੰਦਰ ਸਿੰਘ ਸੋਨੂੰ ਨੇ ਕਿਹਾ ਕਿ ਜਿਹੜੇ ਲੋਕ ਦਾ ਦਾਅਵਾ ਹੈ ਕਿ ਇਹ ਹਮੇਸ਼ਾ ਅਕਾਲੀ ਦਲ ਦੇ ਵਫਾਦਾਰ ਸਿਪਾਹੀ ਰਹੇ ਹਨ ।ਪਰ ਉਹਨਾਂ ਨੂੰ ਯਾਦ ਕਰਵਾਉਣਾ ਚਾਹੁੰਦਾ ਹਾਂ ਕਿ ਕੁੱਝ ਸਮਾਂ ਪਹਿਲਾਂ ਹੀ ਸਿਆਸੀ ਸਵਾਰਥਾਂ ਵਾਸਤੇ ਯਾਨੀ ਐਮ.ਸੀ.ਡੀ. ਦੀ ਟਿਕਟ ਲੈਣ ਵਾਸਤੇ ਇਹ ਅਕਾਲੀ ਦਲ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਗਏ ਸੀ । ਇਨ੍ਹਾਂ ਨੂੰ ਜਨਤਕ ਤੌਰ 'ਤੇ ਦੱਸਣਾ ਚਾਹੀਦਾ ਹੈ ਕਿ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਣ ਸਮੇਂ ਇਨ੍ਹਾਂ ਦੀ ਅਕਾਲੀ ਦਲ ਨਾਲ ਵਫਾਦਾਰੀ ਕਿੱਥੇ ਚਲੀ ਗਈ ਸੀ ? ਫਿਰ ਜਦੋਂ ਆਮ ਆਦਮੀ ਪਾਰਟੀ ਤੋਂ ਟਿਕਟ ਨਹੀਂ ਮਿਲੀ ਤਾਂ ਇਹ ਦੁਬਾਰਾ ਅਕਾਲੀ ਦਲ ਵਿਚ ਆ ਗਏ ਤੇ ਖ਼ੁੱਦ ਨੂੰ ਵਫਾਦਾਰ ਸਿਪਾਹੀ ਦੱਸਣ ਲੱਗ ਪਏ ।ਇਸ ਲਈ ਇਹ ਲੋਕ ਹੁਣ ਆਪਣੀਆਂ ਨਿੱਜੀ ਲਾਲਸਾਵਾਂ ਨੂੰ ਪੂਰੀਆਂ ਕਰਨ ਲਈ ਹੋਰ ਰਾਹ ਲੱਭ ਰਹੇ ਹਨ । ਪਰ ਸੰਗਤ ਨੂੰ ਆਪਣੇ ਸੱਚੇ ਹੋਣ ਦਾ ਭੁਲੇਖਾ ਪਾਉਣਾ ਚਾਹੁੰਦੇ ਹਨ ।ਪਰ ਦਿੱਲੀ ਦੀ ਸਿੱਖ ਸੰਗਤ ਇਹਨਾਂ ਲੋਕਾਂ ਦੇ ਦੋਹਰੇ ਕਿਰਦਾਰਾਂ ਨੂੰ ਬਹੁਤ ਚੰਗੀ ਤਰ੍ਹਾਂ ਸਮਝਦੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਦੇ ਬੁੱਤਾਂ ਦੀ

# ਬੇਅਦਬੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਜਸਵੀਰ ਸਿੰਘ ਗੜ੍ਹੀ



**ਸੰਗਰੂਰ (ਰਣਜੀਤ ਸਿੰਘ ਪੇਧਨੀ )** -ਸਥਾਨਕ ਪਰਲ ਪੈਲੇਸ ਵਿਚ ਡਾ ਬੀ ਆਰ ਅੰਬੇਡਕਰ ਵੈਲਫ਼ੇਅਰ ਐਂਡ ਚੈਰੀਟੇਬਲ ਮੰਚ, ਗਰੀਬ ਸਮਾਜ ਸੇਵਾ ਸਿੱਖਿਆ ਅਤੇ ਸੰਘਰਸ਼ ਸੰਮਤੀ ਅਤੇ ਬੇਜ਼ਮੀਨੇ ਲੋਕ ਸੰਗਰੂਰ ਵੱਲੋਂ ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ 134ਵਾਂ ਜਨਮ ਦਿਨ ਉਤਸ਼ਾਹ ਪੂਰਵਕ ਮਨਾਇਆ ਗਿਆ। ਇਸ ਮੌਕੇ ਤੇ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਸ.ਜਸਵੀਰ ਸਿੰਘ ਗੜ੍ਹੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਨੇ ਭਾਰਤੀ ਸੰਵਿਧਾਨ ਦਾ ਨਿਰਮਾਣ ਕਰਕੇ ਸਾਰੇ ਦੇਸ਼ ਨੂੰ ਇਕ ਸੂਤਰ ਵਿੱਚ ਪਰੋਇਆ ਹੈ ਅਤੇ ਉਨਾਂ ਭਾਰਤ ਦੇ ਹਰੇਕ ਨਾਗਰਿਕ ਨੂੰ ਸੰਵਿਧਾਨ ਰਾਹੀਂ ਬਰਾਬਰਤਾ ਦੇ ਹੱਕ ਪ੍ਰਦਾਨ ਕਰਵਾਏ। ਉਨਾਂ ਸੰਵਿਧਾਨ ਦੀ ਰਚਨਾ ਕਰ ਕੇ ਦੇਸ਼ ਦੀ ਤਰੱਕੀ ਵਿਚ ਵੱਡਾ ਯੋਗਦਾਨ ਪਾਇਆ ਹੈ ਸਿੱਟੇ ਵਜੋਂ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਅੱਗੇ ਵਧਣ ਦਾ ਮੌਕਾ ਮਿਲਿਆ ਹੈ। ਸਮਾਗਮ ਦੀ ਆਰੰਭਤਾ ਮੰਚ ਸੰਚਾਲਕ ਕਰਮਜੀਤ ਸਿੰਘ ਹਰੀਗੜ੍ਹ ਦੇ ਸਵਾਗਤੀ ਭਾਸ਼ਣ ਨਾਲ ਹੋਈ, ਇਸ ਮੌਕੇ ਤੇ ਵੱਖ-ਵੱਖ ਬੁਲਾਰਿਆਂ ਨੇ ਡਾਕਟਰ ਅੰਬੇਡਕਰ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ । ਮਿਸ਼ਨਰੀ ਗਾਇਕ ਪ੍ਰਗਟ ਬਟੂਆ ਨੇ ਮਿਸ਼ਨਰੀ ਗੀਤ ਅਤੇ ਬੱਚਿਆਂ ਵਲੋਂ ਬਾਬਾ ਸਾਹਿਬ ਦੇ ਜੀਵਨ ਅਧਾਰਿਤ ਕੋਰੀਆ ਗਰਾਫੀ ਕੀਤੀ ਗਈ। ਇਸ ਮੌਕੇ ਤੇ ਉਪਰੋਕਤ ਤੋਂ ਇਲਾਵਾ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਗੁਲਜ਼ਾਰ ਸਿੰਘ ਬੌਬੀ,ਸਮਾਜ ਸੇਵੀ ਭਾਨ ਸਿੰਘ ਜੱਸੀ, ਐਡਵੋਕੇਟ ਜਗਸੀਰ ਸਿੰਘ ਥਲੇਸਾਂ, ਸਹਾਇਕ ਜ਼ਿਲ੍ਹਾ ਅਟਾਰਨੀ ਕਿਰਨਪਾਲ ਕੌਰ, ਬਾਬਾ ਰਾਜਵਿੰਦਰ ਸਿੰਘ ਟਿੱਬਾ, ਭਾਈ ਮੱਖਣ ਸਿੰਘ, ਅੰਬੇਡਕਰ ਮਜ਼ਦੂਰ ਚੇਤਨਾ ਮੰਚ ਪੰਜਾਬ ਦੇ ਪ੍ਰਧਾਨ ਕਰਨੈਲ ਸਿੰਘ ਨੀਲੋਵਾਲ, ਮਾਸਟਰ ਗੁਰਜੰਟ ਸਿੰਘ ਕੌਹਰੀਆਂ, ਰਾਮ ਸਿੰਘ ਬਾਲੀਆਂ, ਹੈਪੀ ਲਿੱਧੜਾਂ , ਗੁਰਮੀਤ ਹਰੀਗੜ੍ਹ, ਸਤਨਾਮ ਸਿੰਘ ਤੂਰ ਬੰਜਾਰਾ, ਜਰਨੈਲ ਸਿੰਘ ਬਹਾਦਰਪੁਰ, ਬਿੱਕਰ ਸਿੰਘ ਚੱਠਾ, ਚਰਨਜੀਤ ਕੌਰ, ਮਲਕੀਤ ਕੌਰ, ਸਰਬਜੀਤ ਕੌਰ ਅਤੇ ਮੁੱਖ ਅਧਿਆਪਕ ਹਰਤੇਜ ਸਿੰਘ ਕੌਹਰੀਆਂ ਨੇ ਵੀ ਸੰਬੋਧਨ ਕੀਤਾ ਅਤੇ ਅੰਬੇਡਕਰੀ ਦੀਪ ਦੇ ਸੰਪਾਦਕ ਦਰਸ਼ਨ ਸਿੰਘ ਬਾਜਵਾ ਵੱਲੋਂ ਕਿਤਾਬਾਂ ਦੀ ਪ੍ਰਦਰਸ਼ਨੀ ਲਗਾਈ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

### ਦਾਤਾ ਬੰਦੀ ਛੋੜ ਪਬਲਿਕ ਸਕੂਲ ਨੇ

# ਫਾਇਰ ਸਰਵਿਸ ਹਫਤਾ ਮਨਾਇਆ



**ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ, 20 ਅਪ੍ਰੈਲ**-ਭਾਈ ਗੁਰਇਕਬਾਲ ਸਿੰਘ ਅਤੇ ਭਾਈ ਅਮਨਦੀਪ ਸਿੰਘ ਜੀ ਦੀ ਸਰਪ੍ਰਸਤੀ ਹੇਠ ਚੱਲ ਰਿਹਾ ਇਲਾਕੇ ਦਾ ਨਾਮਵਰ ਵਿਦਿਅਕ ਅਦਾਰਾ ਦਾਤਾ ਬੰਦੀ ਛੋੜ ਪਬਲਿਕ ਸਕੂਲ ਵਿਖੇ ਏ.ਡੀ.ਐਫ.ਓ ਹੈੱਡ ਕੁਆਰਟਰ ਜੀ ਦੇ ਹੁਕਮਾਂ ਅਨੁਸਾਰ ਪੰਜਾਬ ਫਾਇਰ ਐਂਡ ਐਮਰਜੈਂਸੀ ਸਰਵਿਸ ਰਾਜਾਸਾਂਸੀ ਦੀ ਟੀਮ ਨੇ ਵਿਦਿਆਰਥੀਆਂ,ਅਧਿਆਪਕਾਂ ਅਤੇ ਹੋਰ ਪੈਰਾਮਿਲਟਰੀ ਸਟਾਫ ਨੂੰ ਫਾਇਰ ਸੇਫਟੀ ਬਾਰੇ ਜਾਗਰੂਕ ਕੀਤਾ। ਫਾਇਰ ਸੇਫਟੀ ਟੀਮ ਨੇ ਬੱਚਿਆਂ ਨੂੰ ਅੱਗ ਲੱਗਣ ਦੇ ਅਲੱਗ ਅਲੱਗ ਕਾਰਨਾਂ ਬਾਰੇ ਦੱਸਿਆ ਅਤੇ ਉਸ ਉਸ ਤੋਂ ਬਚਾਓ ਕਿਵੇਂ ਕੀਤਾ ਜਾ ਸਕਦਾ ਹੈ।ਉਹਨਾਂ ਵਿਦਿਆਰਥੀਆਂ ਨੂੰ ਦੱਸਿਆ ਕਿਵੇਂ ਅਸੀਂ ਆਪਣੀ ਅਤੇ ਹੋਰ ਲੋਕਾਂ ਦੀ ਜਾਨ ਬਚਾ ਸਕਦੇ ਹਾਂ।ਇਸ ਮੌਕੇ ਕਾਰਜ ਸਾਧਕ ਅਫਸਰ ਨੇ ਦੱਸਿਆ ਇਹ ਹਫਤਾ ਫਾਇਰ ਸੇਫਟੀ ਵਜੋਂ ਮਨਾਇਆ ਜਾ ਰਿਹਾ ਹੈ। ਇਹ ਹਫਤਾ 1944 ਨੂੰ ਮੁੰਬਈ ਡੋਕਯਾਰਡ ਅੱਗ ਦੁਰਘਟਨਾ ਦੌਰਾਨ ਸ਼ਹੀਦ ਹੋਏ ਫਾਇਰ ਕਰਮੀਆਂ ਅਤੇ 20 ਨਵੰਬਰ 2017 ਸੂਫੀਆ ਚੌਂਕ ਲੁਧਿਆਣਾ ਦੌਰਾਨ ਸ਼ਹੀਦ ਹੋਏ ਫਾਇਰ ਕਰਮੀਆਂ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ।ਉਹਨਾਂ ਦੱਸਿਆ ਡਿਪਾਰਟਮੈਂਟ ਦਾ ਮੁੱਖ ਉਦੇਸ਼ ਲੋਕਾਂ ਨੂੰ ਅੱਗ ਲੱਗਣ ਤੇ ਅਤੇ ਉਸਦੇ ਬਚਾਅ ਕਾਰਜਾਂ ਤੋਂ ਜਾਗਰੂਕ ਕਰਨਾ ਹੈ। ਉਹਨਾਂ ਕਿਹਾ ਕਿਸੇ ਵੀ ਤਰ੍ਹਾਂ ਦੀ ਐਮਰਜੰਸੀ ਲਈ ਫਾਇਰ ਬ੍ਰਿਗੇਡ ਦੇ ਫੋਨ ਨੰਬਰ 101,01832541111 ਤੇ ਸੰਪਰਕ ਕੀਤਾ ਜਾ ਸਕਦਾ ਹੈ।ਇਸ ਮੌਕੇ ਪ੍ਰਿੰਸੀਪਲ ਆਰਤੀ ਸੂਦ ਨੇ ਕਾਰਜ ਸਾਧਕ ਅਫਸਰ ਸ੍ਰੀ ਅਰੁਣ ਸੈਨੀ, ਜੋਗਿੰਦਰ ਸਿੰਘ ਫਾਇਰਮੈਨ,ਮਾਨਕ ਕਨੌਜੀਆ ਫਾਇਰਮੈਨ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਗਹਿਰੀ ਮੰਡੀ ਵਿਖੇ ਧੰਨ ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ ਦੀ ਮੀਟਿੰਗ ਹੋਈ



**ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ 20 ਅਪ੍ਰੈਲ**-ਪਿੰਡ ਗਹਿਰੀ ਮੰਡੀ ਵਿਖੇ ਭਾਈ ਮਨਜੀਤ ਸਿੰਘ ਪ੍ਰਧਾਨ ਦੀ ਅਗਵਾਈ ਵਿੱਚ ਇੱਕ ਹੰਗਾਮੀ ਮੀਟਿੰਗ ਕੀਤੀ ਗਈ, ਜਿਸ ਵਿੱਚ,ਪ੍ਰਧਾਨ ਹਰਵਿੰਦਰ ਸਿੰਘ ਫੌਜੀ,ਸਰਪੰਚ ਹਰਜੀਤ ਸਿੰਘ ਵਡਾਲਾ ਜੌਹਲ, ਜਥੇਦਾਰ ਕਰਤਾਰ ਸਿੰਘ, ਸਤਨਾਮ ਸਿੰਘ ਆਦਿ ਪਿੰਡ ਗਹਿਰੀ ਮੰਡੀ ਵਿਖੇ ਸੰਗਤ ਦੇ ਸੱਦੇ ਤੇ ਸੁਸਾਇਟੀ ਦੀ ਸਾਰੀ ਟੀਮ ਵਲੋ ਸੰਗਤ ਨਾਲ ਵਿਚਾਰਾ ਕੀਤੀਆ ਗਈਆ ਸੰਗਤ ਨੂੰ ਸੁਸਾਇਟੀ ਦੇ ਚੱਲ ਰਹੇ ਕਾਰਜਾਂ ਬਾਰੇ ਜਾਣੂ ਕਰਵਾਇਆ ਗਿਆ- ਜਿਵੇ ਹਲਕਾ ਜੰਡਿਆਲਾ ਗੁਰੂ ਲਈ ਫ੍ਰੀ ਐਮਬੂਲੈਂਸ ਸੇਵਾ,ਰਾਸ਼ਨ ਸੇਵਾ,ਧੀਆ ਦੇ ਵਿਆਹ ਕਾਰਜਾਂ ਵਿੱਚ ਸ਼ਗਨ ਸੇਵਾ,ਬਿਮਾਰੀ ਵਾਲੇ ਵਿਅਕਤੀ ਲਈ ਦਵਾ ਦਾਰੂ ਲਈ ਮਾਲੀ ਸਹਾਇਤਾ,ਵਿਧਵਾ ਭੈਣਾਂ ਲਈ ਮਾਲੀ ਸਹਾਇਤਾ,ਗਰੀਬ ਬੱਚਿਆ ਦੀ ਸਕੂਲ ਫੀਸ ਕਾਪੀਆਂ ਕਿਤਾਬਾਂ ਦੀ ਸੇਵਾ,ਜਿੰਨਾ ਬੱਚਿਆ ਨੇ ਆਰਮੀ ਤੇ ਪੁਲਿਸ ਫਾਰਮ ਭਰੇ ਹੋਏ ਹੁੰਦੇ ਹਨ ਓਨਾ ਬੱਚਿਆ ਦੀ ਫ੍ਰੀ ਫਿਜ਼ੀਕਲ ਟ੍ਰੇਨਿਗ ਸੇਵਾ,ਜੋ ਬੱਚੇ ਰਿਟਨ ਐਗਜੈਮ ਦੀ ਤਿਆਰੀ ਕਰ ਰਹੇ ਹਨ ਕਲਾਸਾਂ ਲਗਾਉਣ ਲਈ 50 ਪਰਸੈਂਟ ਫ਼ੀਸ ਸੁਸਾਇਟੀ ਵਲੋ ਦਿੱਤੀ ਹੈ ਏਨਾ ਸਾਰੀਆ ਸੇਵਾਵਾ ਬਾਰੇ ਸੰਗਤ ਨੂੰ ਦਸਿਆ ਗਿਆ ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਭਰ ਦੇ ਸਾਰੇ ਪਿੰਡਾਂ ਦੇ ਛੱਪੜਾਂ ਦੀ ਸ.ਫਾਈ ਕਰਵਾਈ ਜਾਵੇਗੀ -ਹਰਭਜਨ ਸਿੰਘ ਈ ਟੀ ਓ



**ਜੰਡਿਆਲਾ ਗੁਰੂ, 20 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਗਲੇ ਕੁਝ ਹ.ਫਤਿਆਂ ਵਿੱਚ ਸੂਬੇ ਦੇ ਸਾਰੇ ਪਿੰਡਾਂ ਦੇ ਕਰੀਬ 15000 ਛੱਪੜਾਂ ਦੀ ਸ.ਫਾਈ ਕਰਨ ਲਈ ਤਿਆਰ ਹੈ। ਇਸ ਸਬੰਧੀ ਕਾਰਜ ਪੰਜਾਬ ਦੇ ਕਈ ਪਿੰਡਾਂ ਵਿੱਚ ਸ਼ੁਰੂ ਵੀ ਹੋ ਚੁੱਕੇ ਹਨ। ਇਹ ਜਾਣਕਾਰੀ ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਪਿੰਡ ਮੀਰਾ ਚੱਕ ਵਿਖੇ ਸਰਪੰਚ ਨਿਰਮਲ ਸਿੰਘ ਦੇ ਗ੍ਰਹਿ ਵਿਖੇ ਇਕੱਤਰ ਹੋਏ ਲੋਕਾਂ ਨਾਲ ਗੱਲਬਾਤ ਕਰਦਿਆਂ ਸਾਂਝੀ ਕੀਤੀ ।ਉਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਛੱਪੜਾਂ ਦੀ ਸਾ.ਫ ਸ.ਫਾਈ ਦਾ ਕੰਮ ਸ਼ੁਰੂ ਕੀਤਾ ਹੈ, ਜਿਨ੍ਹਾਂ ਨੂੰ ਪਿਛਲੀਆਂ ਸਰਕਾਰਾਂ ਨੇ ਅਣਗੌਲਿਆ ਕੀਤਾ ਸੀ ਅਤੇ ਪਿਛਲੇ 15-25 ਸਾਲਾਂ ਤੋਂ ਇਨ੍ਹਾਂ ਦੀ ਨਾ ਤਾਂ ਕੋਈ ਸਾਰ ਲਈ ਗਈ ਸੀ ਅਤੇ ਨਾ ਹੀ ਕੋਈ ਸਾਂਭ-ਸੰਭਾਲ ਕੀਤੀ ਗਈ ਸੀ। ਬਹੁਤੇ ਛੱਪੜਾਂ ਦੀ ਦਹਾਕਿਆਂ ਤੋਂ ਸ.ਫਾਈ ਨਹੀਂ ਕੀਤੀ ਗਈ। ਅਜਿਹੇ ਛੱਪੜ ਓਵਰਫਲੋਅ ਹੋ ਜਾਂਦੇ ਹਨ ਤੇ ਪਿੰਡਾਂ ਵਿੱਚ ਗੰਦੇ ਪਾਣੀ ਦੀ ਬਦਬੂ ਆਉਂਦੀ ਹੈ ਅਤੇ ਮੱਛਰਾਂ ਦੀ ਭਰਮਾਰ ਹੋ ਜਾਂਦੀ ਹੈ ਪਰ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਇਨ੍ਹਾਂ ਹਾਲਾਤਾਂ ਨੂੰ ਬਦਲਣ ਜਾ ਰਹੀ ਹੈ।ਉਹਨਾਂ ਨੇ ਕਿਹਾ ਕਿ ਸੂਬੇ ਦੇ ਬਹੁਤੇ ਪਿੰਡਾਂ ਵਿੱਚ ਛੱਪੜਾਂ ਦੀ ਸ.ਫਾਈ ਕਰਨ ਅਤੇ ਗੰਦਾ ਪਾਣੀ ਕੱਢਣ ਦਾ ਕੰਮ ਸ਼ੁਰੂ ਹੋ ਗਿਆ ਹੈ। ਜਲਦੀ ਹੀ ਸਾਰੇ ਪਿੰਡਾਂ ਨੂੰ ਕਵਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਦੀ ਪ੍ਰਾਥਮਿਕਤਾ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਵਿੱਚ ਸੁਧਾਰ ਕਰਨਾ ਹੈ, ਜਿਸ ਤਹਿਤ ਪਿੰਡਾਂ ਦੇ ਛੱਪੜਾਂ ਦੀ ਮੁਰੰਮਤ, ਰੱਖ-ਰਖਾਅ ਅਤੇ ਸਾਂਭ-ਸੰਭਾਲ ਅਤੇ ਖੇਡ ਮੈਦਾਨਾਂ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਥਾਪਰ/ਸੀਚੇਵਾਲ ਮਾਡਲ ਰਾਹੀਂ ਪਿੰਡਾਂ ਵਿੱਚ ਸੀਵਰੇਜ ਟ੍ਰੀਟਮੈਂਟ ਸਹੂਲਤਾਂ ਯਕੀਨੀ ਬਣਾਈਆਂ ਜਾ ਰਹੀਆਂ ਹਨ। ਉਹਨਾਂ ਇਸ ਮੌਕੇ ਪਿੰਡ ਵਾਸੀਆਂ ਨਾਲ ਪਿੰਡ ਵਿੱਚ ਕਰਵਾਏ ਜਾਣ ਵਾਲੇ ਵਿਕਾਸ ਕੰਮਾਂ ਦੇ ਵੇਰਵੇ ਸਾਂਝੇ ਕੀਤੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸੀਨੀਅਰ ਸਿਟੀਜਨ ਫੋਰਮ ਫਿਰੋਜ਼ਪੁਰ ਕਾਰਜਕਾਰਨੀ ਦੀ ਮੀਟਿੰਗ ਹੋਈ



**ਫਿਰੋਜ਼ਪੁਰ 20 ਅਪ੍ਰੈਲ (ਮਨੋਹਰ ਲਾਲ)**: ਅੱਜ ਸੀਨੀਅਰ ਸਿਟੀਜਨ ਫੋਰਮ ਫਿਰੋਜ਼ਪੁਰ ਕਾਰਜਕਾਰਨੀ ਦੀ ਮੀਟਿੰਗ ਕ੍ਰਿਸ਼ਨਾ ਹੋਟਲ ਅੰਦਰੂਨ ਦਿੱਲੀ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਸ਼੍ਰੀ ਪ੍ਰਦੀਪ ਧਵਨ ਪਰਧਾਨ ਜੀ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਕਾਰਜਕਾਰਨੀ ਦੇ ਆਹੁਦੇਦਾਰ ਅਤੇ ਮੈਂਬਰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ ਇਸ ਸਮੇਂ ਵੱਖ ਵੱਖ ਬੁਲਾਰਿਆਂ ਨੇ ਵਾਤਾਵਰਣ ਦੀ ਸੰਭਾਲ ਲਈ ਪੌਦੇ ਲਾਉਣ ਅਤੇ ਅਵਾਰਾ ਕੁੱਤਿਆਂ ਅਤੇ ਅਵਾਰਾ ਪਸ਼ੂਆਂ ਸਬੰਧੀ ਪ੍ਰਸ਼ਾਸ਼ਨ ਨੂੰ ਪੱਤਰ ਲਿਖਣ ਫਿਰੋਜ਼ਪੁਰ ਤੋਂ ਨਵੀਂ ਦਿੱਲੀ ਲਈ ਹੋਰ ਰੇਲ ਗੱਡੀ ਚਲਾਉਣ ਲਈ ਰੇਲਵੇ ਅਧਿਕਾਰੀਆਂ ਨੂੰ ਪਤਰ ਲਿੱਖਣ ਸਬੰਧੀ ਸਹਿਮਤੀ ਦਿੱਤੀ ਅਖੀਰ ਵਿੱਚ ਪ੍ਰਧਾਨ ਜੀ ਨੇ ਸਮੂਹ ਹਾਜਰ ਸਾਥੀਆਂ ਦੇ ਆਏ ਸੁਝਾਉ ਮੰਨਦਿਆਂ ਦਸਿਆ ਕਿ ਜਲਦੀ ਹੀ ਸਬੰਧਤ ਅਧਿਕਾਰੀਆਂ ਨੂੰ ਪੱਤਰ ਲਿਖੇ ਜਾਣਗੇ। ਇਸ ਸਮੇਂ ਸ਼੍ਰੀ ਪਰਦੀਪ ਧਵਨ ਪ੍ਰਧਾਨ, ਐੱਸਪੀ ਖੇੜਾ ਚੇਅਰਮੈਨ, ਸਤੀਸ਼ ਪੂਰੀ ਸੀਨੀਅਰ ਮੀਤ ਪ੍ਰਧਾਨ। ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਦੇਸ਼ ਬੰਧੂ ਤੁਲੀ, ਸ਼ਾਮ ਲਾਲ ਕੱਕੜ, ਤਿਲਕ ਰਾਜ ਏਰੀ, ਅਸ਼ੋਕ ਕੱਕੜ, ਰਾਕੇਸ਼ ਸ਼ਰਮਾ, ਸ਼ਿਵ ਕੁਮਾਰ, ਡਾਕਟਰ ਸੁਰਿੰਦਰ ਸਿੰਘ, ਸੁਰਿੰਦਰ ਬਲਾਸੀ, ਪ੍ਰਵੀਨ ਤਲਵਾੜ, ਗਤਿੰਦਰ ਕਮਲ, ਸਤੀਸ਼ ਪੁਰੀ,ਸੁਰਿੰਦਰ ਬੇਰੀ, ਪ੍ਰੇਮ ਕੁਮਾਰ, ਚਰਨਜੀਤ ਮਹਾਜਨ, ਜੋਗਿੰਦਰ ਕਾਕੜ, ਮੋਹਿੰਦਰ ਸਿੰਘ ਧਾਲੀਵਾਲ, ਰਮਨ ਕੁਮਾਰ ਸ਼ਰਮਾ, ਰਮੇਸ਼ ਅਗਰਵਾਲ ਅਤੇ ਅਸ਼ੋਕ ਕਾਪਾਹੀ ਆਦਿ ਨੇ ਸੰਬੋਧਨ ਕੀਤਾ। ਸੀਨੀਅਰ ਸਿਟੀਜਨ ਫੋਰਮ ਫਿਰੋਜ਼ਪੁਰ ਵਲੋਂ ਇਹ ਵੀ ਮੰਗ ਕੀਤੀ ਗਈ ਹੈ ਕਿ ਫ਼ਿਰੋਜ਼ਪੁਰ ਤੋਂ ਹਰਦੁਆਰ ਲਈ ਵੀ ਰੇਲ ਗੱਡੀ ਚਲਾਈ ਜਾਵੇ।

ਪੰਜਵੇਂ ਗੁਰੂ ਦੇ ਪ੍ਰਕਾਸ਼ ਦਿਹਾੜੇ, ਨੌਵੇਂ ਗੁਰੂ ਦੀ ਸ਼ਹੀਦੀ ਸ਼ਤਾਬਦੀ ਤੇ ਖਾਲਸੇ ਦੇ ਸਾਜਨਾ ਦਿਵਸ ਨੂੰ ਸਮਰਪਿਤ

# 16 ਲੜੀਵਾਰ ਅਖੰਡ ਪਾਠਾਂ ਦੇ ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ : ਬਾਬਾ ਸੁਖਵਿੰਦਰ ਸਿੰਘ



**ਜੰਡਿਆਲਾ ਗੁਰੂ, 20 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਫਿਲੌਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਇੱਕ ਵੱਡਾ ਗੁਰਮਤਿ ਸਮਾਗਮ ਕਰਵਾਇਆ ਗਿਆ ਅਖੰਡ ਪਾਠਾਂ ਦੇ ਭੋਗ ਪਾਏ ਗਏ ਧਾਰਮਿਕ ਦੀਵਾਨ ਸਜਾਏ ਗਏ ਧਾਰਮਿਕ ਬੁਲਾਰਿਆਂ ਅਖੰਡ ਪਾਠ ਸ਼ਰਧਾਲੂਆਂ ਤੇ ਹੋਰ ਪੰਥਕ ਸ਼ਖਸ਼ੀਅਤਾਂ ਦਾ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਸੀਰੀ ਪਾਓ ਦੇ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਮਾਗਮ ਦੀਆਂ ਹਾਜ਼ਰੀਆਂ ਭਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ ਉਹਨਾਂ ਭਾਈ ਖਾਲਸਾ ਨੇ ਦੱਸਿਆ ਗੁਰਮਤਿ ਸਮਾਗਮ ਸਬੰਧੀ ਪਰਸੋਂ ਦੇ ਰੋਜ਼ ਤੋਂ ਗੁਰਦੁਆਰਾ ਸਾਹਿਬ ਵਿਖੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 8 ਸੰਪਟ ਦੋ ਸਮੇਤ ਜਪੁਜੀ ਸਾਹਿਬ ਟੋਟਲ 11 ਲੜੀਵਾਰ ਅਖੰਡ ਪਾਠ ਸਾਹਿਬ ਸ਼ਰਧਾਲੂਆਂ ਵੱਲੋਂ ਅਰੰਭ ਕਰਵਾਏ ਗਏ ਸਨ, ਭਾਈ ਖਾਲਸਾ ਨੇ ਅੱਜ ਸਮੂਹ ਅਖੰਡ ਪਾਠਾਂ ਦੇ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਨਾਮੇ ਦੀ ਕਥਾ ਵਿਚਾਰ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਸ੍ਰਵਣ ਕਰਵਾਉਣ ਤੋਂ ਉਪਰੰਤ ਗੁਰਮਤਿ ਸਮਾਗਮ ਦੀ ਅਰੰਭਤਾ ਹੋਈ ਜਿਸ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਰਵਿੰਦਰ ਸਿੰਘ, ਭਾਈ ਗੁਰਪ੍ਰੀਤ ਸਿੰਘ ਤੇ ਭਾਈ ਓਂਕਾਰ ਸਿੰਘ ਦੇ ਕੀਰਤਨੀ ਜਥੇ ਨੇ ਕਲਜੁਗ ਮਹਿ ਕੀਰਤਨ ਪ੍ਰਧਾਨਾ ਸ਼ਬਦ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਲਵਾਈ, ਇਸ ਮੌਕੇ ਤੇ ਕਥਾ ਵਿਚਾਰ ਕਰਦਿਆਂ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਨੇ ਕਿਹਾ ਸਮੂਹ ਸੰਗਤਾਂ ਨੂੰ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਲੱਖ ਲੱਖ ਵਧਾਈਆਂ ਹੋਣ, ਉਹਨਾਂ ਕਿਹਾ ਪੰਜਵੇਂ ਪਾਤਸ਼ਾਹ ਜਿਥੇ ਆਦਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਥਾਪਕ ਹਨ ਉਥੇ ਉਨ੍ਹਾਂ ਨੇ ਮਹਾਂਨ ਕੁਰਬਾਨੀ ਦਿੱਤੀ ਤੇ ਸੰਗਤਾਂ ਨੂੰ ਭਾਣਾ ਮੰਨਣ ਨਾਲ ਜੋੜਿਆ, ਭਾਈ ਖਾਲਸਾ ਨੇ ਦੱਸਿਆ ਗੁਰਮਤਿ ਸਮਾਗਮ ਵਿੱਚ ਦਰਜਨ ਦੇ ਲਗਭਗ ਪੰਥ ਦੇ ਨਾਮਵਰ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਤੇ ਕਥਾਵਾਚਕਾ ਤੋਂ ਇਲਾਵਾ ਸੰਤਾਂ ਮਹਾਪੁਰਸ਼ਾਂ ਵੱਲੋਂ ਵੀ ਹਾਜ਼ਰੀ ਲਵਾਈ ਤੇ ਸੰਗਤਾਂ ਨੂੰ ਜਿਥੇ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਵਿਸਥਾਰ ਨਾਲ ਚਾਨਣਾ ਪਾਇਆ ਉਥੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਸਬੰਧੀ ਸੰਗਤਾਂ ਨੂੰ ਜਾਗਰੂਕ ਕਰਨ ਦੇ ਨਾਲ-ਨਾਲ ਗੁਰਬਾਣੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਨਾਲ ਸਿੱਖੀ ਦੇ ਸੁਨਹਿਰੀ ਵਿਰਸੇ ਇਤਿਹਾਸ ਨਾਲ ਜੋੜਨ ਲਈ ਢੁਕਵੇਂ ਉਪਰਾਲੇ ਕੀਤੇ, ਭਾਈ ਖਾਲਸਾ ਨੇ ਸਮੂਹ ਅਖੰਡ ਪਾਠ ਸ਼ਰਧਾਲੂਆਂ, ਧਾਰਮਿਕ ਬੁਲਾਰਿਆ ਤੇ ਸ਼ਖ਼ਸੀਅਤਾਂ ਦਾ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ, ਡਾਕਟਰ ਅਮਰਜੋਤ ਸਿੰਘ ਸੰਧੂ, ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ ਤੇ ਭਾਈ ਜਸਬੀਰ ਸਿੰਘ ਗਰੇਵਾਲ ਲੁਧਿਆਣਾ ਨੇ ਸਾਂਝੇ ਤੌਰ ਤੇ ਸਨਮਾਨਿਤ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ , ਇਸ ਮੌਕੇ ਲੰਗਰ ਤਿਆਰ ਕਰਵਾਉਣ ਲਈ ਦੋ ਦਰਜਨ ਤੋਂ ਵੱਧ ਬੀਬੀਆਂ ਨੇ ਬੀਬੀ ਕਰਮਜੀਤ ਕੌਰ ਸੰਧੂ ਦੀ ਅਗਵਾਈ ਹੇਠ ਬਾਖੂਬੀ ਨਾਲ ਸੇਵਾ ਨਿਭਾਈ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਬਾਣੀ ਰਿਸਰਚ ਫਾਊਂਡੇਸ਼ਨ ਵੱਲੋਂ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਵਾਸਤੇ

# 'ਗੁਰਬਾਣੀ ਕੰਠ ਚੇਤਨਾ ਲਹਿਰ' ਦਾ ਅਗਲਾ ਪੜਾਅ ਹੋਇਆ ਸੰਪੂਰਨ

ਨਵੀਂ ਦਿੱਲੀ 20 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਧਾਰਮਿਕ ਸੰਸਥਾ 'ਗੁਰਬਾਣੀ ਰਿਸਰਚ ਫਾਊਂਡੇਸ਼ਨ ਵੱਲੋਂ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਵਾਸਤੇ ਵਿਸ਼ੇਸ਼ ਉਪਰਾਲਾ ਕੀਤਾ ਜਾ ਰਿਹਾ ਹੈ, ਜਿਸ ਦੇ ਅਗਲੇ ਪੜਾਅ ਦੀ ਸੰਪੂਰਨਤਾ ਗੁਰਦੁਆਰਾ ਸਿੰਘ ਸਭਾ ਅਸ਼ੋਕ ਨਗਰ ਵਿਖ਼ੇ ਹੋਈ ਹੈ ।ਅਜ ਦੇ ਪੜਾਅ ਵਿਚ ਬੱਚਿਆਂ ਨੇ ਵੱਡਾ ਉਤਸ਼ਾਹ ਦਿਖਾਂਦਿਆਂ ਵੱਖ ਵੱਖ ਪੜਾਵਾਂ ਅੰਦਰ ਗੁਰਬਾਣੀ ਦੇ ਪਾਠ ਕੰਠ ਸੁਣਾ ਕੇ ਉਨ੍ਹਾਂ ਨੂੰ ਮਿਲਣ ਵਾਲੇ ਇਨਾਮਾਂ ਲਈ ਟੋਕਨ ਦੀ ਪ੍ਰਾਪਤੀ ਕੀਤੀ, ਇਸ ਮੌਕੇ ਬੱਚਿਆਂ ਦਾ ਉਤਸ਼ਾਹ ਦੇਖਣ ਵਾਲਾ ਸੀ ਜੋ ਕਿ ਆਪ ਮੂਹਰੇ ਵੱਧ ਚੜ੍ਹ ਕੇ ਬਾਣੀ ਨੂੰ ਕੰਠ ਸੁਣਾਉਣ ਲਈ ਹਿੱਸਾ ਲੈ ਰਹੇ ਸੀ ਤੇ ਉਨ੍ਹਾਂ ਦੇ ਨਾਲ ਉਨ੍ਹਾਂ ਦੇ ਪਰਿਵਾਰਿਕ ਮੈਂਬਰ ਵੀ ਹਾਜਿਰ ਹੋ ਕੇ ਉਨ੍ਹਾਂ ਦਾ ਉਤਸ਼ਾਹ ਦੇਖ ਰਹੇ ਸਨ । ਇਸ ਮੌਕੇ ਗੁਰਬਾਣੀ ਰਿਸਰਚ ਫਾਊਂਡੇਸ਼ਨ ਦੇ ਚੇਅਰਮੈਨ ਪਰਮਜੀਤ ਸਿੰਘ ਵੀਰਜੀ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਦੀ ਕਵਾਇਦ ਤਹਿਤ 'ਗੁਰਬਾਣੀ ਕੰਠ ਚੇਤਨਾ ਲਹਿਰ' ਪ੍ਰੋਗਰਾਮ ਕਰਾਇਆ ਜਾ ਰਿਹਾ ਹੈ। ਇਸ ਗੁਰਬਾਣੀ ਕੰਠ ਚੇਤਨਾ ਲਹਿਰ ਪ੍ਰੋਗਰਾਮ ਵਿਚ 4 ਤੋਂ 18 ਸਾਲ ਦੇ ਬੱਚੇ ਹਿੱਸਾ ਲੈ ਸਕਣਗੇ ਜੋ ਵੱਖ ਵੱਖ ਗਰੁੱਪਾਂ ਲਈ ਤੈਅ ਕੀਤੀਆਂ ਬਾਣੀਆ ਕੰਠ ਕਰਕੇ ਸੁਣਾਉਣਗੇ। ਇਨਾਮਾਂ ਦਾ ਜ਼ਿਕਰ ਕਰਦਿਆਂ ਪਰਮਜੀਤ ਸਿੰਘ ਵੀਰਜੀ ਨੇ ਦੱਸਿਆ ਕਿ ਪਹਿਲਾ ਇਨਾਮ ਗੇਅਰ ਵਾਲੀ ਸਾਈਕਲ (5 ਇਨਾਮ), ਦੂਜਾ ਇਨਾਮ ਆਈ ਪੈਡ (7 ਇਨਾਮ), ਤੀਜਾ ਇਨਾਮ ਮੋਬਾਇਲ ਫੋਨ (10 ਇਨਾਮ), 5 ਵਾਂ ਇਨਾਮ ਸਮਾਰਟ ਰਿਸਟ ਵਾਚ (15 ਇਨਾਮ) ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਬੱਚਿਆਂ ਲਈ ਤਿੰਨ ਗਰੁੱਪ ਬਣਾਏ ਗਏ ਹਨ ਅਤੇ ਤਿੰਨਾਂ ਗਰੁੱਪਾਂ ਵਾਸਤੇ ਵੱਖ ਵੱਖ ਬਾਣੀਆ ਕੰਠ ਕਰਨਾ ਨਿਰਧਾਰਿਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਵਿਚ ਹਿੱਸਾ ਲੈਣ ਲਈ 26 ਅਪ੍ਰੈਲ ਤੱਕ ਰਜਿਸਟ੍ਰੇਸ਼ਨ ਕਰਾਉਣੀ ਜ਼ਰੂਰੀ ਹੈ ।ਉਨ੍ਹਾਂ ਦਸਿਆ ਕਿ ਅਗਲਾ ਅੰਤਿਮ ਪੜਾਅ 27 ਅਪ੍ਰੈਲ ਨੂੰ ਹੋਣਾ ਹੈ ਤੇ ਇਸ ਵਿਚ ਵੀ ਇਸ ਪ੍ਰੋਗਰਾਮ ਅੰਦਰ ਹਿੱਸਾ ਲੈਣ ਵਾਲਿਆਂ ਕੋਲੋਂ ਗੁਰਬਾਣੀ ਨੂੰ ਕੰਠ ਸੁਣਿਆ ਜਾਏਗਾ ਉਪਰੰਤ 4 ਮਈ ਨੂੰ ਦਿੱਲੀ ਹਾਟ ਦੇ ਐਕਸਪੋਜੀਸ਼ਨ ਹਾਲ ਵਿਖੇ ਇੱਕ ਵੱਡਾ ਪ੍ਰੋਗਰਾਮ ਕਰਵਾ ਕੇ ਜੇਤੂ ਬੱਚਿਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਮੁੱਖ ਪ੍ਰਬੰਧਕ ਭਾਈ ਪਰਮਜੀਤ ਸਿੰਘ ਵੀਰਜੀ ਦੇ ਨਾਲ ਬੀਬੀ ਰਵਿੰਦਰ ਕੌਰ, ਬੀਬੀ ਬਲਵਿੰਦਰ ਕੌਰ, ਅਮਰਜੀਤ ਸਿੰਘ ਹੀਰਾ, ਜਸਵਿੰਦਰ ਸਿੰਘ, ਦਲਜੀਤ ਸਿੰਘ, ਗੁਰਵਿੰਦਰ ਸਿੰਘ ਕੋਹਾਟ ਇਨਕਲੇਵ, ਹਰਜੋਤ ਸ਼ਾਹ ਸਿੰਘ ਸਮੇਤ ਬਹੁਤ ਸਾਰੇ ਪਤਵੰਤੇ ਸੱਜਣ ਹਾਜਿਰ ਸਨ ਜੋ ਬੱਚਿਆਂ ਕੋਲੋਂ ਗੁਰੂਬਾਣੀ ਨੂੰ ਕੰਠ ਸੁਣ ਕੇ ਉਨ੍ਹਾਂ ਨੂੰ ਮਿਲਣ ਵਾਲੇ ਇਨਾਮਾਂ ਦੀ ਸ਼੍ਰੇਣੀ ਵਿਚ ਸੂਚੀਬਧ ਰਹੇ ਸਨ।

### 4 ਮਈ ਨੂੰ ਦਿੱਲੀ ਹਾਟ ਦੇ ਐਕਸਪੋਜੀਸ਼ਨ ਹਾਲ ਵਿਖੇ ਜੇਤੂ ਬੱਚਿਆਂ ਨੂੰ ਸਨਮਾਨਿਤ ਕੀਤਾ ਜਾਵੇਗਾ



ਆਵਾਜ਼ਿ ਕੌਮ AWAZE QAUM International Newspaper & WEB TV

# ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਦੁਆਰਾ ਬਾਬਾ ਸੋਮ ਦਾਸ ਪਿੰਡ ਵਡਾਲਾ ਜੌਹਲ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ



**ਜੰਡਿਆਲਾ ਗੁਰੂ 20 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਦੁਆਰਾ ਬਾਬਾ ਸੋਮ ਦਾਸ ਪਿੰਡ ਵਡਾਲਾ ਜੋਹਲ ਵਿਖੇ ਗੁਰਦੁਆਰਾ ਸਾਹਿਬ ਜੀ ਦੀ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਧਾਰਮਿਕ ਸਮਾਗਮ ਕਰਵਾਇਆ ਗਿਆ ਪੁਰਬ ਨੂੰ ਸਮਰਪਿਤ ਤਿੰਨ ਰੋਜ਼ ਤੋਂ ਆਰੰਭ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਭੋਗ ਤੋਂ ਉਪਰੰਤ ਸ਼੍ਰੋਮਣੀ ਪ੍ਰਚਾਰਕ ਭਾਈ ਹਰਪ੍ਰੀਤ ਸਿੰਘ ਜੀ ਵਡਾਲਾ ਜੌਹਲ ਅੰਮ੍ਰਿਤਸਰ ਸਾਹਿਬ ਵਾਲਿਆਂ ਵੱਲੋਂ ਖਾਲਸਾ ਸਾਜਨਾ ਦਿਵਸ ਦੇ ਪ੍ਰਥਾਏ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੀ ਕਥਾ ਵਿਚਾਰਾਂ ਰਾਹੀਂ ਸਾਂਝ ਪਾਈ ਗਈ ਅਤੇ ਸੰਗਤਾਂ ਨੂੰ ਪੂਰੇ ਗੁਰੂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗ ਕਿ ਬਾਣੀ ਬਾਣੇ ਦੇ ਧਾਰਨੀ ਹੋਣ ਲਈ ਪ੍ਰੇਰਿਤ ਕੀਤਾ ਅਤੇ ਸਮਾਪਤੀ ਮੌਕੇ ਗੁਰਦੁਆਰਾ ਸਾਹਿਬ ਜੀ ਦੇ ਹੈੱਡ ਗ੍ਰੰਥੀ ਭਾਈ ਸਾਹਿਬ ਸਿੰਘ ਜੀ ਵੱਲੋਂ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਅਤੇ ਹੁਕਮਨਾਮੇ ਤੋਂ ਉਪਰੰਤ ਸੰਗਤਾਂ ਨੂੰ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਾਈ ਗਈ ਅਤੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਵੀ ਵਰਤਾਏ ਗਏ ਇਸ ਮੌਕੇ ਤੇ ਮਾਰਕੀਟ ਕਮੇਟੀ ਗਹਿਰੀ ਮੰਡੀ ਦੇ ਚੇਅਰਮੈਨ ਸਰਦਾਰ ਛਨਾਕ ਸਿੰਘ ਵਿਸ਼ੇਸ਼ ਤੌਰ ਤੇ ਪਹੁੰਚ ਕੇ ਸੰਗਤਾਂ ਵਿੱਚ ਹਾਜ਼ਰੀ ਭਰੀ ਅਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਉਹਨਾਂ ਨੂੰ ਗੁਰੂ ਘਰ ਦੀ ਬਖਸ਼ੀਸ਼ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਤੇ ਸਰਪੰਚ ਜਗਜੀਤ ਸਿੰਘ, ਹਰਜਿੰਦਰ ਸਿੰਘ ਥਿੰਦ, ਮੈਂਬਰ ਹਰਪ੍ਰੀਤ ਸਿੰਘ, ਮੈਂਬਰ ਲਖਵਿੰਦਰ ਸਿੰਘ, ਮੈਂਬਰ ਦਿਲਬਾਗ ਸਿੰਘ, ਮੈਂਬਰ ਕਿਰਪਾਲ ਸਿੰਘ, ਹਰਦੇਵ ਸਿੰਘ ਦੋਧੀ, ਹਰਜੀਤ ਸਿੰਘ, ਬਲਵਿੰਦਰ ਸਿੰਘ ਰਾਣਾ, ਬਲਕਾਰ ਸਿੰਘ ਆਦਿ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਪਾਕਿਸਤਾਨ ਜਾਣ ਵਾਲੀ ਸੰਗਤ 30 ਅਪ੍ਰੈਲ ਤੱਕ ਆਪਣੇ ਪਾਸਪੋਰਟ ਜਮਾ ਕਰਾਉਣ

## ਸੰਗਤਾਂ ਤੋ 1500-2000 ਲੈ ਕੇ ਵੀਜ਼ਾ ਲਗਾਉਣ ਵਾਲੇ ਠੱਗਾ ਤੋ ਲੋਕ ਰਹਿਣ ਸੁਚੇਤ- ਦਲਜੀਤ ਸਿੰਘ ਮਹਾਲਮ





ਫ਼ਿਰੋਜ਼ਪੁਰ 20 ਅਪ੍ਰੈਲ (ਮਨੋਹਰ ਲਾਲ) ਸਾਈ ਮੀਆਂ ਮੀਰ ਫਾਊਂਡੇਸ਼ਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਤੇ ਜਾਣ ਵਾਲੇ ਯਾਤਰੂਆਂ ਤੋਂ ਪਾਸਪੋਰਟ 30 ਅਪ੍ਰੈਲ ਤੱਕ ਲੈ ਰਹੀ ਹੈ ।ਸੰਗਤ ਨੂੰ ਅਪੀਲ ਹੈ ਕਿ ਉਹ ਸਾਡੀ ਸੰਸਥਾ ਦੇ ਕਿਸੇ ਵੀ ਨੇੜਲੇ ਦਫਤਰ ਵਿਚ ਆਪਣੇ ਪਾਸਪੋਰਟ ਜਮਾ ਕਰਵਾ ਸਕਦੇ ਹਨ। ਇਸ ਸਬੰਧੀਂ ਜਾਣਕਾਰੀ ਦਿੰਦਿਆ ਸਾਈ ਮੀਆਂ ਮੀਰ ਫਾਊਂਡੇਸ਼ਨ ਦੇ ਪ੍ਰਧਾਨ ਦਲਜੀਤ ਸਿੰਘ ਸਿੱਧੂ ਨੇ ਪ੍ਰੈੱਸ ਨੂੰ ਦੱਸਿਆ ਕਿ ਇਸ ਵਾਰ ਜੋ ਸੰਗਤ ਵਿਸਾਖੀ ਤੇ ਦਰਸ਼ਨ ਕਰਕੇ ਆਈ ਹੈ ਉਹਨਾਂ ਵੱਲੋਂ ਸ਼ਿਕਾਇਤ ਕੀਤੀ ਗਈ ਕਿ ਅੰਮ੍ਰਿਤਸਰ ਵਿੱਚ ਜੋ ਆਦਮੀ ਤੁਹਾਡੀ ਸੰਸਥਾ ਰਾਹੀ ਪਾਸਪੋਰਟ ਇਕੱਠੇ ਕਰ ਰਿਹਾ ਹੈ। ਉਹ ਸਾਡੇ ਕੋਲੋਂ 1500 -2000 ਰੁਪਏ ਲੈ ਰਿਹਾ ਹੈ। ਸੰਗਤ ਦੀ ਜਾਣਕਾਰੀ ਹਿਤ ਸਰਦਾਰ ਦਲਜੀਤ ਸਿੰਘ ਸਿੱਧੂ ਨੇ ਦੱਸਿਆ ਕਿ ਅਸੀਂ ਗਰੀਬ ਅਤੇ ਲੋੜਵੰਦ ਪਰਿਵਾਰਾਂ ਨੂੰ ਫਰੀ ਵੀਜੇ ਅਤੇ ਕਾਲਜਾਂ ਤੇ ਸਕੂਲਾਂ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਵੀ ਫਰੀ ਵੀਜ਼ਾ ਲਵਾ ਕੇ ਦਿੰਦੇ ਹਨ ।ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਉਹਨਾਂ ਦੀ ਸੰਸਥਾ ਗਰੀਬ ਪਰਿਵਾਰਾਂ ਨੂੰ ਹੱਥੋਂ ਪੈਸੇ ਦੇ ਕੇ ਦਰਸ਼ਨ ਕਰਨ ਲਈ ਭੇਜਦੀ ਹੈ ਅਤੇ ਆਪਣੀ ਕਿਰਤ ਕਮਾਈ ਵਿੱਚੋਂ ਦਸਵੰਧ ਕੱਢਦੇ ਹਨ। ਓਹਨਾ ਸੰਗਤਾ ਨੂੰ ਅਪੀਲ ਕਰਦਿਆ ਕਿਹਾ ਕਿ ਅੰਮ੍ਰਿਤਸਰ ਵਾਲੀ ਅਖੌਤੀ ਸੰਸਥਾ ਨਾਲ ਸਾਡਾ ਕੋਈ ਸੰਬੰਧ ਨਹੀਂ ਜੋ ਸੰਗਤ ਤੋਂ 1500-2000 ਠੱਗ ਕੇ ਅੱਗੇ ਸਾਡੀ ਸੰਸਥਾ ਰਾਹੀਂ ਫਰੀ ਵੀਜੇ ਲਵਾ ਰਹੇ ਹਨ। ਉਹਨਾਂ ਸੰਗਤ ਨੂੰ ਅਪੀਲ ਕੀਤੀ ਕਿ ਅਜਿਹੇ ਲਾਲਚੀ ਲੋਕਾਂ ਤੋਂ ਬਚਿਆ ਜਾਵੇ ਜੋ ਖੁਦ ਬਲੈਕ ਲਿਸਟ ਹਨ। ਸਾਡੀ ਸੰਸਥਾ ਪਿਛਲੇ ਕਈ ਸਾਲਾਂ ਤੋਂ ਪਾਕਿਸਤਾਨ ਦੇ ਗੁਰਧਾਮਾਂ ਦੇ ਦਰਸ਼ਨ ਦੀਦਾਰੇ ਕਰਵਾ ਰਹੀ ਹੈ ਜਿਸ ਦੇ ਸੇਵਾਦਾਰ ਲਗਭਗ ਸਾਰੇ ਪੰਜਾਬ ਵਿੱਚ ਨਿਰਸਵਾਰਥ ਸੇਵਾ ਨਿਭਾ ਰਹੇ ਹਨ ਅਤੇ ਸਾਈ ਮੀਆਂ ਮੀਰ ਜੀ ਦੇ ਦਰਬਾਰ ਲਾਹੌਰ ਦੇ ਮੁੱਖ ਸੇਵਾਦਾਰ ਸਾਈ ਅਲੀ ਰਾਜਾ ਜੀ ਤੋਂ ਆਸ਼ੀਰਵਾਦ ਪ੍ਰਾਪਤ ਹੈ ਅਤੇ ਉਹਨਾਂ ਦੇ ਦਿਸ਼ਾ ਨਿਰਦੇਸ਼ਾਂ ਹੇਠ ਕੰਮ ਕਰ ਰਹੀ ਹੈ। ਜਾਣਕਾਰੀ ਦਿੰਦਿਆਂ ਹੋਇਆਂ ਸੰਸਥਾ ਦੇ ਜਨਰਲ ਸਕੱਤਰ ਜੱਸਾ ਸਿੰਘ ਆਹਲੂਵਾਲੀਆ ਸਾਬਕਾ ਮੈਂਬਰ ਐਸ ਜੀ ਪੀ ਸੀ ਨੇ ਦੱਸਿਆ ਸਾਈ ਮੀਆ ਮੀਰ ਫਾਊਡੇਸ਼ਨ ਦੀ ਜਲਦੀ ਹੀ ਇਕ ਪੰਜਾਬ ਪੱਧਰੀ ਮੀਟਿੰਗ ਚੰਡੀਗੜ੍ਹ ਵਿਖੇ ਬੁਲਾਈ ਜਾ ਰਹੀ ਹੈ ਜਿਸ ਵਿੱਚ ਇਨਾ ਠੱਗ ਲੋਕਾਂ ਦਾ ਪਰਦਾਫ਼ਾਸ਼ ਕੀਤਾ ਜਾਵੇਗਾ ਜੋ ਸਾਈ ਮੀਆਂ ਮੀਰ ਦਰਬਾਰ ਦੇ ਨਾਮ ਤੇ ਲੋਕਾਂ ਕੋਲੋ ਪੈਸਾ ਇਕੱਠਾ ਕਰ ਰਹੇ ਹਨ। ਜਿਸ ਤਰ੍ਹਾਂ ਸਾਈ ਮੀਆਂ ਮੀਰ ਜੀ ਸਾਡੇ ਕੌਮ ਵਿੱਚ ਸਤਿਕਾਰਯੋਗ ਸ਼ਖਸ਼ੀਅਤ ਹਨ ਉਹਨਾਂ ਦੇ ਨਾਮ ਤੇ ਬਹੁਤ ਸਾਰੀਆਂ ਸੰਸਥਾਵਾਂ ਕੰਮ ਕਰ ਰਹੀਆਂ ਹਨ ਇਹ ਕਿਸੇ ਦੀ ਨਿੱਜੀ ਜਾਇਦਾਦ ਨਹੀਂ ਇਸ ਵਿੱਚ ਸੇਵਾ ਕਰਨ ਵਾਲਾ ਵਿਅਕਤੀ ਹੀ ਪ੍ਰਵਾਨ ਹੋ ਸਕਦਾ ਹੈ। ਇਸ ਮੌਕੇ ਦਲਜੀਤ ਸਿੰਘ ਸਿੱਧੂ ਨੇ ਸ਼ਰਾਰਤੀ ਅਨਸਰਾਂ ਨੂੰ ਚੇਤਾਵਨੀ ਦਿੰਦਿਆਂ ਹੋਇਆਂ ਸਖਤ ਸ਼ਬਦਾਂ ਵਿੱਚ ਹਦਾਇਤ ਕੀਤੀ ਕਿ ਉਹ ਅਜਿਹੀਆਂ ਹਰਕਤਾਂ ਤੋਂ ਬਾਜ ਆਉਣ, ਨਹੀਂ ਤਾ ਓਹਨਾ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ਉਨ੍ਹਾਂ ਕਿਹਾ ਕਿ ਸਾਈ ਮੀਆ ਮੀਰ ਜੀ ਸਿੱਖ ਕੌਮ ਦੀ ਸਤਿਕਾਰ ਯੋਗ ਸ਼ਖ਼ਸੀਅਤ ਹਨ ਓਹਨਾ ਦਾ ਨਾਮ ਕਿਸੇ ਹੋਰ ਸੰਸਥਾ ਦਾ ਪੇਟੈਂਟ ਰਾਖਵਾ ਨਹੀਂ ਹੈ। ਸਾਡੀ ਸੰਸਥਾ ਸਾਈ ਮੀਆ ਮੀਰ ਫਾਊਡੇਸ਼ਨ ਸੰਗਤਾ ਦੀ ਸਹੂਲਤ ਲਈ ਜ਼ਿਲਾ ਪੱਧਰ ਤੇ ਜਲਦੀ ਹੀ ਦਫ਼ਤਰ ਖੋਲ੍ਹਣ ਜਾ ਰਹੀ ਹੈ ਤਾ ਜੋ ਸੰਗਤਾ ਨੂੰ ਪਾਕਿਸਤਾਨ ਵਿਚਲੇ ਗੁਰੂਧਾਮਾ ਦੀ ਯਾਤਰਾ ਤੇ ਜਾਣ ਲਈ ਪਾਸਪੋਰਟ ਜਮਾ ਕਰਾਉਣ ਲਈ ਕੋਈ ਕਠਨਾਈ ਨਾ ਹੋਵੇ। ਇਸ ਤੋ ਇਲਾਵਾ ਵੀਜ਼ਾ ਲੱਗਣ ਤੋ ਬਾਅਦ ਸੰਗਤਾਂ ਦੇ ਪਾਸਪੋਰਟ ਉਹਨਾਂ ਨੂੰ ਘਰ ਤੱਕ ਪਹੁੰਚਾਉਣ ਦੀ ਸੇਵਾ ਵੀ ਕੀਤੀ ਜਾ ਰਹੀ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

# ਅੰਤਿਮ ਸੰਸਕਾਰ ਅਤੇ ਪਾਠ ਦਾ ਭੋਗ



## ਸਰਦਾਰਨੀ ਹਰਪ੍ਰੀਤ ਕੌਰ

(1951-2025)

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਰਦਾਰਨੀ ਹਰਪ੍ਰੀਤ ਕੌਰ (ਪਤਨੀ ਸ. ਪਰਮਿੰਦਰ ਸਿੰਘ ਬੱਲ, ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.), ਜੋ ਕਿ ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦਾ ਅੰਤਿਮ ਸੰਸਕਾਰ ਮਿਤੀ 29 ਅਪ੍ਰੈਲ (ਦਿਨ ਮੰਗਲਵਾਰ) ਨੂੰ ਸਵੇਰੇ10.30 ਵਜੇ Slough Crematorium, Stoke Road, Slough, SL2 5AX ਵਿਖੇ ਕੀਤਾ ਜਾਵੇਗਾ, ਜਿਸ ਉਪਰੰਤ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ 11.45 ਵਜੇ ਸ੍ਰੀ ਸਹਿਜ ਪਾਠ ਪਾਠ ਜੀ ਦੇ ਭੋਗ Sri Guru Singh Sabha Gurdwara, Slough, Sheehy Way, Slough, SL2 5SS ਵਿਖੇ ਪਾਏ ਜਾਣਗੇ।

--✶ ਭਾਣੇ ਵਿੱਚ ✶--

| | |
|---|---|
| ਸ. ਪਰਮਿੰਦਰ ਸਿੰਘ ਬੱਲ<br>ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ. | (ਪਤੀ) |
| ਹਰਮੀਤ ਸਿੰਘ ਬੱਲ | (ਪੁੱਤਰ) |
| ਜਗਜੀਤ ਕੌਰ ਜਗਦਿਓ, ਭਵਨਪ੍ਰੀਤ ਕੌਰ ਸੰਧੂ | (ਧੀਆਂ) |

ਸੰਪਰਕ : 07834327711

### ਦਿੱਲੀ ਗੁਰਦੁਆਰਾ ਕਮੇਟੀ ਵਲੋਂ

# ਲਾਲ ਕਿਲ੍ਹੇ 'ਤੇ ਮਨਾਇਆ ਗਿਆ ਦਿੱਲੀ ਫਤਿਹ ਦਿਵਸ



ਨਵੀਂ ਦਿੱਲੀ, 20 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਾਬਾ ਬਘੇਲ ਸਿੰਘ, ਬਾਬਾ ਜੱਸਾ ਸਿੰਘ ਰਾਮਗੜ੍ਹੀਆ ਤੇ ਬਾਬਾ ਜੱਸਾ ਸਿੰਘ ਆਹਲੂਵਾਲੀਆ ਦੀ ਅਗਵਾਈ ਹੇਠ ਦਿੱਲੀ ਫਤਿਹ ਦਿਵਸ ਇਤਿਹਾਸਕ ਲਾਲ ਕਿਲ੍ਹੇ 'ਤੇ ਮਨਾਇਆ ਗਿਆ। ਇਸ ਸਮਾਗਮ ਵਿਚ ਦਿੱਲੀ ਦੇ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ, ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ, ਮੈਂਬਰ ਪਾਰਲੀਮੈਂਟ ਸ੍ਰੀਮਤੀ ਕਮਲਜੀਤ ਸਹਿਰਾਵਤ, ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ, ਧਰਮ ਪ੍ਰਚਾਰ ਕਮੇਟੀ ਦੇ ਮੁਖੀ ਸਰਦਾਰ ਜਸਪ੍ਰੀਤ ਸਿੰਘ ਕਾਹਲੋਂ, ਮੀਤ ਪ੍ਰਧਾਨ ਆਤਮਾ ਸਿੰਘ ਲੁਬਾਣਾ ਤੇ ਹੋਰ ਅਹੁਦੇਦਾਰ ਤੇ ਮੈਂਬਰਾਂ ਨੇ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਦੇ ਨਾਲ ਸ਼ਮੂਲੀਅਤ ਕੀਤੀ। ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਨੇ ਕਿਹਾ ਕਿ ਬਾਬਾ ਬਘੇਲ ਸਿੰਘ, ਬਾਬਾ ਜੱਸਾ ਸਿੰਘ ਰਾਮਗੜ੍ਹੀਆ ਤੇ ਬਾਬਾ ਜੱਸਾ ਸਿੰਘ ਆਹਲੂਵਾਲੀਆ ਦੀ ਅਗਵਾਈ ਹੇਠ ਦਿੱਲੀ ਦਰਬਾਰ 'ਤੇ ਕੀਤੀ ਫਤਿਹ ਦਾ ਜਸ਼ਨ ਅੱਜ ਸਾਰੀ ਦੁਨੀਆਂ ਨੂੰ ਮਨਾਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ 1783 ਵਿਚ ਹਾਸਲ ਕੀਤੀ ਇਸ ਜਿੱਤ ਨੇ ਦਿੱਲੀ ਦਾ ਨਕਸ਼ਾ ਹੀ ਬਦਲ ਕੇ ਰੱਖ ਦਿੱਤਾ ਤੇ ਇਤਿਹਾਸ ਨੂੰ ਅਜਿਹੇ ਇਤਿਹਾਸਕ ਸਥਾਨ ਦਿੱਤੇ ਜੋ ਅੱਜ ਸਾਰੀ ਦੁਨੀਆਂ ਵਿਚ ਮਸ਼ਹੂਰ ਹਨ। ਉਹਨਾਂ ਕਿਹਾ ਕਿ ਦਿੱਲੀ ਦਾ ਮਸ਼ਹੂਰ ਮੋਰੀ ਗੇਟ ਉਸ ਇਤਿਹਾਸ ਅਸਥਾਨ 'ਤੇ ਹੈ ਜਿਸ ਥਾਂ 'ਤੇ ਮੋਰੀ ਕੱਢ ਕੇ ਖਾਲਸਾਈ ਫੌਜਾਂ ਲਾਲ ਕਿਲ੍ਹੇ ਵਿਚ ਦਾਖਲ ਹੋਈਆਂ ਤੇ ਫਤਿਹ ਦਰਜ ਕੀਤੀ। ਉਹਨਾਂ ਕਿਹਾ ਕਿ ਇਸ ਤਰੀਕੇ ਤੀਸ ਹਜ਼ਾਰੀ ਕੋਰਟ ਵਾਲੀ ਥਾਂ ਉਸ ਤੀਸ ਹਜ਼ਾਰੀ ਫੌਜ ਦੇ ਪੜਾਅ ਦਾ ਅਸਥਾਨ ਹੈ ਜਿਸ ਫੌਜ ਨੇ ਮੁਗਲ ਬਾਦਸ਼ਾਹ ਨੂੰ ਹਰਾਉਣ ਦਾ ਕੰਮ ਕੀਤਾ। ਉਹਨਾਂ ਕਿਹਾ ਕਿ ਉਹਨਾਂ ਦੀ ਖੁਸ਼ਿਕਸਮਤੀ ਹੈ ਕਿ ਉਹ ਇਸ ਇਤਿਹਾਸਕ ਦਿਹਾੜੇ ਦਾ ਹਿੱਸਾ ਬਣੇ ਹਨ ਤੇ ਮਹਾਨ ਜਰਨੈਲਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰ ਰਹੇ ਹਨ।

ਇਸ ਮੌਕੇ ਕੈਬਨਿਟ ਮੰਤਰੀ ਤੇ ਦਿੱਲੀ ਗੁਰਦੁਆਰਾ ਕਮੇਟੀ ਦੇ ਸਾਬਕਾ ਪ੍ਰਧਾਨ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਦਿੱਲੀ ਵਿਚ ਮੁਗਲ ਬਾਦਸ਼ਾਹ 'ਤੇ ਫਤਿਹ ਹਾਸਲ ਕਰਨੀ ਸਾਡੀ ਕੌਮ ਵਾਸਤੇ ਬਹੁਤ ਹੀ ਮਾਣ ਤੇ ਸਤਿਕਾਰ ਵਾਲੀ ਗੱਲ ਹੈ। ਉਹਨਾਂ ਕਿਹਾ ਕਿ ਸਾਡੇ ਮਹਾਨ ਜਰਨੈਲਾਂ ਨੇ ਇਸ ਜਿੱਤ ਨਾਲ ਸਾਬਤ ਕੀਤਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਸਿਰਜਿਆ ਖਾਲਸਾ ਨਿਰਭਊ ਤੇ ਨਿਰਵੈਰ ਹੋ ਕੇ ਜਿੱਤਾਂ ਦਰਜ ਕਰਨ ਦੇ ਸਮਰਥ ਸੀ, ਹੈ ਤੇ ਰਹੇਗਾ। ਉਹਨਾਂ ਕਿਹਾ ਕਿ ਖਾਲਸਾ ਆਪਣੇ ਆਪ ਵਿਚ ਸੰਪੂਰਨ ਹੈ ਜੋ ਗੁਰੂ ਸਾਹਿਬ ਅੱਗੇ ਨਤਮਸਤਕ ਹੋ ਕੇ ਉਸ ਅਕਾਲ ਪੁਰਖ ਦੀ ਰਜ਼ਾ ਵਿਚ ਰਾਜ਼ੀ ਰਹਿੰਦਾ ਹੈ। ਇਸ ਮੌਕੇ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਇਹ ਖੁਸ਼ੀਆਂ ਗੁਰੂ ਸਾਹਿਬ ਨੇ ਸਾਡੀ ਝੋਲੀ ਪਾਈਆਂ ਹਨ ਕਿ ਅਸੀਂ ਦਿੱਲੀ ਫਤਿਹ ਦਿਵਸ ਉਸ ਲਾਲ ਕਿਲ੍ਹੇ 'ਤੇ ਮਨਾ ਰਹੇ ਹਾਂ ਜਿਸ ਲਾਲ ਕਿਲ੍ਹੇ ਤੋਂ ਮੁਗਲ ਬਾਦਸ਼ਾਹ ਸਾਡੀ ਕੌਮ ਤੇ ਮਨੁੱਖਤਾ ਦੇ ਖਿਲਾਫ ਹੁਕਮ ਜਾਰੀ ਕਰਦੇ ਸਨ ਤੇ ਸਾਡੇ ਮਹਾਨ ਜਰਨੈਲਾਂ ਨੇ ਮੁਗਲ ਬਾਦਸ਼ਾਹ 'ਤੇ ਨਾ ਸਿਰਫ ਫਤਿਹ ਦਰਜ ਕੀਤੀ ਬਲਕਿ ਉਹਨਾਂ ਦਾ ਤਖ਼ਤ ਪੁੱਟ ਕੇ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਚਰਨਾਂ ਵਿਚ ਜਾ ਕੇ ਭੇਂਟ ਕੀਤਾ ਜੋ ਅੱਜ ਵੀ ਬੁੰਗਾ ਰਾਮਗੜ੍ਹੀਆ ਵਿਚ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਵਿਚ ਪਿਆ ਹੈ। ਉਹਨਾਂ ਕਿਹਾ ਕਿ ਸਾਡੇ ਮਹਾਨ ਜਰਨੈਲਾਂ ਨੇ ਮੁਗਲ ਬਾਦਸ਼ਾਹ ਨੂੰ ਸਾਫ ਕਰ ਦਿੱਤਾ ਸੀਕਿ ਸਾਨੂੰ ਤੁਹਾਡੀ ਸਲਤਨਤ ਵਿਚ ਕੋਈ ਦਿਲਚਸਪੀ ਨਹੀਂ ਹੈ। ਸਾਡੀ ਦਿਲਚਸਪੀ ਸਿਰਫ ਇਸ ਗੱਲ ਵਿਚ ਹੈ ਕਿ ਸਾਡੇ ਗੁਰੂ ਸਾਹਿਬਾਨ ਨਾਲ ਜੁੜੇ ਅਸਥਾਨਾਂ ਦੀ ਨਿਸ਼ਾਨਦੇਹੀ ਕਰਵਾਈ ਜਾਵੇ ਜਿਥੇ ਅਸੀਂ ਗੁਰੂ ਘਰਾਂ ਦੀ ਉਸਾਰੀ ਕਰ ਸਕੀਏ। ਉਹਨਾਂ ਕਿਹਾ ਕਿ ਇਹ ਮਹਾਨ ਜਰਨੈਲਾਂ ਦੇ ਕੀਤੇ ਉਦਮ ਸਦਕਾ ਹੀ ਹੈ ਕਿ ਅੱਜ ਅਸੀਂ ਵਿਚ ਗੁਰਦੁਆਰਾ ਸੀਸਗੰਜ ਸਾਹਿਬ, ਗੁਰਦੁਆਰਾ ਬੰਗਲਾ ਸਾਹਿਬ, ਗੁਰਦੁਆਰਾ ਰਕਾਬਗੰਜ ਸਾਹਿਬ, ਗੁਰਦੁਆਰਾ ਨਾਨਕ ਪਿਆਊ ਤੇ ਹੋਰ ਇਤਿਹਾਸਕ ਅਸਥਾਨਾਂ ਦੇ ਦਰਸ਼ਨ ਕਰ ਰਹੇ ਹਾਂ। ਉਹਨਾਂ ਕਿਹਾ ਕਿ ਇਸ ਸਭ ਸਾਡੇ ਮਹਾਨ ਜਰਨੈਲਾਂ ਵੱਲੋਂ ਕੀਤੇ ਗਏ ਉਪਰਾਲਿਆਂ ਦਾ ਨਤੀਜਾ ਹੈ। ਕਮੇਟੀ ਵੱਲੋਂ ਕੀਤੇ ਜਾਣ ਵਾਲੇ ਨਵੇਂ ਉਦਮਾਂ ਦੀ ਗੱਲ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ 1 ਜੂਨ ਤੋਂ ਗੁਰਦੁਆਰਾ ਬਾਲਾ ਸਾਹਿਬ ਵਿਚ ਲੋੜਵੰਦਾਂ ਲਈ ਅੱਖਾਂ ਦੇ ਮੁਫਤ ਅਪਰੇਸ਼ਨ ਦੀ ਸਹੂਲਤ ਸ਼ੁਰੂ ਕੀਤੀ ਜਾ ਰਹੀ ਹੈ ਜਿਸ ਸਦਕਾ ਲੋਕ ਪ੍ਰਾਈਵੇਟ ਹਸਪਤਾਲਾਂ ਵਿਚ ਲੱਖਾਂ ਰੁਪਏ ਖਰਚ ਕਰਨ ਦੀ ਥਾਂ ਮੁਫਤ ਵਿਚ ਆਪਣੀਆਂ ਅੱਖਾਂ ਦੇ ਅਪਰੇਸ਼ਨ ਕਰਵਾ ਸਕਣਗੇ। ਉਹਨਾਂ ਦੱਸਿਆ ਕਿ ਇਸ ਤੋਂ ਇਲਾਵਾ ਅਸੀਂ ਲੋੜਵੰਦ ਧੀਆਂ ਦੇ ਸਮੂਹਿਕ ਵਿਆਹਾਂ ਦੀ ਸ਼ੁਰੂਆਤ ਕਰ ਰਹੇ ਹਾਂ ਤੇ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਵਿਚ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਇਹ ਵਿਆਹ ਕਰਵਾਏ ਜਾਇਆ ਕਰਨਗੇ। ਉਹਨਾਂ ਦੱਸਿਆ ਕਿ ਇਸ ਤਰੀਕੇ ਅਸੀ. 350 ਰਾਗੀ ਸਿੰਘਾਂ ਦੀ ਟੀਮ ਬਣਾ ਰਹੇ ਹਾਂ ਜਿਹਨਾਂ ਨੂੰ ਸਿੰਘ ਸਭਾਵਾਂ ਤੇ ਹੋਰ ਸਿੱਖ ਸੰਸਥਾਵਾਂ ਆਪੋ ਆਪਣੇ ਇਲਾਕਿਆਂ ਵਿਚ ਕੀਰਤਨ ਦਰਬਾਰ ਵਾਸਤੇ ਬੁਲਾ ਸਕਣਗੇ। ਇਸ ਦੌਰਾਨ ਇਕ ਜਰਨੈਲੀ ਮਾਰਚ ਸਜਾਇਆ ਇਸ ਦੌਰਾਨ ਅੱਜ ਨਿਹੰਗ ਸਿੰਘਾਂ ਤੇ ਦਲ ਬਦਲ ਦੀਆਂ ਹੋਰ ਜਥੇਬੰਦੀਆਂ ਵੱਲੋਂ ਛੱਤਾ ਪੁੱਲ ਤੋਂ ਲਾਲ ਕਿਲ੍ਹੇ ਤੱਕ ਜਰਨੈਲੀ ਮਾਰਚ ਸਜਾਇਆ ਗਿਆ। ਇਸ ਮਾਰਚ ਵਿਚ ਘੋੜਿਆਂ, ਹਾਥੀਆਂ 'ਤੇ ਸਵਾਰ ਨਿਹੰਗ ਸਿੰਘਾਂ ਦੇ ਨਾਲ-ਨਾਲ ਹੋਰ ਪੰਥਕ ਦਲਾਂ ਦੇ ਮੈਂਬਰ ਵੀ ਸ਼ਾਮਲ ਹੋਏ ਤੇ ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ ਦੇ ਜੈਕਾਰਿਆਂ ਨਾਲ ਮਾਰਚ ਦੇਰ ਸ਼ਾਮ ਲਾਲ ਕਿਲ੍ਹੇ 'ਤੇ ਸਮਾਪਤ ਹੋਇਆ। ਸਮਾਗਮ ਵਿਚ ਦਿੱਲੀ ਗੁਰਦੁਆਰਾ ਕਮੇਟੀ ਦੇ ਅਹੁਦੇਦਾਰ, ਮੈਂਬਰ, ਵੱਖ-ਵੱਖ ਧਾਰਮਿਕ ਸ਼ਖਸੀਅਤਾਂ ਤੇ ਸੰਗਤਾਂ ਵੱਡੀ ਗਿਣਤੀ ਵਿਚ ਸ਼ਾਮਲ ਹੋਈਆਂ।

### ਸਾਨੂੰ ਸਭ ਨੂੰ ਬਾਬਾ ਨਾਨਕ ਦੇ ਸਿਧਾਂਤ ਤੇ ਸੋਚ ਅਨੁਸਾਰ ਚੱਲਣ ਦੀ ਲੋੜ-ਅਮਨ ਅਰੋੜਾ

# ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਵੱਲੋਂ ਜੋਗਿੰਦਰ ਸਿੰਘ ਦੀ ਯਾਦ 'ਚ ਕਰਵਾਏ ਸਮਾਗਮ ਮੌਕੇ ਸ਼ਿਰਕਤ

**ਰਾਜਪੁਰਾ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਤੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਹੈ ਕਿ ਰੋਜ਼ਾਨਾ ਸਪੋਕਸਮੈਨ ਅਖ਼ਬਾਰ ਦੇ ਬਾਨੀ ਅਤੇ ਉੱਚਾ ਦਰ ਬਾਬੇ ਨਾਨਕ ਦਾ ਸੰਸਥਾ ਦੇ ਸੰਸਥਾਪਕ ਸਵਰਗੀ ਜੋਗਿੰਦਰ ਸਿੰਘ ਖ਼ੁਦ ਇੱਕ ਵਿਅਕਤੀ ਨਹੀ ਬਲਕਿ ਇੱਕ ਸੰਸਥਾ ਸਨ ਅੱਜ ਪਿੰਡ ਬਪਰੌਰ ਵਿਖੇ ਉੱਚਾ ਦਰ ਬਾਬੇ ਨਾਨਕ ਦਾ ਵਿਖੇ ਜੋਗਿੰਦਰ ਸਿੰਘ ਦੀ ਯਾਦ ਵਿੱਚ ਕਰਵਾਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਜੋਗਿੰਦਰ ਸਿੰਘ ਨੇ ਆਪਣੇ ਜੀਉਂਦੇ ਜੀਅ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਫਿਲਾਸਫ਼ੀ ਨੂੰ ਪ੍ਰਚਾਰਨ ਲਈ ਬਹੁਤ ਅਹਿਮ ਯੋਗਦਾਨ ਪਾਇਆ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਸੀਮਤ ਸਾਧਨ ਹੁੰਦੇ ਹੋਏ ਵੀ ਉਨ੍ਹਾਂ ਨੇ ਦ੍ਰਿੜ ਇਰਾਦੇ ਨਾਲ ਇੱਕ ਅਜਿਹੀ ਸੰਸਥਾ ਸਥਾਪਤ ਕੀਤੀ ਜੋ ਰਹਿੰਦੀ ਦੁਨੀਆਂ ਤੱਕ ਬਾਬਾ ਨਾਨਕ ਦੇ ਕਿਰਤ ਕਰੋ ਵੰਡ ਛਕੋ ਅਤੇ ਨਾਮ ਜਪੋ ਦੇ ਸਿਧਾਂਤ ਨੂੰ ਅੱਗੇ ਵਧਾਉਂਦੀ ਰਹੇਗੀ।

ਅਮਨ ਅਰੋੜਾ ਨੇ ਕਿਹਾ ਕਿ ਸਾਨੂੰ ਸਭ ਨੂੰ ਬਾਬਾ ਨਾਨਕ ਜੀ ਦੇ ਸਿਧਾਂਤ ਤੇ ਸੋਚ ਅਨੁਸਾਰ ਚੱਲਣ ਦੀ ਲੋੜ ਹੈ ਅਤੇ ਇਹ ਸਕੂਨ ਦੀ ਗੱਲ ਹੈ ਕਿ ਮਨੁੱਖਤਾ ਤੇ ਇਨਸਾਨੀਅਤ ਦਾ ਸੰਦੇਸ਼ ਦੇਣ ਲਈ 'ਉੱਚਾ ਦਰ ਬਾਬੇ ਨਾਨਕ ਦਾ' ਸੰਸਥਾ ਨਿੱਠ ਕੇ ਕੰਮ ਕਰ ਰਹੀ ਹੈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਧਰਮ ਪਤਨੀ ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਸਵਰਗੀ ਜੋਗਿੰਦਰ ਸਿੰਘ ਦੀ ਸੋਚ ਉਹਨਾਂ ਵਲੋਂ ਸਥਾਪਿਤ ਕੀਤੀ ਗਈ ਸੰਸਥਾ ਵਿੱਚੋਂ ਨਜ਼ਰ ਆਉਂਦੀ ਹੈ ਅਤੇ ਪਤਾ ਲੱਗਦਾ ਹੈ ਕਿ ਉਹ ਸਿੱਖੀ ਸਿਧਾਂਤਾਂ ਤੇ ਸਿੱਖ ਫ਼ਿਲਾਸਫੀ ਨੂੰ ਸਮਰਪਿਤ ਸ਼ਖ਼ਸੀਅਤ ਸਨ ਉਨ੍ਹਾਂ ਕਿਹਾ ਕਿ ਉਹਨਾਂ ਨੂੰ ਬੇਸ਼ੱਕ ਮਿਲਣ ਦਾ ਮੌਕਾ ਨਹੀਂ ਮਿਲਿਆ ਪਰ ਉਨ੍ਹਾਂ ਦੀ ਸੁਪਨਤੀ ਬੀਬਾ ਜਗਜੀਤ ਕੌਰ ਅਤੇ ਸਪੁੱਤਰੀ ਨਿਮਰਤ ਕੌਰ ਨੇ ਜੋਗਿੰਦਰ ਸਿੰਘ ਦੀ ਸੋਚ ਨੂੰ ਅੱਗੇ ਵਧਾਇਆ ਹੈ ਜਿਸ ਕਰਕੇ ਉਹ ਸਦਾ ਅਮਰ ਰਹਿਣਗੇ।

ਇਸ ਮੌਕੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ , ਵਿਧਾਇਕ ਰਾਜਪੁਰਾ ਨੀਨਾ ਮਿੱਤਲ, ਪੰਜਾਬ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ, ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਏਡੀਜੀਪੀ ਏ.ਐੱਸ ਰਾਏ, ਐਸ ਡੀ ਐਮ ਅਵਿਕੇਸ਼ ਗੁਪਤਾ ਅਤੇ ਵੱਖ ਵੱਖ ਧਾਰਮਿਕ, ਰਾਜਨੀਤਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਤੇ ਸੰਗਤ ਨੇ ਸ਼ਿਰਕਤ ਕੀਤੀ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਪ੍ਰੋਫ਼ੈਸਰ ਡਾ ਨਿਵੇਦਿਤਾ ਸਿੰਘ ਤੇ ਡਾ ਅਲੰਕਾਰ ਸਿੰਘ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ।

# ਭਾਈ ਅੰਮ੍ਰਿਤਪਾਲ ਸਿੰਘ ਦੀ ਐੱਸਐੱਸਏ ਤਹਿਤ ਨਜ਼ਰਬੰਦੀ 'ਚ ਵਾਧੇ ਦੀ ਕੀਤਾ ਕਰੜੀ ਨਿੰਦਾ: ਜਥੇਦਾਰ ਕੁਲਦੀਪ ਸਿੰਘ ਗੜਗੱਜ

### ਲੋਕਤੰਤਰੀ ਪ੍ਰਣਾਲੀ ਵਿੱਚ ਅਜਿਹਾ ਵਰਤਾਰਾ ਮਨੁੱਖੀ ਅਧਿਕਾਰਾਂ ਦੀ ਵੱਡੀ ਉਲੰਘਣਾ



ਨਵੀਂ ਦਿੱਲੀ, 20 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਖਡੂਰ ਸਾਹਿਬ ਤੋਂ ਸਾਂਸਦ ਸ. ਅੰਮ੍ਰਿਤਪਾਲ ਸਿੰਘ ਦੀ ਨਜ਼ਰਬੰਦੀ ਵਿੱਚ ਐੱਸਐੱਸਏ ਤਹਿਤ ਇੱਕ ਸਾਲ ਹੋਰ ਵਾਧਾ ਕਰਨ ਉੱਤੇ ਪੰਜਾਬ ਸਰਕਾਰ ਦੀ ਇਸ ਕਾਰਵਾਈ ਦੀ ਕਰੜੀ ਨਿੰਦਾ ਕੀਤੀ ਹੈ। ਜਥੇਦਾਰ ਗੜਗੱਜ ਨੇ ਇਸ ਵਰਤਾਰੇ ਨੂੰ ਕਾਨੂੰਨ ਦੀ ਦੁਰਵਰਤੋਂ ਕਰਾਰ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਲੋਕਾਂ ਵੱਲੋਂ ਚੁਣੇ ਹੋਏ ਨੁਮਾਇੰਦੇ ਨਾਲ ਅਜਿਹਾ ਕਰ ਸਕਦੀ ਹਾ ਤਾਂ ਆਮ ਲੋਕਾਂ ਦੀ ਸਥਿਤੀ ਵਿੱਚ ਕੀ ਹਾਲ ਹੋਵੇਗਾ। ਇਸ ਮਾਮਲੇ ਸਬੰਧੀ ਅੱਜ ਸ. ਅੰਮ੍ਰਿਤਪਾਲ ਸਿੰਘ ਦੇ ਚਾਚਾ ਸ. ਸੁਖਚੈਨ ਸਿੰਘ ਸਮੇਤ ਹੋਰ ਸ਼ਖ਼ਸੀਅਤਾਂ ਨੇ ਸਕੱਤਰੇਤ ਵਿਖੇ ਪੁੱਜ ਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕੀਤੀ। ਜਥੇਦਾਰ ਗੜਗੱਜ ਨੇ ਕਿਹਾ ਕਿ ਪੰਜਾਬ ਦੀ ਸੂਬਾ ਸਰਕਾਰ ਅਤੇ ਕੇਂਦਰ ਸਰਕਾਰ ਨੂੰ ਪੰਜਾਬ ਦੇ ਲੋਕਾਂ ਦੀ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਚੁਣੇ ਗਏ ਨੁਮਾਇੰਦੇ ਵਿਰੁੱਧ ਐੱਨਐੱਸਏ ਦੀ ਕਾਰਵਾਈ ਤੁਰੰਤ ਹਟਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਅੱਜ ਸਿੱਖ ਸਰਕਾਰਾਂ ਤੋਂ ਮੰਗ ਕਰਦੇ ਹਨ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਵਾਪਰ ਰਹੀਆਂ ਬੇਅਦਬੀਆਂ ਨੂੰ ਰੋਕਣ ਲਈ ਸਖ਼ਤ ਤੇ ਵਿਸ਼ੇਸ਼ ਕਾਨੂੰਨ ਬਣਾਇਆ ਜਾਵੇ ਤਾਂ ਸਰਕਾਰਾਂ ਇਸ ਸੰਜੀਦਾ ਮਸਲੇ ਵੱਲ ਕੋਈ ਧਿਆਨ ਨਹੀਂ ਦੇ ਰਹੀਆਂ। ਪਰੰਤੂ ਜੇਕਰ ਸਿੱਖਾਂ ਨੂੰ ਦਬਾਉਣ ਦੀ ਗੱਲ ਹੋਵੇ ਤਾਂ ਐੱਸਐੱਸਏ ਵਰਗੇ ਕਠੋਰ ਕਾਨੂੰਨਾਂ ਦੀ ਦੁਰਵਰਤੋਂ ਕਰਕੇ ਉਨ੍ਹਾਂ ਨੂੰ ਲੰਮੇ ਸਮੇਂ ਤੱਕ ਜੇਲ੍ਹਾਂ ਵਿੱਚ ਨਜ਼ਰਬੰਦ ਕਰ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰੀ ਪ੍ਰਣਾਲੀ ਵਿੱਚ ਅਜਿਹਾ ਵਰਤਾਰਾ ਮਨੁੱਖੀ ਅਧਿਕਾਰਾਂ ਦੀ ਵੱਡੀ ਉਲੰਘਣਾ ਹੈ। ਜਥੇਦਾਰ ਗੜਗੱਜ ਨੇ ਇਸ ਮਾਮਲੇ ਅਤੇ ਭਾਈ ਬਲਵੰਤ ਸਿੰਘ ਰਾਜੋਆਣਾ ਸਮੇਤ ਸਾਰੇ ਬੰਦੀ ਸਿੰਘਾਂ ਦੇ ਮਾਮਲੇ ਨੂੰ ਖ਼ਾਲਸਾ ਪੰਥ ਦੀਆਂ ਸਮੂਹ ਜਥੇਬੰਦੀਆਂ ਅਤੇ ਸਿਆਸੀ ਧਿਰਾਂ ਨੂੰ ਇਕਜੁੱਟ ਹੋ ਕੇ ਨਜਿੱਠਣ ਲਈ ਆਖਿਆ। ਉਨ੍ਹਾਂ ਕਿਹਾ ਕਿ ਅੱਜ ਸਿੱਖਾਂ ਵਿੱਚ ਪੰਥਕ ਖਿੰਡਾਅ ਹੈ ਅਤੇ ਜਿੰਨਾ ਚਿਰ ਅਸੀਂ ਵੱਖੋ-ਵੱਖਰੇ ਰਾਹ ਛੱਡ ਕੇ ਇੱਕ ਨਿਸ਼ਾਨ ਸਾਹਿਬ ਹੇਠ ਇਕੱਠੇ ਨਹੀਂ ਹੁੰਦੇ ਉਦੋਂ ਤੱਕ ਅਜਿਹੇ ਨੁਕਸਾਨ ਹੁੰਦੇ ਰਹਿਣਗੇ।

ਜਥੇਦਾਰ ਗੜਗੱਜ ਨੇ ਕਿਹਾ ਕਿ ਅੱਜ ਜਦੋਂ ਅਸੀਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਦੀ ਸ਼ਤਾਬਦੀ ਮਨਾ ਰਹੇ ਹਾਂ ਤਾਂ ਸਾਡਾ ਸਾਰਿਆਂ ਦਾ ਫ਼ਰਜ਼ ਬਣਦਾ ਹੈ ਕਿ ਗੁਰੂ ਸਾਹਿਬ ਦੇ ਸਿਧਾਂਤ ਅਨੁਸਾਰ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਖਿਲਾਫ਼ ਇਕਜੁੱਟ ਹੋਈਏ। ਉਨ੍ਹਾਂ ਇਹ ਵੀ ਕਿਹਾ ਕਿ ਪਿਛਲੇ ਸਮੇਂ ਭਰਾ ਮਾਰੂ ਜੰਗ ਤਹਿਤ ਜੋ ਕੁਝ ਘਟਨਾਵਾਂ ਵਾਪਰੀਆਂ ਹਨ ਉਨ੍ਹਾਂ ਨਾਲ ਕੌਮ ਵਿੱਚ ਆਪਸੀ ਸਾਂਝ ਪੱਖੋਂ ਨੁਕਸਾਨ ਹੋਇਆ ਹੈ ਜਿਸ ਦਾ ਫਾਇਦਾ ਪੰਥ ਵਿਰੋਧੀ ਤਾਕਤਾਂ ਨੂੰ ਹੋਇਆ ਹੈ।

# ਖ਼ਾਲਸਾ ਕਾਲਜ ਵਿਖੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ



**ਅੰਮ੍ਰਿਤਸਰ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**—ਖ਼ਾਲਸਾ ਕਾਲਜ ਦੇ 'ਗੁਰਮਤਿ ਸਟੱਡੀ ਸੈਂਟਰ' ਦੇ ਸਹਿਯੋਗ ਨਾਲ 'ਸਿੱਖ ਇਤਿਹਾਸ ਖੋਜ ਕੇਂਦਰ' ਵਿਖੇ ਖ਼ਾਲਸਾ ਸਾਜਨਾ ਦਿਵਸ ਦੇ ਸਬੰਧ 'ਚ ਸਮੁੱਚੀਆਂ ਖ਼ਾਲਸਾ ਸੰਸਥਾਵਾਂ ਦੇ ਅੰਤਰ-ਕਾਲਜ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਉਕਤ ਪ੍ਰੋਗਰਾਮ ਮੌਕੇ ਖ਼ਾਲਸਾ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਨੇ ਮੁਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਡਾ. ਮਹਿਲ ਸਿੰਘ ਨੇ ਵਿਦਿਆਰਥੀਆਂ ਨੂੰ ਦਸਤਾਰ ਦੀ ਇਤਿਹਾਸਕ ਮਹੱਤਤਾ ਅਤੇ ਅਹਿਮੀਅਤ ਤੋਂ ਜਾਣੂ ਕਰਵਾਉਂਦਿਆਂ ਕਿਹਾ ਕਿ ਦਸਤਾਰ ਸਿੱਖ ਦੀ ਪਹਿਚਾਨ ਦੀ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਕੇਸਾਂ ਦੀ ਸਾਂਭ-ਸੰਭਾਲ ਲਈ ਸਿੱਖ ਲਈ ਦਸਤਾਰ ਸਜਾਉਣਾ ਲਾਜ਼ਮੀ ਹੈ। ਸਿੱਖ ਧਰਮ 'ਚ ਦਸਤਾਰ ਦਾ ਅਧਿਆਤਮਿਕ, ਸੱਭਿਆਚਾਰਕ ਅਤੇ ਸਮਾਜਿਕ ਮਹੱਤਵ ਹੈ। ਉਨ੍ਹਾਂ ਕਿਹਾ ਕਿ ਆਪਣੀਆਂ ਖ਼ਾਲਸਾਈ ਰਹੁ-ਰੀਤਾਂ ਅਤੇ ਪ੍ਰੰਪਰਾਵਾਂ ਨੂੰ ਮੁੱਖ ਰੱਖ ਕੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਵੱਖ-ਵੱਖ ਧਾਰਮਿਕ ਗਤੀਵਿਧੀਆਂ ਕਰਵਾਕੇ ਵਿਦਿਆਰਥੀਆਂ 'ਚ ਖ਼ਾਲਸਾਈ ਜਾਹੋ-ਜਲਾਲ ਨੂੰ ਬਰਕਰਾਰ ਰੱਖਦੀ ਹੈ। ਇਸ ਦੌਰਾਨ ਡਾ. ਰੰਧਾਵਾ ਨੇ ਕਿਹਾ ਕਿ ਉਕਤ ਮੁਕਾਬਲਿਆਂ 'ਚ ਖ਼ਾਲਸਾ ਸੰਸਥਾਵਾਂ ਨਾਲ ਸਬੰਧਿਤ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ (ਲੜਕੇ ਅਤੇ ਲੜਕੀਆਂ) ਨੇ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਦਸਤਾਰ ਸਜਾਉਣ ਮੁਕਾਬਲਿਆਂ 'ਚ ਲੜਕਿਆਂ 'ਚੋਂ ਖਾਲਸਾ ਕਾਲਜ ਦੇ ਜਸਕਰਨ ਸਿੰਘ, ਸਿਮਰਨ ਸਿੰਘ ਅਤੇ ਹਰਮਨ ਸਿੰਘ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਅਤੇ ਖਾਲਸਾ ਕਾਲਜ ਆਫ਼ ਲਾਅ ਦੇ ਵਿਦਿਆਰਥੀ ਸਹਿਲਪ੍ਰੀਤ ਸਿੰਘ ਨੇ ਵਿਸ਼ੇਸ਼ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਕਿਹਾ ਕਿ ਲੜਕੀਆਂ ਦੇ ਦੁਮਾਲਾ ਸਜਾਉਣ ਮੁਕਾਬਲੇ 'ਚ ਰਾਜਬੀਰ ਕੌਰ ਖ਼ਾਲਸਾ ਕਾਲਜ, ਦੂਸਰਾ ਸਥਾਨ ਨਵਪ੍ਰੀਤ ਕੌਰ ਸ੍ਰੀ ਗੁਰੂ ਤੇਗ ਬਹਾਦਰ ਕਾਲਜ ਫ਼ਾਰ ਵੂਮੈਨ ਅਤੇ ਤੀਸਰੇ ਸਥਾਨ ਮਾਇਆਦੀਪ ਕੌਰ, ਖ਼ਾਲਸਾ ਕਾਲਜ ਫ਼ਾਰ ਵੂਮੈਨ ਅਤੇ ਪਵਨਪ੍ਰੀਤ ਕੌਰ ਖ਼ਾਲਸਾ ਕਾਲਜ ਨੇ ਵਿਸ਼ੇਸ ਸਥਾਨ ਹਾਸਲ ਕੀਤਾ। ਇਸ ਮੌਕੇ ਸ: ਗੁਰਪਿੰਦਰ ਸਿੰਘ, ਸ: ਸਹਿਜਦੀਪ ਸਿੰਘ, ਡਾ. ਰਣਦੀਪ ਸਿੰਘ, ਨਵਜੋਤ ਕੌਰ ਅਤੇ ਡਾ. ਪਵਨਪ੍ਰੀਤ ਕੌਰ ਵੱਲੋਂ ਜੱਜਾਂ ਦੀ ਭੂਮਿਕਾ ਨਿਭਾਈ ਗਈ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਅਤੇ ਵਿਸ਼ੇਸ਼ ਮਹਿਮਾਨ ਗੁਰਮਤਿ ਸਟੱਡੀ ਸੈਂਟਰ ਦੇ ਇੰਚਾਰਜ਼ ਅਤੇ ਖ਼ਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਡਾ. ਇੰਦਰਜੀਤ ਸਿੰਘ ਗੋਗੋਆਣੀ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ। ਇਸ ਮੌਕੇ ਡਾ. ਹਰਦੇਵ ਸਿੰਘ, ਡਾ. ਸੁਖਪਾਲ ਸਿੰਘ, ਡਾ. ਸਮਸ਼ੇਰ ਸਿੰਘ ਆਦਿ ਵੀ ਹਾਜ਼ਰ ਸਨ।

ਗੁਰਦੁਆਰਾ ਸੈਜਲੀ ਸਟ੍ਰੀਟ ਵੁਲਵਰਹੈਂਪਟਨ ਯੂ ਕੇ ਵਿਖੇ

# ਵਿਸ਼ਾਲ ਨਗਰ ਕੀਰਤਨ ਸਜਾਏ ਗਏ


**ਇੰਗਲੈਂਡ ਦੇ ਸ਼ਹਿਰ ਵੁਲਵਰਹੈਂਪਟਨ ਵਿਖੇ ਖਾਲਸਾ ਸਾਜਨਾ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸੈਜਲੀ ਸਟ੍ਰੀਟ ਵਿਖੇ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਜਿਸ ਵਿੱਚ ਬਹੁਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਦੇਖੋ ਫੋਟੋਆਂ ਦੀ ਜ਼ਬਾਨੀ**











(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸੈਜਲੀ ਸਟ੍ਰੀਟ ਵੁਲਵਰਹੈਂਪਟਨ ਯੂ ਕੇ ਵਿਖੇ

# ਵਿਸ਼ਾਲ ਨਗਰ ਕੀਰਤਨ ਸਜਾਏ ਗਏ

**ਇੰਗਲੈਂਡ ਦੇ ਸ਼ਹਿਰ ਵੁਲਵਰਹੈਂਪਟਨ ਵਿਖੇ ਖਾਲਸਾ ਸਾਜਨਾ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸੈਜਲੀ ਸਟ੍ਰੀਟ ਵਿਖੇ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਜਿਸ ਵਿੱਚ ਬਹੁਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਦੇਖੋ ਫੋਟੋਆਂ ਦੀ ਜ਼ਬਾਨੀ**
























(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸੈਜਲੀ ਸਟ੍ਰੀਟ ਵੁਲਵਰਹੈਂਪਟਨ ਯੂ ਕੇ ਵਿਖੇ


# ਵਿਸ਼ਾਲ ਨਗਰ ਕੀਰਤਨ ਸਜਾਏ ਗਏ

ਇੰਗਲੈਂਡ ਦੇ ਸ਼ਹਿਰ ਵੁਲਵਰਹੈਂਪਟਨ ਵਿਖੇ ਖਾਲਸਾ ਸਾਜਨਾ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸੈਜਲੀ ਸਟ੍ਰੀਟ ਵਿਖੇ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਜਿਸ ਵਿੱਚ ਬਹੁਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਦੇਖੋ ਫੋਟੋਆਂ ਦੀ ਜ਼ਬਾਨੀ













ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243